


ਰੋਜ਼ਾਨਾ

# ਸ਼ਹੀਦ-ਏ-ਆਜ਼ਮ

SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ




PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 108 Chief Editor : Chowdhary Prabhjit Singh, Editor : Chhatarpal Singh 98146-32807, Tuesday 13 October 2026 Price : 2 Rs. Page : 6

## ਹਾਈ ਕੋਰਟ ਵੱਲੋਂ 'ਪੰਜਾਬ ਸਰਕਾਰ' ਨੂੰ ਅਪਰਾਧਿਕ ਮਾਣਹਾਨੀ ਦਾ ਰਸਮੀ ਨੋਟਿਸ ਜਾਰੀ; 27 ਅਕਤੂਬਰ ਤੱਕ ਮੰਗਿਆ ਜਵਾਬ

**ਚੰਡੀਗੜ੍ਹ 13 ਅਕਤੂਬਰ**
**-ਛਤਰਪਾਲ ਸਿੰਘ-**

ਪੰਜਾਬ ਦੇ 7.5 ਲੱਖ ਦੇ ਲਗਭਗ ਸਰਕਾਰੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਮਹਿੰਗਾਈ ਭੱਤੇ (41) ਅਤੇ ਮਹਿੰਗਾਈ ਰਾਹਤ (DR) ਦੇ ਬਕਾਏ ਦੀ ਅਦਾਇਗੀ ਨਾ ਕਰਨ ਦੇ ਮਾਮਲੇ ਵਿੱਚ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸਖ਼ਤ ਰੁਖ਼ ਅਪਣਾਇਆ ਹੈ। ਅਦਾਲਤੀ ਹੁਕਮਾਂ ਦੀ ਤਾਮੀਲ ਰਿਪੋਰਟ ਦਾਖ਼ਲ ਕਰਨ ਦੇ ਨਿਰਦੇਸ਼ਾਂ ਦੇ ਦੋ ਮਹੀਨਿਆਂ ਤੋਂ ਵੱਧ ਸਮੇਂ ਬਾਅਦ, ਜਸਟਿਸ ਵਿਨੋਦ ਐੱਸ. ਭਾਰਦਵਾਜ ਅਤੇ ਜਸਟਿਸ ਰਵਿੰਦਰ ਮਲਿਕ ਦੇ ਡਿਵੀਜ਼ਨ ਬੈਂਚ ਨੇ ਸੋਮਵਾਰ ਨੂੰ ਪੰਜਾਬ ਸਰਕਾਰ ਨੂੰ ਅਪਰਾਧਿਕ ਮਾਣਹਾਨੀ (Criminal Contempt) ਦਾ ਰਸਮੀ ਨੋਟਿਸ ਜਾਰੀ ਕਰ ਦਿੱਤਾ ਹੈ।




ਡਿਵੀਜ਼ਨ ਬੈਂਚ ਨੇ ਸਪੱਸ਼ਟ ਕੀਤਾ ਕਿ ਪਹਿਲਾਂ ਸੁਣਵਾਈ ਕਰ ਰਹੇ ਬੈਂਚ ਵੱਲੋਂ ਇਸ ਮਾਮਲੇ ਨੂੰ ਮਾਣਹਾਨੀ ਬੈਂਚ ਕੋਲ ਭੇਜਣਾ ਹੀ ਇਹ ਦਰਸਾਉਂਦਾ ਹੈ ਕਿ ਸਰਕਾਰ ਵੱਲੋਂ ਦਾਖ਼ਲ ਹਲਫ਼ਨਾਮੇ ਅਤੇ ਦਸਤਾਵੇਜ਼ਾਂ ਦੀ ਪ੍ਰਥਮ ਦ੍ਰਿਸ਼ਟੀ (prima facie) ਜਾਂਚ ਕੀਤੀ ਜਾ ਚੁੱਕੀ ਹੈ। ਅਦਾਲਤ ਨੇ ਇਸ ਮਾਮਲੇ 'ਚ ਸਹਾਇਤਾ ਲਈ ਸੀਨੀਅਰ ਐਡਵੋਕੇਟ ਆਰ.ਐੱਸ. ਚੀਮਾ ਨੂੰ 'ਅਮੀਕਸ ਕਿਊਰੀ' ਨਿਯੁਕਤ ਕੀਤਾ ਹੈ। ਅਦਾਲਤ ਨੇ ਪੰਜਾਬ ਸਰਕਾਰ ਨੂੰ 27 ਅਕਤੂਬਰ ਤੱਕ ਆਪਣਾ ਜਵਾਬ ਦਾਖ਼ਲ ਕਰਨ ਦੇ ਹੁਕਮ ਦਿੱਤੇ ਹਨ, ਜਦੋਂ ਕਿ ਮਾਮਲੇ ਦੀ ਅਗਲੀ ਸੁਣਵਾਈ 30 ਅਕਤੂਬਰ ਨੂੰ ਹੋਵੇਗੀ।

ਸੁਣਵਾਈ ਦੀ ਸ਼ੁਰੂਆਤ 'ਚ ਮੁਲਾਜ਼ਮਾਂ ਵੱਲੋਂ ਪੇਸ਼ ਹੋਏ ਸੀਨੀਅਰ ਐਡਵੋਕੇਟ ਸੰਜੇ ਕੌਸ਼ਲ ਅਤੇ ਚੇਤਨ ਮਿੱਤਲ ਨੇ ਦੋਸ਼ ਲਾਇਆ ਕਿ ਸਰਕਾਰ ਸੂਬੇ 'ਚ ਹੋਣ ਵਾਲੀਆਂ ਆਗਾਮੀ ਵਿਧਾਨ ਸਭਾ ਚੋਣਾਂ ਦੀ ਚੋਣ ਜ਼ਾਬਤਾ ਲੱਗਣ ਤੱਕ ਮਾਮਲੇ ਨੂੰ ਲਮਕਾਉਣਾ ਚਾਹੁੰਦੀ ਹੈ।

ਉਨ੍ਹਾਂ ਅਦਾਲਤ ਨੂੰ ਦੱਸਿਆ ਕਿ ਡੀ.ਏ. ਅਦਾਇਗੀ ਦੇ ਹੁਕਮਾਂ ਦੀ ਪਾਲਣਾ ਕਰਨ ਦੀ ਬਜਾਏ, ਸਰਕਾਰ ਨੇ 28 ਅਖ਼ਬਾਰਾਂ ਵਿੱਚ ਇਸ਼ਤਿਹਾਰ ਦਿੱਤੇ ਅਤੇ ਵਿੱਤ ਵਿਭਾਗ ਨੇ ਇੱਕ ਪੱਤਰ ਜਾਰੀ ਕਰਕੇ ਕਿਹਾ ਕਿ ਹਾਈ ਕੋਰਟ ਦਾ ਕੋਈ ਵੀ ਹੁਕਮ ਉਸ ਦੀ ਪ੍ਰਵਾਨਗੀ ਤੋਂ ਬਿਨਾਂ ਲਾਗੂ ਨਾ ਕੀਤਾ ਜਾਵੇ।

ਜ਼ਿਕਰਯੋਗ ਹੈ ਕਿ ਇਹ ਵਿਵਾਦ 8 ਅਪਰੈਲ ਦੇ ਉਸ ਫ਼ੈਸਲੇ ਤੋਂ ਸ਼ੁਰੂ ਹੋਇਆ ਸੀ, ਜਿਸ ਵਿੱਚ ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਕੇਂਦਰ ਸਰਕਾਰ ਦੀ ਤਰਜ਼ 'ਤੇ ਆਲ ਇੰਡੀਆ ਸਰਵਿਸਿਜ਼ ਦੇ ਅਧਿਕਾਰੀਆਂ ਵਾਂਗ ਹੀ ਆਪਣੇ ਮੁਲਾਜ਼ਮਾਂ ਨੂੰ ਵੀ ਡੀ.ਏ./ ਡੀ.ਆਰ. ਜਾਰੀ ਕਰਨ ਦੇ ਹੁਕਮ ਦਿੱਤੇ ਸਨ।

ਇਸ ਤੋਂ ਬਾਅਦ 3 ਅਗਸਤ ਨੂੰ ਤਤਕਾਲੀ ਚੀਫ਼ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ ਅਤੇ ਜਸਟਿਸ ਰੋਹਿਤ ਕਪੂਰ ਦੇ ਬੈਂਚ ਨੇ ਸਰਕਾਰ ਦੀਆਂ ਅਪੀਲਾਂ ਖ਼ਾਰਜ ਕਰਦਿਆਂ 15 ਦਿਨਾਂ ਦੇ ਅੰਦਰ ਬਕਾਇਆ ਅਦਾ ਕਰਨ ਦੇ ਹੁਕਮ ਦਿੱਤੇ ਸਨ।

ਇਸ ਮਾਮਲੇ ਵਿੱਚ ਪੰਜਾਬ ਦੇ ਚੀਫ਼ ਸੈਕਟਰੀ ਵੱਲੋਂ ਸੁਪਰੀਮ ਕੋਰਟ ਵਿੱਚ ਐੱਸ.ਐੱਲ.ਪੀ. ਮੁੜ ਦਾਖ਼ਲ ਕਰਨ ਸਬੰਧੀ ਦਿੱਤੇ ਗਏ ਹਲਫ਼ਨਾਮੇ ਨੂੰ ਹਾਈ ਕੋਰਟ ਨੇ ਸੁਪਰੀਮ ਕੋਰਟ ਦੀ ਰਜਿਸਟਰੀ ਰਿਪੋਰਟ ਦੇ ਆਧਾਰ 'ਤੇ ਝੂਠਾ ਪਾਇਆ ਸੀ। ਜਦੋਂ ਸਰਕਾਰ ਵੱਲੋਂ ਪੇਸ਼ ਸੀਨੀਅਰ ਐਡਵੋਕੇਟ ਵਿਕਾਸ ਸਿੰਘ ਨੇ ਚੀਫ਼ ਸੈਕਟਰੀ ਵੱਲੋਂ ਬਿਨਾਂ ਸ਼ਰਤ ਮਾਫ਼ੀ ਮੰਗਣ ਦੀ ਪੇਸ਼ਕਸ਼ ਕੀਤੀ, ਤਾਂ ਅਦਾਲਤ ਅਤੇ ਮੁਲਾਜ਼ਮਾਂ ਦੇ ਵਕੀਲਾਂ ਨੇ ਇਸ ਨੂੰ ਖ਼ਾਰਜ ਕਰਦਿਆਂ ਕਿਹਾ ਕਿ ਅਦਾਲਤੀ ਕਾਰਵਾਈ ਨੂੰ ਗੁੰਮਰਾਹ ਕਰਨ ਵਾਲੇ ਅਜਿਹੇ ਗੰਭੀਰ ਮਾਮਲੇ 'ਚ ਮੁਆਫ਼ੀ ਕਬੂਲ ਨਹੀਂ ਕੀਤੀ ਜਾ ਸਕਦੀ।

## ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਨੂੰ ਹਟਾਉਣ ਲਈ ਮਤਾ ਪਾਸ

**ਤਿਰੂਵਨੰਤਪੁਰਮ,, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦੇਸ਼ ਭਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੋਧ ਨੂੰ ਲੈ ਕੇ ਮਚੇ ਭਾਰੀ ਘਮਸਾਨ ਅਤੇ ਕਾਂਗਰਸ ਨੇਤਾ ਰਾਹੁਲ ਗਾਂਧੀ ਦੀ ਅਗਵਾਈ ਵਿੱਚ ਹੋ ਰਹੇ ਵਿਰੋਧ ਪ੍ਰਦਰਸ਼ਨਾਂ ਵਿਚਕਾਰ ਕੇਰਲਾ ਵਿਧਾਨ ਸਭਾ ਨੇ ਸੋਮਵਾਰ ਨੂੰ ਇੱਕ ਇਤਿਹਾਸਕ ਕਦਮ ਚੁੱਕਦਿਆਂ ਮੁੱਖ ਚੋਣ ਕਮਿਸ਼ਨਰ (353) ਗਿਆਨੇਸ਼ ਕੁਮਾਰ ਨੂੰ ਅਹੁਦੇ ਤੋਂ ਹਟਾਉਣ ਲਈ ਸਰਬਸੰਮਤੀ ਨਾਲ ਮਤਾ ਪਾਸ ਕਰ ਦਿੱਤਾ ਹੈ। ਮੰਨਿਆ ਜਾ ਰਿਹਾ ਹੈ ਕਿ ਦੇਸ਼ ਦੀ ਕਿਸੇ ਵਿਧਾਨ ਸਭਾ ਵਿੱਚ ਇਸ ਤਰ੍ਹਾਂ ਦਾ ਇਹ ਪਹਿਲਾ ਮਤਾ ਪਾਸ ਕੀਤਾ ਗਿਆ ਹੈ। ਇਹ ਅਹਿਮ ਮਤਾ ਮੁੱਖ ਮੰਤਰੀ ਵੀ.ਡੀ. ਸਤੀਸਨ ਵੱਲੋਂ



ਸਦਨ ਵਿੱਚ ਪੇਸ਼ ਕੀਤਾ ਗਿਆ। ਮਤੇ ਵਿੱਚ ਤਰਕ ਦਿੱਤਾ ਗਿਆ ਹੈ ਕਿ ਵੋਟਰ ਸੂਚੀਆਂ ਦੀ ਸੋਧ ਦੌਰਾਨ ਯੋਗ ਵੋਟਰਾਂ ਦੇ ਨਾਂ ਕੱਟੇ ਜਾਣ (disenfranchisement) ਅਤੇ ਚੋਣ ਕਮਿਸ਼ਨ ਦੀ ਨਿਰਪੱਖਤਾ ਨੂੰ ਲੈ ਕੇ ਗੰਭੀਰ ਚਿੰਤਾਵਾਂ ਉੱਠੀਆਂ ਹਨ, ਜਿਨ੍ਹਾਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਮਤੇ ਰਾਹੀਂ ਮੰਗ ਕੀਤੀ ਗਈ ਹੈ ਕਿ ਵੋਟਰ ਸੂਚੀਆਂ ਵਿੱਚ ਕਥਿਤ ਬੇਨਿਯਮੀਆਂ ਨੂੰ ਤੁਰੰਤ ਦੂਰ ਕੀਤਾ ਜਾਵੇ ਅਤੇ ਗਲਤ ਢੰਗ ਨਾਲ ਹਟਾਏ ਗਏ ਸਾਰੇ ਯੋਗ ਵੋਟਰਾਂ ਦੇ ਵੋਟ ਪਾਉਣ ਦੇ ਅਧਿਕਾਰ ਨੂੰ ਬਹਾਲ ਕੀਤਾ ਜਾਵੇ।

ਇਸ ਦੇ ਨਾਲ ਹੀ, ਕੇਰਲਾ ਸਰਕਾਰ ਨੇ ਚੋਣ ਕਮਿਸ਼ਨਰਾਂ ਦੀ ਚੋਣ ਕਮੇਟੀ ਵਿੱਚ ਬਦਲਾਅ ਦੀ ਮੰਗ ਕਰਦਿਆਂ ਸੁਝਾਅ ਦਿੱਤਾ ਹੈ ਕਿ ਸੰਸਥਾ ਦੀ ਆਜ਼ਾਦੀ ਅਤੇ ਭਰੋਸੇਯੋਗਤਾ ਨੂੰ ਬਣਾਈ ਰੱਖਣ ਲਈ ਇਸ ਕਮੇਟੀ ਵਿੱਚ ਪ੍ਰਧਾਨ ਮੰਤਰੀ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਅਤੇ ਭਾਰਤ ਦੇ ਚੀਫ਼ ਜਸਟਿਸ ਨੂੰ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ।

## ਪਰਗਟ ਸਿੰਘ ਨੇ ਸੰਭਾਲਿਆ ਪੰਜਾਬ ਕਾਂਗਰਸ ਦੇ ਸੂਬਾ ਪ੍ਰਧਾਨ ਦਾ ਅਹੁਦਾ, ਇਕਜੁੱਟਤਾ ਅਤੇ ਲੋਕ ਮੁੱਦਿਆਂ 'ਤੇ ਦਿੱਤਾ ਜ਼ੋਰ

**ਚੰਡੀਗੜ੍ਹ, 13 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**

ਪੰਜਾਬ ਕਾਂਗਰਸ ਦੇ ਨਵ-ਨਿਯੁਕਤ ਸੂਬਾ ਪ੍ਰਧਾਨ ਪਰਗਟ ਸਿੰਘ ਨੇ ਚੰਡੀਗੜ੍ਹ ਦੇ ਸੈਕਟਰ-15 ਸਥਿਤ ਪੰਜਾਬ ਕਾਂਗਰਸ ਭਵਨ ਵਿਖੇ ਆਪਣਾ ਅਹੁਦਾ ਸੰਭਾਲ ਲਿਆ। ਇਸ ਮੌਕੇ ਉਨ੍ਹਾਂ ਨੇ ਪੰਜਾਬ ਦੀ ਸਿਆਸਤ ਵਿੱਚ ਲੋਕਾਂ ਨਾਲ ਜੁੜੇ ਅਸਲ ਮੁੱਦਿਆਂ ਨੂੰ ਤਰਜੀਹ ਦੇਣ, ਸਾਫ਼-ਸੁਥਰੀ ਰਾਜਨੀਤੀ ਅਪਣਾਉਣ ਅਤੇ ਪਾਰਟੀ ਨੂੰ ਸਮੂਹਿਕ ਲੀਡਰਸ਼ਿਪ ਨਾਲ ਅੱਗੇ ਵਧਾਉਣ ਦਾ ਸੰਦੇਸ਼ ਦਿੱਤਾ। ਅਹੁਦਾ ਸੰਭਾਲਣ ਦੇ ਸਮਾਗਮ ਵਿੱਚ ਪੰਜਾਬ ਕਾਂਗਰਸ ਦੇ ਇੰਚਾਰਜ ਸਚਿਨ ਪਾਇਲਟ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸਾਬਕਾ ਸੂਬਾ ਪ੍ਰਧਾਨ ਅਤੇ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ, ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਸਮੇਤ ਕਈ ਹੋਰ ਸੀਨੀਅਰ ਕਾਂਗਰਸੀ ਆਗੂ ਮੌਜੂਦ ਰਹੇ। ਪਾਰਟੀ ਦੇ ਕਈ ਪ੍ਰਮੁੱਖ ਆਗੂਆਂ ਦੀ ਇਕੱਠੀ ਮੌਜੂਦਗੀ ਨੂੰ ਜਥੇਬੰਦਕ ਤਾਲਮੇਲ ਦੇ ਪੱਖੋਂ ਅਹਿਮ ਮੰਨਿਆ ਜਾ ਰਿਹਾ ਹੈ।

**ਪੰਜਾਬ ਦੇ ਅਸਲ ਮੁੱਦਿਆਂ ਨੂੰ ਪਹਿਲ ਦੇਣ ਦੀ ਗੱਲ**

ਅਹੁਦਾ ਸੰਭਾਲਣ ਤੋਂ ਬਾਅਦ ਪਰਗਟ ਸਿੰਘ ਨੇ ਕਿਹਾ ਕਿ ਪੰਜਾਬ ਨੂੰ



ਅਜਿਹੀ ਰਾਜਨੀਤੀ ਦੀ ਲੋੜ ਹੈ, ਜਿਸ ਵਿੱਚ ਲੋਕਾਂ ਦੀਆਂ ਸਮੱਸਿਆਵਾਂ ਅਤੇ ਸੂਬੇ ਦੀ ਬਿਹਤਰੀ ਨੂੰ ਸਭ ਤੋਂ ਵੱਧ ਮਹੱਤਵ ਦਿੱਤਾ ਜਾਵੇ। ਉਨ੍ਹਾਂ ਨੇ ਮੌਜੂਦਾ ਸਿਆਸੀ ਮਾਹੌਲ ਵੱਲ ਇਸ਼ਾਰਾ ਕਰਦਿਆਂ ਕਿਹਾ ਕਿ ਕਈ ਵਾਰ ਅਹਿਮ ਜਨਤਕ ਮੁੱਦਿਆਂ ਤੋਂ ਧਿਆਨ ਹਟਦਾ ਨਜ਼ਰ ਆਉਂਦਾ ਹੈ। ਆਪਣੇ ਸੰਬੋਧਨ ਵਿੱਚ ਉਨ੍ਹਾਂ ਨੇ ਆਪਣੇ ਸਿਧਾਂਤਾਂ ਅਨੁਸਾਰ ਰਾਜਨੀਤੀ ਕਰਨ ਦੀ ਗੱਲ ਵੀ ਦੁਹਰਾਈ। ਉਨ੍ਹਾਂ ਦੇ ਸੰਦੇਸ਼ ਤੋਂ ਇਹ ਸੰਕੇਤ ਮਿਲਿਆ ਕਿ ਉਹ ਵਿਰੋਧੀਆਂ ਦੀ ਸਿਆਸੀ ਰਣਨੀਤੀ ਦੇ ਪ੍ਰਭਾਵ ਹੇਠ ਆਉਣ ਦੀ ਬਜਾਏ ਆਪਣੀ ਨੀਤੀ ਅਤੇ ਲੋਕ ਮੁੱਦਿਆਂ ਦੇ ਆਧਾਰ 'ਤੇ ਪਾਰਟੀ ਦੀ ਸਿਆਸੀ ਦਿਸ਼ਾ ਤੈਅ ਕਰਨਾ ਚਾਹੁੰਦੇ ਹਨ।

**ਸਮੂਹਿਕ ਲੀਡਰਸ਼ਿਪ ਅਤੇ ਪਾਰਟੀ ਦੀ ਮਜ਼ਬੂਤੀ 'ਤੇ ਜ਼ੋਰ**

ਪਰਗਟ ਸਿੰਘ ਨੇ ਕਾਂਗਰਸ ਅੰਦਰ ਸਮੂਹਿਕ ਲੀਡਰਸ਼ਿਪ ਦੀ ਮਹੱਤਤਾ ਉਭਾਰਦਿਆਂ ਕਿਹਾ ਕਿ ਪਾਰਟੀ ਨੂੰ ਨਿੱਜੀ ਸਿਆਸੀ ਹਿੱਤਾਂ ਤੋਂ ਉੱਪਰ ਉੱਠ ਕੇ ਪੰਜਾਬ ਦੇ ਲੋਕਾਂ ਨਾਲ ਸਬੰਧਤ ਮੁੱਦਿਆਂ 'ਤੇ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਦੇ ਸਾਹਮਣੇ ਪਾਰਟੀ ਦੀ ਅੰਦਰੂਨੀ ਏਕਤਾ ਮਜ਼ਬੂਤ ਕਰਨ, ਸੀਨੀਅਰ ਆਗੂਆਂ ਵਿਚਕਾਰ ਤਾਲਮੇਲ ਬਣਾਉਣ ਅਤੇ ਜ਼ਮੀਨੀ ਪੱਧਰ 'ਤੇ ਵਰਕਰਾਂ ਦੀ ਸਰਗਰਮੀ ਵਧਾਉਣ ਦੀ ਅਹਿਮ ਜ਼ਿੰਮੇਵਾਰੀ ਹੋਵੇਗੀ। ਪੰਜਾਬ ਕਾਂਗਰਸ ਵਿੱਚ ਪਿਛਲੇ ਸਮੇਂ ਦੌਰਾਨ ਲੀਡਰਸ਼ਿਪ ਅਤੇ ਜਥੇਬੰਦਕ ਕੰਮਕਾਜ ਨੂੰ ਲੈ ਕੇ ਵੱਖ-ਵੱਖ ਚਰਚਾਵਾਂ ਹੁੰਦੀਆਂ ਰਹੀਆਂ ਹਨ। ਅਜਿਹੇ ਮਾਹੌਲ ਵਿੱਚ ਨਵੇਂ ਸੂਬਾ ਪ੍ਰਧਾਨ ਲਈ ਵੱਖ-ਵੱਖ ਧੜਿਆਂ ਨੂੰ ਨਾਲ ਲੈ ਕੇ ਚੱਲਣਾ ਅਤੇ ਪਾਰਟੀ ਦੇ ਸਾਂਝੇ ਏਜੰਡੇ 'ਤੇ ਸਹਿਮਤੀ ਬਣਾਉਣਾ ਮਹੱਤਵਪੂਰਨ ਰਹੇਗਾ।

**ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਹੋਏ ਨਤਮਸਤਕ**

ਅਹੁਦਾ ਸੰਭਾਲਣ ਤੋਂ ਪਹਿਲਾਂ ਪਰਗਟ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਿਖੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ। ਉਨ੍ਹਾਂ ਨੇ ਪੰਜਾਬ ਦੀ ਚੜ੍ਹਦੀ ਕਲਾ ਅਤੇ ਸੂਬੇ ਦੇ ਸੁਨਹਿਰੀ ਭਵਿੱਖ ਲਈ ਅਰਦਾਸ ਕੀਤੀ।

## ਜੋੜੀਆਂ ਭੱਠੀਆਂ ਚੌਕ ਵਿੱਚ ਜੈਕਾਰਿਆਂ ਨਾਲ ਸ੍ਰੀ ਰਾਮ ਲੀਲਾ ਦਾ ਸ਼ਾਨਦਾਰ ਆਯੋਜਨ

**ਪਟਿਆਲਾ, 13 ਅਕਤੂਬਰ**
**-ਬਲਜੀਤ ਸਰਨਾ-**

ਸ੍ਰੀ ਰਾਮ ਲੀਲਾ ਪ੍ਰਬੰਧਕ ਕਮੇਟੀ ਅਤੇ ਜੋੜੀਆਂ ਭੱਠੀਆਂ ਰੋਇਲ ਯੂਥ ਕਲੱਬ ਵੱਲੋਂ ਸ੍ਰੀ ਰਾਮ ਲੀਲਾ ਦਾ ਸ਼ਾਨਦਾਰ ਆਗਾਜ਼ ਹੋਇਆ। ਪ੍ਰਧਾਨ ਵਰੁਣ ਜਿੰਦਲ ਦੀ ਦੇਖ-ਰੇਖ ਹੇਠ 11 ਅਕਤੂਬਰ ਤੋਂ ਸ਼ੁਰੂ ਹੋਈ ਸ੍ਰੀ ਰਾਮ ਲੀਲਾ ਦਾ ਮੰਚਨ 20 ਅਕਤੂਬਰ, ਦੁਸਹਿਰੇ ਤੱਕ ਜਾਰੀ ਰਹੇਗਾ। ਇਸ ਦੌਰਾਨ ਪ੍ਰਭੂ ਸ੍ਰੀ ਰਾਮ ਦੇ ਜੀਵਨ, ਉਨ੍ਹਾਂ ਦੇ ਆਦਰਸ਼ਾਂ ਅਤੇ ਮਰਿਆਦਾ ਪੁਰਸ਼ੋਤਮ ਦੇ ਸਰੂਪ ਨੂੰ ਵੱਖ-ਵੱਖ ਧਾਰਮਿਕ ਅਤੇ ਪ੍ਰੇਰਨਾਦਾਇਕ ਪ੍ਰਸੰਗਾਂ ਰਾਹੀਂ ਬਹੁਤ ਹੀ ਸੁੰਦਰ ਅਤੇ ਭਾਵਨਾਤਮਕ ਢੰਗ ਨਾਲ ਪੇਸ਼ ਕੀਤਾ ਜਾ ਰਿਹਾ ਹੈ।

ਪ੍ਰਧਾਨ ਵਰੁਣ ਜਿੰਦਲ ਨੇ ਦੱਸਿਆ ਕਿ ਪ੍ਰਸਿੱਧ ਨਿਰਦੇਸ਼ਕ ਮੋਹਨ ਕੰਬੋਜ ਅਤੇ ਉਨ੍ਹਾਂ ਦੇ ਸਪੁੱਤਰ ਐੱਸ. ਕੁੰਤਲ ਕੰਬੋਜ ਦੇ ਨਿਰਦੇਸ਼ਨ ਹੇਠ ਸ੍ਰੀ ਰਾਮ ਲੀਲਾ ਦੇ ਪਹਿਲੇ ਦਿਨ ਵੱਖ-ਵੱਖ ਦ੍ਰਿਸ਼ਾਂ ਦਾ ਮੰਚਨ ਕੀਤਾ ਗਿਆ। ਇਨ੍ਹਾਂ ਦ੍ਰਿਸ਼ਾਂ ਵਿੱਚ ਪ੍ਰਭੂ ਸ੍ਰੀ ਰਾਮ ਦੇ ਬਾਲ ਸਰੂਪ ਨੇ ਦਰਸ਼ਕਾਂ ਨੂੰ ਮੰਤਰਮੁਗਧ ਕਰ ਦਿੱਤਾ। ਪ੍ਰਭੂ ਸ੍ਰੀ ਰਾਮ ਦੇ ਜਨਮ ਦੇ ਪ੍ਰਸੰਗ ਦੌਰਾਨ ਪੂਰਾ ਪੰਡਾਲ ਸ੍ਰੀ ਰਾਮ ਦੇ ਜੈਕਾਰਿਆਂ



ਨਾਲ ਗੂੰਜ ਉੱਠਿਆ। ਇਸ ਤੋਂ ਬਾਅਦ ਪ੍ਰਭੂ ਸ੍ਰੀ ਰਾਮ ਦੀਆਂ ਬਾਲ ਲੀਲਾਵਾਂ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਪੇਸ਼ ਕੀਤਾ ਗਿਆ। ਇਸ ਦੇ ਨਾਲ ਹੀ ਮਾਤਾ ਸੀਤਾ ਦੇ ਜਨਮ ਅਤੇ ਬਚਪਨ ਵਿੱਚ ਉਨ੍ਹਾਂ ਵੱਲੋਂ ਸ਼ਿਵ ਧਨੁਸ਼ ਚੁੱਕਣ ਦੇ ਮਨਮੋਹਕ ਦ੍ਰਿਸ਼ ਦਾ ਵੀ ਮੰਚਨ ਕੀਤਾ ਗਿਆ।

ਇਸ ਤੋਂ ਇਲਾਵਾ ਰਾਵਣ-ਨੰਦੀ ਸੰਵਾਦ ਅਤੇ ਰਾਵਣ-ਵੇਦਵਤੀ ਸੰਵਾਦ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਇਸ ਦੇ ਨਾਲ ਹੀ ਗੁਰੂ ਵਸ਼ਿਸ਼ਠ ਵੱਲੋਂ ਚਾਰੇ ਰਾਜਕੁਮਾਰਾਂ ਨੂੰ ਸਿੱਖਿਆ ਪ੍ਰਦਾਨ ਕਰਨ ਵਾਲੇ ਦ੍ਰਿਸ਼ਾਂ ਦਾ ਮੰਚਨ ਵੀ ਕੀਤਾ ਗਿਆ। ਕਲਾਕਾਰਾਂ ਨੇ ਆਪਣੇ ਦਮਦਾਰ ਅਭਿਨੈ ਰਾਹੀਂ ਦਰਸ਼ਕਾਂ ਨੂੰ ਧਾਰਮਿਕ ਅਤੇ ਸੱਭਿਆਚਾਰਕ ਪਰੰਪਰਾਵਾਂ ਨਾਲ ਜੋੜਨ ਦਾ ਉਪਰਾਲਾ ਕੀਤਾ।

ਪ੍ਰਧਾਨ ਵਰੁਣ ਜਿੰਦਲ ਨੇ ਕਿਹਾ ਕਿ ਸ੍ਰੀ ਰਾਮ ਲੀਲਾ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ ਹੈ, ਸਗੋਂ ਇਹ ਸਾਡੀਆਂ ਧਾਰਮਿਕ ਪਰੰਪਰਾਵਾਂ, ਸੱਭਿਆਚਾਰਕ ਵਿਰਾਸਤ ਅਤੇ ਜੀਵਨ ਦੇ ਮੁੱਲਾਂ ਨੂੰ ਸਮਝਣ ਦਾ ਇੱਕ ਮਹੱਤਵਪੂਰਨ ਮੌਕਾ ਵੀ ਹੈ। ਭਗਵਾਨ ਸ੍ਰੀ ਰਾਮ ਦਾ ਜੀਵਨ ਹਰੇਕ ਵਿਅਕਤੀ ਲਈ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਦੇ ਜੀਵਨ ਤੋਂ ਸਾਨੂੰ ਸੱਚ ਦੇ ਮਾਰਗ 'ਤੇ ਚੱਲਣ, ਆਪਣੇ ਫ਼ਰਜ਼ਾਂ ਨੂੰ ਇਮਾਨਦਾਰੀ ਨਾਲ ਨਿਭਾਉਣ, ਮਾਤਾ-ਪਿਤਾ ਦਾ ਸਤਿਕਾਰ ਕਰਨ, ਪਰਿਵਾਰਕ ਮੈਂਬਰਾਂ ਪ੍ਰਤੀ ਪਿਆਰ ਬਣਾਈ ਰੱਖਣ ਅਤੇ ਔਖੇ ਹਾਲਤਾਂ ਵਿੱਚ ਵੀ ਮਰਿਆਦਾ ਦੀ ਪਾਲਣਾ ਕਰਨ ਦੀ ਪ੍ਰੇਰਨਾ ਮਿਲਦੀ ਹੈ।

ਉਨ੍ਹਾਂ ਕਿਹਾ ਕਿ ਨਵੀਂ ਪੀੜ੍ਹੀ ਨੂੰ ਆਪਣੇ ਸੱਭਿਆਚਾਰ, ਧਾਰਮਿਕ ਪਰੰਪਰਾਵਾਂ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜਾਣੂ ਕਰਵਾਉਣਾ ਬਹੁਤ ਜ਼ਰੂਰੀ ਹੈ। ਸ੍ਰੀ ਰਾਮ ਲੀਲਾ ਵਰਗੇ ਧਾਰਮਿਕ ਆਯੋਜਨਾਂ ਰਾਹੀਂ ਬੱਚਿਆਂ ਅਤੇ ਨੌਜਵਾਨਾਂ ਨੂੰ ਭਾਰਤੀ ਸੱਭਿਆਚਾਰ ਦੀ ਅਮੀਰ ਵਿਰਾਸਤ ਨੂੰ ਜਾਣਨ ਅਤੇ ਸਮਝਣ ਦਾ ਮੌਕਾ ਮਿਲਦਾ ਹੈ। ਭਗਵਾਨ ਸ੍ਰੀ ਰਾਮ ਦਾ ਆਦਰਸ਼ ਜੀਵਨ ਸਾਨੂੰ ਤਿਆਗ, ਭਾਈਚਾਰੇ ਅਤੇ ਪਰਿਵਾਰਕ ਏਕਤਾ ਦਾ ਸੰਦੇਸ਼ ਦਿੰਦਾ ਹੈ। ਇਨ੍ਹਾਂ ਆਦਰਸ਼ਾਂ ਨੂੰ ਆਪਣੇ ਜੀਵਨ ਵਿੱਚ ਅਪਣਾ ਕੇ ਸਮਾਜ ਵਿੱਚ ਸਕਾਰਾਤਮਕਤਾ ਅਤੇ ਆਪਸੀ ਸਦਭਾਵਨਾ ਨੂੰ ਉਤਸ਼ਾਹਿਤ ਕੀਤਾ ਜਾ ਸਕਦਾ ਹੈ।

ਵਰੁਣ ਜਿੰਦਲ ਨੇ ਸਮੂਹ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਅਤੇ ਬੱਚਿਆਂ ਸਮੇਤ ਸ੍ਰੀ ਰਾਮ ਲੀਲਾ ਦੇਖਣ ਲਈ ਜ਼ਰੂਰ ਪਹੁੰਚਣ ਅਤੇ ਇਸ ਧਾਰਮਿਕ ਆਯੋਜਨ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ। ਉਨ੍ਹਾਂ ਕਿਹਾ ਕਿ ਜਦੋਂ ਬੱਚੇ ਆਪਣੇ ਪਰਿਵਾਰਾਂ ਨਾਲ ਅਜਿਹੇ ਧਾਰਮਿਕ ਅਤੇ ਸੱਭਿਆਚਾਰਕ ਪ੍ਰੋਗਰਾਮਾਂ ਵਿੱਚ ਸ਼ਾਮਲ ਹੁੰਦੇ ਹਨ, ਤਾਂ ਉਨ੍ਹਾਂ ਨੂੰ ਆਪਣੀਆਂ ਪਰੰਪਰਾਵਾਂ ਅਤੇ ਸੰਸਕਾਰਾਂ ਨੂੰ ਸਮਝਣ ਦਾ ਮੌਕਾ ਮਿਲਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਰਾਮ ਲੀਲਾ ਰਾਹੀਂ ਭਗਵਾਨ ਸ੍ਰੀ ਰਾਮ ਦੇ ਜੀਵਨ ਨਾਲ ਜੁੜੇ ਆਦਰਸ਼ਾਂ ਅਤੇ ਸਿੱਖਿਆਵਾਂ ਨੂੰ ਜਨ-ਜਨ ਤੱਕ ਪਹੁੰਚਾਉਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ। ਅਜਿਹੇ ਆਯੋਜਨ ਨਾ ਸਿਰਫ਼ ਧਾਰਮਿਕ ਆਸਥਾ ਨੂੰ ਮਜ਼ਬੂਤ ਕਰਦੇ ਹਨ, ਸਗੋਂ ਸਮਾਜ ਵਿੱਚ ਪਿਆਰ, ਭਾਈਚਾਰੇ, ਪਰਿਵਾਰਕ ਏਕਤਾ ਅਤੇ ਸੱਭਿਆਚਾਰਕ ਚੇਤਨਾ ਨੂੰ ਉਤਸ਼ਾਹਿਤ ਕਰਨ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਸਮੇਤ ਪਹੁੰਚ ਕੇ ਸ੍ਰੀ ਰਾਮ ਲੀਲਾ ਦਾ ਆਨੰਦ ਮਾਣਨ ਅਤੇ ਇਸ ਧਾਰਮਿਕ ਆਯੋਜਨ ਨੂੰ ਸਫ਼ਲ ਬਣਾਉਣ ਵਿੱਚ ਆਪਣਾ ਸਹਿਯੋਗ ਦੇਣ।

## ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਦਿੱਲੀ ਪੁਲਿਸ ਦੀ ਕਾਰਵਾਈ 'ਤੇ 'ਆਪ' ਦਾ ਤਿੱਖਾ ਵਿਰੋਧ, ਅਮਿਤ ਸ਼ਾਹ ਦੇ ਅਸਤੀਫ਼ੇ ਦੀ ਮੰਗ

**ਚੰਡੀਗੜ੍ਹ, 13 ਅਕਤੂਬਰ**
**-ਜੀ. ਐਸ. ਤੁੰਗ-**

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਸਿੰਘ ਪੰਨੂ ਨੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਦਿੱਲੀ ਪੁਲਿਸ ਵੱਲੋਂ ਕੀਤੀ ਗਈ ਕਾਰਵਾਈ 'ਤੇ ਸਖ਼ਤ ਇਤਰਾਜ਼ ਜਤਾਉਂਦਿਆਂ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਅਸਤੀਫ਼ੇ ਦੀ ਮੰਗ ਕੀਤੀ ਹੈ।

ਉਨ੍ਹਾਂ ਦੋਸ਼ ਲਾਇਆ ਕਿ ਗੁਰਦੁਆਰੇ ਦੇ ਅੰਦਰ ਪੁਲਿਸ ਦੀ ਕਾਰਵਾਈ ਨੇ ਸਿੱਖ ਭਾਈਚਾਰੇ ਨੂੰ ਆਪ੍ਰੇਸ਼ਨ ਬਲੂ ਸਟਾਰ ਦੀਆਂ ਦੁਖਦਾਈ ਯਾਦਾਂ ਮੁੜ ਚੇਤੇ ਕਰਵਾ ਦਿੱਤੀਆਂ ਹਨ। ਚੰਡੀਗੜ੍ਹ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਸਵਾਲ ਉਠਾਇਆ ਕਿ ਪੁਲਿਸ ਮੁਲਾਜ਼ਮ ਜੁੱਤੀਆਂ ਪਾ ਕੇ ਗੁਰਦੁਆਰਾ ਸਾਹਿਬ ਦੇ ਅੰਦਰ ਕਿਵੇਂ ਦਾਖਲ ਹੋਏ ਅਤੇ ਉੱਥੇ ਮੌਜੂਦ ਲੋਕਾਂ ਨੂੰ ਜ਼ਬਰਦਸਤੀ ਬਾਹਰ ਕੱਢਣ ਦੀ ਕਾਰਵਾਈ ਕਿਹੜੇ ਹੁਕਮਾਂ ਤਹਿਤ ਕੀਤੀ ਗਈ। ਉਨ੍ਹਾਂ ਪੁਲਿਸ ਕਾਰਵਾਈ ਦੌਰਾਨ ਇੱਕ ਸਿੱਖ ਨੌਜਵਾਨ ਦੇ ਕੱਪੜੇ ਪਾੜੇ ਜਾਣ ਦੀ ਵੀ ਨਿੰਦਾ ਕੀਤੀ।

**ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿੱਚ ਲੈਣ 'ਤੇ ਸਵਾਲ**

ਬਲਤੇਜ ਪੰਨੂ ਨੇ ਦਿੱਲੀ ਵਿੱਚ ਪ੍ਰਦਰਸ਼ਨਕਾਰੀਆਂ ਨੂੰ ਹਿਰਾਸਤ ਵਿੱਚ ਲਏ ਜਾਣ ਅਤੇ ਪ੍ਰਦਰਸ਼ਨ ਵਾਲੀ ਥਾਂ ਤੱਕ ਪਹੁੰਚਣ ਤੋਂ ਲੋਕਾਂ ਨੂੰ ਰੋਕਣ ਲਈ ਵਾਹਨਾਂ ਅਤੇ ਮੈਟਰੋ ਸੇਵਾਵਾਂ ਵਿੱਚ ਰੁਕਾਵਟਾਂ ਪੈਦਾ ਕੀਤੇ ਜਾਣ ਦੇ ਦੋਸ਼ਾਂ 'ਤੇ ਵੀ ਸਵਾਲ ਉਠਾਏ। ਉਨ੍ਹਾਂ ਕਿਹਾ ਕਿ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਹਿਰਾਸਤ ਵਿੱਚ ਲੈਣ ਦੀ ਕਾਰਵਾਈ ਸਰਕਾਰ ਦੇ ਰਵੱਈਏ ਬਾਰੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਨ੍ਹਾਂ ਗ੍ਰਿਫ਼ਤਾਰੀਆਂ ਦੇ ਪੈਮਾਨੇ ਨੂੰ ਭਵਿੱਖ ਵਿੱਚ ਐਮਰਜੈਂਸੀ ਦੇ ਦੌਰ ਵਾਂਗ 'ਨਜ਼ਰਬੰਦੀ ਦਿਵਸ' ਵਜੋਂ ਯਾਦ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰੇ ਰਵਾਇਤੀ ਤੌਰ 'ਤੇ ਹਰ ਧਰਮ ਦੇ ਲੋਕਾਂ ਨੂੰ ਬਿਨਾਂ ਕਿਸੇ ਭੇਦਭਾਵ ਦੇ ਆਸਰਾ ਅਤੇ ਲੰਗਰ ਮੁਹੱਈਆ ਕਰਵਾਉਂਦੇ ਹਨ। ਅਜਿਹੇ ਪਵਿੱਤਰ ਸਥਾਨ 'ਤੇ ਪੁਲਿਸ ਦੀ ਕਾਰਵਾਈ ਬਾਰੇ ਸਪੱਸ਼ਟ ਜਵਾਬ ਦਿੱਤਾ ਜਾਣਾ ਚਾਹੀਦਾ ਹੈ।

**ਭਾਜਪਾ ਨੂੰ ਆਪ੍ਰੇਸ਼ਨ ਬਲੂ ਸਟਾਰ ਬਾਰੇ ਘੇਰਿਆ**

'ਆਪ' ਆਗੂ ਨੇ ਭਾਜਪਾ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਪਾਰਟੀ ਪਹਿਲਾਂ ਆਪ੍ਰੇਸ਼ਨ ਬਲੂ ਸਟਾਰ ਦੇ ਮਾਮਲੇ ਵਿੱਚ ਕਾਂਗਰਸ ਦੀ ਆਲੋਚਨਾ ਕਰਦੀ ਰਹੀ ਹੈ, ਜਦੋਂ ਫੌਜ ਸ੍ਰੀ ਹਰਿਮੰਦਰ ਸਾਹਿਬ ਕੰਪਲੈਕਸ ਅਤੇ ਹੋਰ ਧਾਰਮਿਕ



ਸਥਾਨਾਂ ਵਿੱਚ ਦਾਖਲ ਹੋਈ ਸੀ। ਉਨ੍ਹਾਂ ਸਵਾਲ ਕੀਤਾ ਕਿ ਹੁਣ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਵਿਖੇ ਦਿੱਲੀ ਪੁਲਿਸ ਦੀ ਕਾਰਵਾਈ ਬਾਰੇ ਭਾਜਪਾ ਕੀ ਸਪੱਸ਼ਟੀਕਰਨ ਦੇਵੇਗੀ। ਪੰਨੂ ਨੇ ਭਾਜਪਾ ਦੇ ਸਾਬਕਾ ਆਗੂ ਐੱਲ.ਕੇ. ਅਡਵਾਨੀ ਦੀ ਕਿਤਾਬ 'ਮਾਈ ਕੰਟਰੀ, ਮਾਈ ਲਾਈਫ' ਦਾ ਹਵਾਲਾ ਵੀ ਦਿੱਤਾ। ਉਨ੍ਹਾਂ ਕਿਹਾ ਕਿ ਇਸ ਕਿਤਾਬ ਵਿੱਚ ਅਡਵਾਨੀ ਨੇ ਆਪ੍ਰੇਸ਼ਨ ਬਲੂ ਸਟਾਰ ਦੇ ਸੰਦਰਭ ਵਿੱਚ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ 'ਤੇ ਪਾਏ ਗਏ ਦਬਾਅ ਬਾਰੇ ਲਿਖਿਆ ਸੀ।

**ਐਸਜੀਪੀਸੀ ਅਤੇ ਅਕਾਲੀ ਦਲ ਦੀ ਚੁੱਪ 'ਤੇ ਇਤਰਾਜ਼**

ਬਲਤੇਜ ਪੰਨੂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਇਸ ਮਾਮਲੇ 'ਤੇ ਚੁੱਪ ਨੂੰ ਲੈ ਕੇ ਵੀ ਸਵਾਲ ਚੁੱਕੇ। ਉਨ੍ਹਾਂ ਦੋਸ਼ ਲਾਇਆ ਕਿ ਸੁਖਬੀਰ ਸਿੰਘ ਬਾਦਲ ਨੇ ਭਾਜਪਾ ਪ੍ਰਤੀ ਆਪਣੀ ਆਲੋਚਨਾ ਨਰਮ ਕਰ ਲਈ ਹੈ, ਕਿਉਂਕਿ ਉਹ ਪਾਰਟੀ ਨਾਲ ਸਿਆਸੀ ਸਮਝੌਤੇ ਦੀ ਉਮੀਦ ਕਰ ਰਹੇ ਹਨ। ਪੰਨੂ ਨੇ ਕਿਹਾ ਕਿ ਅਕਾਲੀ ਦਲ ਪਹਿਲਾਂ ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ 'ਤੇ ਭਾਜਪਾ ਦੇ ਕਬਜ਼ੇ ਦੇ ਦੋਸ਼ ਲਾਉਂਦਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਥ ਦੀ ਨੁਮਾਇੰਦਗੀ ਕਰਨ ਦਾ ਦਾਅਵਾ ਕਰਨ ਵਾਲੇ ਆਗੂਆਂ ਨੂੰ ਅਜਿਹੇ ਗੰਭੀਰ ਮਾਮਲਿਆਂ 'ਤੇ ਆਪਣਾ ਪੱਖ ਸਪੱਸ਼ਟ ਕਰਨਾ ਚਾਹੀਦਾ ਹੈ।

**ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਦਖ਼ਲ ਦੇਣ ਦੀ ਅਪੀਲ**

'ਆਪ' ਪੰਜਾਬ ਦੇ ਮੀਡੀਆ ਇੰਚਾਰਜ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਅਪੀਲ ਕੀਤੀ ਕਿ ਉਹ ਇਹ ਮਾਮਲਾ ਤੁਰੰਤ ਕੇਂਦਰੀ ਗ੍ਰਹਿ ਮੰਤਰਾਲੇ ਅਤੇ ਕੇਂਦਰ ਸਰਕਾਰ ਕੋਲ ਉਠਾਉਣ। ਉਨ੍ਹਾਂ ਮੰਗ ਕੀਤੀ ਕਿ ਗੁਰਦੁਆਰਾ ਸਾਹਿਬ ਵਿੱਚ ਪੁਲਿਸ ਕਾਰਵਾਈ ਦੇ ਹੁਕਮ ਦੇਣ ਵਾਲਿਆਂ ਦੀ ਜਵਾਬਦੇਹੀ ਤੈਅ ਕੀਤੀ ਜਾਵੇ ਅਤੇ ਇਹ ਵੀ ਸਪੱਸ਼ਟ ਕੀਤਾ ਜਾਵੇ ਕਿ ਉੱਥੋਂ ਕਿੰਨੇ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਜਾਂ ਹਿਰਾਸਤ ਵਿੱਚ ਲਿਆ ਗਿਆ। ਪੰਨੂ ਨੇ ਪੰਜਾਬ ਭਾਜਪਾ ਲੀਡਰਸ਼ਿਪ ਨੂੰ ਵੀ ਇਸ ਮਾਮਲੇ 'ਤੇ ਆਪਣਾ ਪੱਖ ਰੱਖਣ ਦੀ ਚੁਣੌਤੀ ਦਿੱਤੀ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਭਾਜਪਾ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਦੀ ਸੱਤਾ ਹਾਸਲ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਤਾਂ ਸੂਬੇ ਦੇ ਲੋਕਾਂ ਨੂੰ ਇਸ ਘਟਨਾ ਤੋਂ ਕੀ ਸੰਦੇਸ਼ ਮਿਲਦਾ ਹੈ।

**ਅਮਿਤ ਸ਼ਾਹ ਤੋਂ ਜਵਾਬਦੇਹੀ ਦੀ ਮੰਗ**

ਬਲਤੇਜ ਪੰਨੂ ਨੇ ਦੁਹਰਾਇਆ ਕਿ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਇਹ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਦੇ ਅੰਦਰ ਪੁਲਿਸ ਕਾਰਵਾਈ ਦੇ ਹੁਕਮ ਕਿਸ ਨੇ ਦਿੱਤੇ ਸਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਇਸ ਮਾਮਲੇ ਵਿੱਚ ਕੇਂਦਰੀ ਗ੍ਰਹਿ ਮੰਤਰੀ ਦੇ ਅਸਤੀਫ਼ੇ ਦੀ ਆਪਣੀ ਮੰਗ 'ਤੇ ਕਾਇਮ ਹੈ। ਉਨ੍ਹਾਂ ਅਨੁਸਾਰ, ਗੁਰਦੁਆਰਾ ਸਾਹਿਬ ਦੀ ਪਵਿੱਤਰਤਾ, ਉੱਥੇ ਮੌਜੂਦ ਲੋਕਾਂ ਨਾਲ ਕੀਤੇ ਗਏ ਵਿਹਾਰ ਅਤੇ ਪੁਲਿਸ ਕਾਰਵਾਈ ਦੇ ਫ਼ੈਸਲੇ ਬਾਰੇ ਪਾਰਦਰਸ਼ੀ ਜਵਾਬ ਦਿੱਤਾ ਜਾਣਾ ਚਾਹੀਦਾ ਹੈ।




ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com

SHAHEEDEAZAMNEWS.COM PRINT & DIGITAL MEDIA

शहीद-ए-आजम
Shaheedeazamnewsnational.com

ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ

ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ

ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ

ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ

ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ

YOUTUBE | WHATSAPP | THREAD | Twitter X | TELEGRAM | INSTAGRAM | FACEBOOK | E-Paper Shaheed-e-Azam

ਅਦਾਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

# ਸੰਪਾਦਕੀ

## ਆਧੁਨਿਕ ਯੁੱਗ ਵਿੱਚ ਘਟਦਾ ਸਿਵਿਕ ਸੈਂਸ, ਘਰ ਤੋਂ ਸੰਸਦ ਤੱਕ ਜ਼ਿੰਮੇਵਾਰੀ ਦੇ ਹਾਲਤ ਟੈਂਸ

ਜਦੋਂ ਇਨਸਾਨ ਆਪਣੇ ਹੱਕਾਂ ਪ੍ਰਤੀ ਜਾਗਰੂਕ, ਪਰ ਆਪਣੇ ਫ਼ਰਜ਼ਾਂ ਪ੍ਰਤੀ ਲਾਪਰਵਾਹ ਹੋ ਜਾਵੇ, ਤਾਂ ਸੰਕਟ ਸਿਰਫ਼ ਵਿਅਕਤੀ ਦੇ ਕਿਰਦਾਰ ਦਾ ਨਹੀਂ ਰਹਿੰਦਾ ਸਗੋਂ ਇਹ ਪੂਰੇ ਸਮਾਜ ਦੀ ਨਿੱਜੀ , ਵਿਵਸਥਾ ਅਤੇ ਭਵਿੱਖ ਦਾ ਸੰਕਟ ਬਣ ਜਾਂਦਾ ਹੈ। ਭਾਰਤ ਦੀ ਤਰੱਕੀ ਦੇ ਦਾਅਵਿਆਂ ਵਿਚਕਾਰ ਇੱਕ ਗੰਭੀਰ ਸਵਾਲ ਸਾਡੇ ਸਾਹਮਣੇ ਖੜ੍ਹਾ ਹੈ ਕੀ ਸਾਡੀ ਆਰਥਿਕ, ਤਕਨੀਕੀ ਅਤੇ ਵਿੱਦਿਅਕ ਤਰੱਕੀ ਦੇ ਅਨੁਪਾਤ ਵਿੱਚ ਸਾਡੀ ਨਾਗਰਿਕ ਸੂਝ-ਬੂਝ ਵੀ ਵਿਕਸਿਤ ਹੋ ਰਹੀ ਹੈ ? ਸਿਵਿਕ ਸੈਂਸ ਸਿਰਫ਼ ਸੜਕ 'ਤੇ ਕੂੜਾ ਨਾ ਸੁੱਟਣ ਜਾਂ ਟ੍ਰੈਫ਼ਿਕ ਨਿਯਮਾਂ ਦੀ ਪਾਲਣਾ ਕਰਨ ਤੱਕ ਸੀਮਿਤ ਨਹੀਂ। ਇਹ ਦੂਜਿਆਂ ਦੇ ਅਧਿਕਾਰਾਂ ਦਾ ਸਤਿਕਾਰ ਕਰਨ, ਜਨਤਕ ਸੰਪਤੀ ਦੀ ਰੱਖਿਆ ਕਰਨ, ਨਿਯਮਾਂ ਨੂੰ ਸਵੀਕਾਰਨ ਅਤੇ ਆਪਣੀ ਆਜ਼ਾਦੀ ਦੇ ਨਾਲ ਜ਼ਿੰਮੇਵਾਰੀ ਨਿਭਾਉਣ ਦੀ ਸਮਾਜਿਕ ਚੇਤਨਾ ਹੈ।

ਪਰਿਵਾਰ ਸਿਵਿਕ ਸੈਂਸ ਦੀ ਪਹਿਲੀ ਪਾਠਸ਼ਾਲਾ ਹੈ। ਜਦੋਂ ਘਰਾਂ ਵਿੱਚ ਬੱਚਿਆਂ ਨੂੰ ਅਨੁਸ਼ਾਸਨ ਦਾ ਉਪਦੇਸ਼ ਤਾਂ ਦਿੱਤਾ ਜਾਂਦਾ ਹੈ, ਪਰ ਮਾਪੇ ਖ਼ੁਦ ਨਿਯਮ ਤੋੜਦੇ ਹਨ, ਜਦੋਂ ਬਜ਼ੁਰਗਾਂ ਦਾ ਸਤਿਕਾਰ ਘਟਦਾ ਹੈ, ਔਰਤਾਂ ਦੀ ਆਜ਼ਾਦੀ ਨੂੰ ਨਿਯੰਤਰਣ ਨਾਲ ਜੋੜਿਆ ਜਾਂਦਾ ਹੈ ਅਤੇ ਪਰਿਵਾਰਕ ਮਤਭੇਦ ਸੰਵਾਦ ਦੀ ਥਾਂ ਹੰਕਾਰ ਨਾਲ ਸੁਲਝਾਏ ਜਾਂਦੇ ਹਨ, ਤਾਂ ਬੱਚੇ ਵਿਰੋਧਾਭਾਸੀ ਸੰਸਕਾਰ ਹੀ ਸਿੱਖਦੇ ਹਨ। ਪਰਿਵਾਰਾਂ ਦੀ ਬਦਲਦੀ ਬਣਤਰ ਆਪਣੇ ਆਪ ਵਿੱਚ ਖਾਤਮੇ ਦਾ ਸਬੂਤ ਨਹੀਂ, ਅਸਲ ਚੁਣੌਤੀ ਆਪਸੀ ਸਤਿਕਾਰ, ਸੰਵੇਦਨਸ਼ੀਲਤਾ ਅਤੇ ਜ਼ਿੰਮੇਵਾਰੀ ਨੂੰ ਕਾਇਮ ਰੱਖਣ ਦੀ ਹੈ। ਸਮਾਜਿਕ ਜੀਵਨ ਵਿੱਚ ਸਿਵਿਕ ਸੈਂਸ ਦੀ ਘਾਟ ਲਾਈਨਾਂ ਤੋੜਨ, ਜਨਤਕ ਥਾਵਾਂ 'ਤੇ ਗੰਦਗੀ ਫੈਲਾਉਣ, ਬੇਲੋੜਾ ਹਾਰਨ ਵਜਾਉਣ, ਦੂਜਿਆਂ ਦੀ ਨਿੱਜਤਾ ਵਿੱਚ ਦਖ਼ਲ ਦੇਣ ਅਤੇ ਸਮਾਜਿਕ ਮਤਭੇਦਾਂ ਨੂੰ ਦੁਸ਼ਮਣੀ ਵਿੱਚ ਬਦਲਣ ਰਾਹੀਂ ਪ੍ਰਗਟ ਹੁੰਦੀ ਹੈ। ਪ੍ਰੇਸ਼ਾਨੀ ਇਹ ਹੈ ਕਿ ਅਸੀਂ ਆਪਣੇ ਘਰ ਦੀ ਸਫ਼ਾਈ ਨੂੰ ਆਪਣੀ ਇੱਜ਼ਤ, ਪਰ ਗਲੀ ਦੀ ਸਫ਼ਾਈ ਨੂੰ ਕਿਸੇ ਹੋਰ ਦੀ ਜ਼ਿੰਮੇਵਾਰੀ ਸਮਝ ਲੈਂਦੇ ਹਾਂ।

ਰਾਜਨੀਤਿਕ ਖੇਤਰ ਵਿੱਚ ਇਹ ਸੰਕਟ ਹੋਰ ਵੀ ਗੰਭੀਰ ਹੈ। ਜਦੋਂ ਨੀਤੀਆਂ ਦੀ ਥਾਂ ਨਿੱਜੀ ਹਮਲੇ, ਤੱਥਾਂ ਦੀ ਥਾਂ ਪ੍ਰਚਾਰ ਅਤੇ ਲੋਕ-ਹਿੱਤ ਦੀ ਥਾਂ ਸੱਤਾ ਦੇ ਹਿੱਤ ਪ੍ਰਮੁੱਖ ਹੋ ਜਾਣ, ਤਾਂ ਲੋਕਤੰਤਰ ਦੀ ਕਵਾਲਟੀ ਪ੍ਰਭਾਵਿਤ ਹੁੰਦੀ ਹੈ। ਹਾਲਾਂਕਿ ਸਰਕਾਰ ਦੀ ਆਲੋਚਨਾ, ਵਿਰੋਧ ਅਤੇ ਅਸਹਿਮਤੀ ਸਿਵਿਕ ਸੈਂਸ ਦੀ ਘਾਟ ਨਹੀਂ, ਸਗੋਂ ਲੋਕਤੰਤਰ ਦੇ ਜ਼ਰੂਰੀ ਅੰਗ ਹਨ। ਸਮੱਸਿਆ ਉਦੋਂ ਪੈਦਾ ਹੁੰਦੀ ਹੈ, ਜਦੋਂ ਸੱਤਾ ਅਤੇ ਵਿਰੋਧ ਦੋਵੇਂ ਜਵਾਬਦੇਹੀ ਦੀ ਥਾਂ ਸਿਆਸੀ ਲਾਭ ਨੂੰ ਤਰਜੀਹ ਦੇਣ।

ਆਰਥਿਕ ਖੇਤਰ ਵਿੱਚ ਟੈਕਸ ਚੋਰੀ, ਰਿਸ਼ਵਤਖੋਰੀ, ਮਿਲਾਵਟ, ਕੰਮ ਵਿੱਚ ਬੇਈਮਾਨੀ ਅਤੇ ਮਜ਼ਦੂਰਾਂ ਦੇ ਹੱਕਾਂ ਦੀ ਉਲੰਘਣਾ ਸਾਂਝੇ ਭਰੋਸੇ ਨੂੰ ਕਮਜ਼ੋਰ ਕਰਦੇ ਹਨ। ਅਕਾਦਮਿਕ ਖੇਤਰ ਵਿੱਚ ਨਕਲ, ਖੋਜ ਵਿੱਚ ਸਾਹਿਤਕ ਚੋਰੀ, ਅੰਕਾਂ ਦੀ ਦੌੜ ਅਤੇ ਅਧਿਆਪਕਾਂ ਜਾਂ ਵਿਦਿਆਰਥੀਆਂ ਪ੍ਰਤੀ ਅਸੰਵੇਦਨਸ਼ੀਲਤਾ ਸਿੱਖਿਆ ਦੇ ਨੈਤਿਕ ਉਦੇਸ਼ ਨੂੰ ਨੁਕਸਾਨ ਪਹੁੰਚਾਉਂਦੇ ਹਨ। ਡਿਗਰੀ ਪ੍ਰਾਪਤ ਕਰਨਾ ਅਤੇ ਜ਼ਿੰਮੇਵਾਰ ਨਾਗਰਿਕ ਬਣਨਾ ਦੋ ਵੱਖਰੀਆਂ ਪ੍ਰਾਪਤੀਆਂ ਹਨ।

ਸਰਕਾਰੀ ਅਤੇ ਨਿੱਜੀ ਸੰਸਥਾਵਾਂ ਵਿੱਚ ਸਮੇਂ ਦੀ ਪਾਬੰਦੀ, ਪਾਰਦਰਸ਼ਤਾ, ਜਵਾਬਦੇਹੀ, ਗਾਹਕਾਂ ਅਤੇ ਕਰਮਚਾਰੀਆਂ ਦਾ ਸਤਿਕਾਰ ਅਤੇ ਨਿਯਮਾਂ ਦੀ ਨਿਰਪੱਖ ਪਾਲਣਾ ਕਾਰਜ-ਸੰਸਕ੍ਰਿਤੀ ਦੇ ਬੁਨਿਆਦੀ ਮਿਆਰ ਹਨ। ਸਰਕਾਰੀ ਦਫ਼ਤਰਾਂ ਵਿੱਚ ਬੇਲੋੜੀ ਦੇਰੀ ਅਤੇ ਨਿੱਜੀ ਸੰਸਥਾਵਾਂ ਵਿੱਚ ਕਰਮਚਾਰੀਆਂ ਦਾ ਸ਼ੋਸ਼ਣ, ਇਹ ਦੋਵੇਂ ਹੀ ਜ਼ਿੰਮੇਵਾਰ ਪ੍ਰਬੰਧਨ ਦੀ ਘਾਟ ਹਨ। ਇਸ ਦੇ ਨਾਲ, ਮਾੜੀਆਂ ਸਹੂਲਤਾਂ ਅਤੇ ਕਮਜ਼ੋਰ ਨਿਗਰਾਨੀ ਵਰਗੀਆਂ ਪ੍ਰਣਾਲੀਗਤ ਕਮੀਆਂ ਨੂੰ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

ਇਸ ਸੰਕਟ ਦਾ ਹੱਲ ਸਿਰਫ ਭਾਸ਼ਣਾਂ, ਜੁਰਮਾਨਿਆਂ ਜਾਂ ਮੁਹਿੰਮਾਂ ਵਿੱਚ ਨਹੀਂ। ਘਰਾਂ ਵਿੱਚ ਵਿਹਾਰਕ ਸੰਸਕਾਰ, ਸਕੂਲਾਂ ਵਿੱਚ ਨਾਗਰਿਕ ਸਿੱਖਿਆ, ਸੰਸਥਾਵਾਂ ਵਿੱਚ ਜਵਾਬਦੇਹੀ , ਕਾਨੂੰਨ ਦੀ ਨਿਰਪੱਖ ਪਾਲਣਾ ਅਤੇ ਜਨਤਕ ਸੇਵਾਵਾਂ ਦੀ ਬਿਹਤਰੀ ਇਹ ਇਕੱਠੇ ਹੀ ਲਾਜ਼ਮੀ ਹਨ। ਨਾਗਰਿਕਾਂ ਨੂੰ ਆਪਣੇ ਫ਼ਰਜ਼ ਨਿਭਾਉਣੇ ਪੈਣਗੇ ਅਤੇ ਪ੍ਰਸ਼ਾਸਨ ਨੂੰ ਵੀ ਆਪਣੀਆਂ ਜ਼ਿੰਮੇਵਾਰੀਆਂ ਤੋਂ ਪਿੱਛੇ ਨਹੀਂ ਹਟਣਾ ਚਾਹੀਦਾ।

ਭਾਰਤ ਕਿੰਨਾ ਤਰੱਕੀ ਕਰ ਰਿਹਾ ਹੈ ਇਸ ਨਾਲੋਂ ਕਿਤੇ ਵੱਧ ਮੁੱਦਾ ਹੁਣ ਇਹ ਹੈ ਕਿ ਇਸ ਵਿਕਾਸ ਦੇ ਨਾਲ ਸਾਡਾ ਸਮਾਜ ਕਿੰਨਾ ਜ਼ਿੰਮੇਵਾਰ, ਸੰਵੇਦਨਸ਼ੀਲ ਅਤੇ ਨਿਆਂਪੂਰਨ ਬਣ ਰਿਹਾ ਹੈ।

ਕਿਉਂਕਿ ਕਿਸੇ ਵੀ ਰਾਸ਼ਟਰ ਦੀ ਅਸਲ ਸਭਿਅਤਾ ਉਸ ਦੀਆਂ ਇਮਾਰਤਾਂ ਦੀ ਉਚਾਈ ਨਾਲ ਨਹੀਂ, ਸਗੋਂ ਉਸ ਦੇ ਨਾਗਰਿਕਾਂ ਦੇ ਕਿਰਦਾਰ ਦੀ ਉਚਾਈ ਨਾਲ ਮਾਪੀ ਜਾਂਦੀ ਹੈ। ਜਿਸ ਦਿਨ ਅਸੀਂ ਆਪਣੇ ਹੱਕਾਂ ਦੇ ਨਾਲ ਆਪਣੇ ਫ਼ਰਜ਼ਾਂ ਨੂੰ ਵੀ ਬਰਾਬਰ ਮਹੱਤਵ ਦੇਣਾ ਸਿੱਖ ਲਵਾਂਗੇ, ਉਸ ਦਿਨ ਸਿਵਿਕ ਸੈਂਸ ਇੱਕ ਨਾਅਰਾ ਨਹੀਂ, ਸਾਡੀ ਕੌਮੀ ਪਛਾਣ ਬਣ ਜਾਵੇਗੀ।

Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, publíshed and owned by Harjinder Chaudhary printed at Raftaar Printing Press, Factory Area, Patiaĺa and publíshed at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ 'ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਸਿਆਸੀ ਕਸ਼ਮਕਸ਼ ਨੇ ਰਗੜ-ਤਾ ਨਿਜ਼ਾਮ , ਤਬਾਹ ਭਵਿੱਖ, ਬੇਬਸ ਅਵਾਮ.



ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ਼.
9855221193

ਜਦੋਂ ਸਿਆਸਤ ਦਾ ਮਕਸਦ ਲੋਕ-ਸੇਵਾ ਦੀ ਥਾਂ ਸੱਤਾ ਦੀ ਰਾਖੀ, ਵਿਰੋਧੀ ਨੂੰ ਨੀਵਾਂ ਦਿਖਾਉਣਾ ਅਤੇ ਆਪਣੇ ਹਿੱਤਾਂ ਦੀ ਪੂਰਤੀ ਬਣ ਜਾਵੇ, ਤਾਂ ਸਿਆਸੀ ਖਿੱਚੋਤਾਣ ਸਿਰਫ਼ ਵਿਧਾਨ ਸਭਾਵਾਂ ਜਾਂ ਸੰਸਦ ਤੱਕ ਸੀਮਿਤ ਨਹੀਂ ਰਹਿੰਦੀ ਸਗੋਂ ਇਸ ਦੀ ਕੀਮਤ ਆਮ ਆਦਮੀ ਆਪਣੀ ਰੋਜ਼ੀ-ਰੋਟੀ, ਪਰਿਵਾਰਕ ਸੁੱਖ, ਮਾਨਸਿਕ ਸ਼ਾਂਤੀ ਅਤੇ ਭਵਿੱਖ ਦੀਆਂ ਸੰਭਾਵਨਾਵਾਂ ਨਾਲ ਚੁਕਾਉਂਦਾ ਹੈ।

ਲੋਕਤੰਤਰ ਵਿੱਚ ਵਿਚਾਰਾਂ ਦਾ ਵਖਰੇਵਾਂ ਸੁਭਾਵਿਕ ਹੈ। ਸਿਆਸਤ ਦੀ ਟੱਕਰ, ਲੋਕਾਂ ਦਾ ਘਾਣ ਬਣ ਜਾਂਦੀ ਹੈ। ਸਰਕਾਰ ਅਤੇ ਵਿਰੋਧੀ ਧਿਰ ਵਿਚਕਾਰ ਮੁੱਦਿਆਂ ਨੂੰ ਲੈ ਕੇ ਅਸਹਿਮਤੀ, ਵਿਧਾਨ ਸਭਾ ਵਿੱਚ ਬਹਿਸ, ਅਦਾਲਤਾਂ ਵੱਲੋਂ ਸਰਕਾਰੀ ਫ਼ੈਸਲਿਆਂ ਦੀ ਸਮੀਖਿਆ ਅਤੇ ਸੰਵਿਧਾਨਕ ਸੰਸਥਾਵਾਂ ਵੱਲੋਂ ਸੱਤਾ 'ਤੇ ਨਿਗਰਾਨੀ, ਇਹ ਸਭ ਇੱਕ ਸਿਹਤਮੰਦ ਲੋਕਤੰਤਰ ਦੇ ਲਾਜ਼ਮੀ ਅੰਗ ਹਨ। ਹਰ ਅਸਹਿਮਤੀ ਨੂੰ ਸਿਆਸੀ ਟਕਰਾਅ ਸਮਝਣਾ ਵੀ ਗ਼ਲਤ ਹੈ।

ਪਰ ਜਦੋਂ ਅਸਹਿਮਤੀ ਦਾ ਉਦੇਸ਼ ਹੱਲ ਲੱਭਣ ਦੀ ਥਾਂ ਫ਼ੈਸਲਿਆਂ ਨੂੰ ਰੋਕਣਾ, ਵਿਰੋਧੀ ਨੂੰ ਅਸਫ਼ਲ ਸਾਬਤ ਕਰਨਾ, ਸੰਸਥਾਵਾਂ ਨੂੰ ਆਪਣੇ ਹਿੱਤਾਂ ਲਈ ਵਰਤਣਾ ਜਾਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਿਆਸੀ ਲਾਭ ਦਾ ਸਾਧਨ ਬਣਾਉਣਾ ਹੋਵੇ, ਤਾਂ ਇਹ ਸਥਿਤੀ ਸਿਆਸੀ ਖਿੱਚੋਤਾਣ (ਪੋਲੀਟੀਕਲ ਫ੍ਰਿਕਸ਼ਨ) ਦਾ ਰੂਪ ਧਾਰ ਲੈਂਦੀ ਹੈ।

ਇਸ ਦਾ ਸਭ ਤੋਂ ਗੰਭੀਰ ਪੱਖ ਇਹ ਹੈ ਕਿ ਸਿਆਸੀ ਆਗੂਆਂ ਦੀ ਲੜਾਈ ਦੇ ਨਤੀਜੇ ਅਕਸਰ ਉਹ ਲੋਕ ਭੁਗਤਦੇ ਹਨ, ਜਿਨ੍ਹਾਂ ਦਾ ਨਾ ਨੀਤੀ ਬਣਾਉਣ ਵਿੱਚ ਕੋਈ ਫ਼ੈਸਲਾਕੁਨ ਹਿੱਸਾ ਹੁੰਦਾ ਹੈ ਅਤੇ ਨਾ ਹੀ ਉਸ ਨੂੰ ਬਦਲਣ ਦੀ ਸਮਰੱਥਾ। ਸੱਤਾ ਦੇ ਗਲਿਆਰਿਆਂ ਵਿੱਚ ਹੋਣ ਵਾਲੀ ਦੇਰੀ, ਅੜਿੱਕੇ ਅਤੇ ਟਕਰਾਅ ਦਾ ਬੋਝ ਆਖ਼ਰਕਾਰ ਘਰਾਂ ਦੇ ਬਜਟ, ਨੌਜਵਾਨਾਂ ਦੇ ਰੁਜ਼ਗਾਰ, ਕਿਸਾਨਾਂ ਦੀ ਆਮਦਨ ਅਤੇ ਬੱਚਿਆਂ ਦੇ ਭਵਿੱਖ 'ਤੇ ਪੈਂਦਾ ਹੈ।

ਸਿਆਸਤ ਦਾ ਆਦਰਸ਼ ਲੋਕ-ਭਲਾਈ ਹੋਣਾ ਚਾਹੀਦਾ ਹੈ, ਪਰ ਜਦੋਂ ਸੱਤਾ ਵਿੱਚ ਬਣੇ ਰਹਿਣਾ ਹੀ ਮੁੱਖ ਟੀਚਾ ਬਣ ਜਾਵੇ, ਤਾਂ ਲੰਬੇ ਸਮੇਂ ਦੀਆਂ ਲੋਕ-ਹਿਤੈਸ਼ੀ ਨੀਤੀਆਂ ਦੀ ਥਾਂ ਤੁਰੰਤ ਸਿਆਸੀ ਲਾਭ ਨੂੰ ਤਰਜੀਹ ਮਿਲਣ ਲੱਗਦੀ ਹੈ।

ਕੋਈ ਸਰਕਾਰ ਪਿਛਲੀ ਸਰਕਾਰ ਦੀ ਯੋਜਨਾ ਨੂੰ ਸਿਰਫ਼ ਇਸ ਲਈ ਬਦਲ ਸਕਦੀ ਹੈ ਕਿ ਉਸ ਯੋਜਨਾ ਦਾ ਸਿਆਸੀ ਸਿਹਰਾ ਵਿਰੋਧੀ ਧਿਰ ਨੂੰ ਮਿਲਦਾ ਹੈ। ਦੂਜੇ ਪਾਸੇ, ਵਿਰੋਧੀ ਧਿਰ ਕਿਸੇ ਚੰਗੀ ਨੀਤੀ ਦਾ ਸਮਰਥਨ ਕਰਨ ਤੋਂ ਵੀ ਝਿਜਕ ਸਕਦੀ ਹੈ, ਕਿਉਂਕਿ ਉਸ ਨੂੰ ਡਰ ਹੁੰਦਾ ਹੈ ਕਿ ਸਰਕਾਰ ਨੂੰ ਇਸ ਦਾ ਲਾਭ ਮਿਲ ਜਾਵੇਗਾ।

ਇਸ ਤਰ੍ਹਾਂ ਲੋਕਾਂ ਦੇ ਹਿੱਤ ਸਿਆਸੀ ਮੁਕਾਬਲੇ ਦੀ ਭੇਟ ਚੜ੍ਹ ਜਾਂਦੇ ਹਨ। ਜਿਸ ਯੋਜਨਾ ਨੂੰ ਲੋਕਾਂ ਦੀ ਜ਼ਿੰਦਗੀ ਸੁਧਾਰਨੀ ਚਾਹੀਦੀ ਸੀ, ਉਹ ਸਿਆਸੀ ਅੰਕੜੇਬਾਜ਼ੀ ਦਾ ਹਥਿਆਰ ਬਣ ਜਾਂਦੀ ਹੈ।

ਜਦੋਂ ਸਮਾਜ ਨੂੰ ਸਿਆਸੀ ਪੱਖਾਂ ਦੇ ਆਧਾਰ 'ਤੇ ਦੋ ਵਿਰੋਧੀ ਖੇਮਿਆਂ ਵਿੱਚ ਵੰਡ ਦਿੱਤਾ ਜਾਂਦਾ ਹੈ, ਤਾਂ ਤਰਕ ਦੀ ਥਾਂ ਪੱਖਪਾਤ ਅਤੇ ਤੱਥਾਂ ਦੀ ਥਾਂ ਪ੍ਰਚਾਰ ਹਾਵੀ ਹੋ ਸਕਦੇ ਹਨ।

ਵਿਰੋਧੀ ਵਿਚਾਰ ਰੱਖਣ ਵਾਲੇ ਵਿਅਕਤੀ ਨੂੰ ਦੁਸ਼ਮਣ ਸਮਝਣਾ, ਉਸ ਦੀ ਹਰ ਗੱਲ ਨੂੰ ਗ਼ਲਤ ਮੰਨਣਾ ਅਤੇ ਆਪਣੇ ਪੱਖ ਦੀ ਹਰ ਕਾਰਵਾਈ ਨੂੰ ਸਹੀ ਠਹਿਰਾਉਣਾ ਲੋਕਤੰਤਰਕ ਸੰਵਾਦ ਨੂੰ ਕਮਜ਼ੋਰ ਕਰਦਾ ਹੈ। ਇਸ ਦਾ ਪ੍ਰਭਾਵ ਪਰਿਵਾਰਾਂ ਅਤੇ ਸਮਾਜਿਕ ਰਿਸ਼ਤਿਆਂ ਤੱਕ ਵੀ ਪਹੁੰਚ ਸਕਦਾ ਹੈ, ਜਿੱਥੇ ਸਿਆਸੀ ਵਖਰੇਵੇਂ ਨਿੱਜੀ ਵੈਰ ਵਿੱਚ ਬਦਲ ਜਾਂਦੇ ਹਨ।

ਭਾਰਤ ਵਿੱਚ ਕੇਂਦਰ ਅਤੇ ਰਾਜ ਸਰਕਾਰਾਂ ਦੇ ਅਧਿਕਾਰਾਂ ਦੀ ਸੰਵਿਧਾਨਕ ਵੰਡ ਹੈ। ਕਈ ਖੇਤਰਾਂ ਵਿੱਚ ਸਹਿਯੋਗ, ਵਿੱਤੀ ਸਰੋਤਾਂ ਅਤੇ ਪ੍ਰਸ਼ਾਸਕੀ ਤਾਲਮੇਲ ਦੀ ਲੋੜ ਹੁੰਦੀ ਹੈ। ਜੇਕਰ ਇਨ੍ਹਾਂ ਮਸਲਿਆਂ 'ਤੇ ਸਿਆਸੀ ਟਕਰਾਅ ਲੰਮਾ ਖਿੱਚ ਜਾਵੇ, ਤਾਂ ਵਿਕਾਸ ਕਾਰਜਾਂ ਅਤੇ ਜਨਤਕ ਸੇਵਾਵਾਂ ਵਿੱਚ ਦੇਰੀ ਹੋਣਾ ਸੁਭਾਵਿਕ ਹੈ।

ਇਸੇ ਤਰ੍ਹਾਂ, ਵਿਧਾਨ ਸਭਾ ਜਾਂ ਸੰਸਦ ਵਿੱਚ ਰੁਕਾਵਟਾਂ, ਪ੍ਰਸ਼ਾਸਕੀ ਫ਼ੈਸਲਿਆਂ ਵਿੱਚ ਬੇਲੋੜੀ ਦੇਰੀ ਅਤੇ ਸੰਸਥਾਵਾਂ ਵਿਚਕਾਰ ਤਾਲਮੇਲ ਦੀ ਘਾਟ ਸਰਕਾਰੀ ਕਾਰਗੁਜ਼ਾਰੀ ਨੂੰ ਪ੍ਰਭਾਵਿਤ ਕਰ ਸਕਦੀ ਹੈ। ਹਾਲਾਂਕਿ ਹਰ ਸੰਵਿਧਾਨਕ ਰੋਕ ਜਾਂ ਅਦਾਲਤੀ ਦਖ਼ਲ ਨੁਕਸਾਨਦੇਹ ਨਹੀਂ ਹੁੰਦਾ, ਕਈ ਵਾਰ ਇਹ ਸੱਤਾ ਦੀ ਮਨਮਾਨੀ ਰੋਕਣ ਲਈ ਜ਼ਰੂਰੀ ਹੁੰਦਾ ਹੈ। ਸਮੱਸਿਆ ਉਦੋਂ ਪੈਦਾ ਹੁੰਦੀ ਹੈ, ਜਦੋਂ ਸੰਸਥਾਗਤ ਪ੍ਰਕਿਰਿਆਵਾਂ ਲੋਕ-ਹਿੱਤ ਦੀ ਥਾਂ ਸਿਆਸੀ ਹਿਸਾਬ-ਕਿਤਾਬ ਦੀ ਭੇਟ ਚੜ੍ਹ ਜਾਂਦੀਆਂ ਹਨ।

ਸਿਆਸਤ ਜਦੋਂ ਵਿਕਾਸ ਪ੍ਰੋਜੈਕਟਾਂ ਨੂੰ ਮਨਜ਼ੂਰੀ ਦੇਣ, ਜ਼ਮੀਨ ਪ੍ਰਾਪਤ ਕਰਨ, ਠੇਕੇ ਜਾਰੀ ਕਰਨ ਜਾਂ ਬੁਨਿਆਦੀ ਢਾਂਚੇ ਦੇ ਕੰਮ ਪੂਰੇ ਕਰਨ ਵਿੱਚ ਬੇਲੋੜੀ ਦੇਰੀ ਹੁੰਦੀ ਹੈ, ਤਾਂ ਪ੍ਰੋਜੈਕਟਾਂ ਦੀ ਲਾਗਤ ਵਧ ਸਕਦੀ ਹੈ। ਇਸ ਦਾ ਅਸਰ ਸਰਕਾਰੀ ਖ਼ਜ਼ਾਨੇ 'ਤੇ ਪੈਂਦਾ ਹੈ ਅਤੇ ਜਨਤਾ ਨੂੰ ਘੱਟ ਸਹੂਲਤਾਂ ਜਾਂ ਵੱਧ ਵਿੱਤੀ ਬੋਝ ਦੇ ਰੂਪ ਵਿੱਚ ਇਸ ਦੀ ਕੀਮਤ ਚੁਕਾਉਣੀ ਪੈਂਦੀ ਹੈ।

ਜੇਕਰ ਨਿਵੇਸ਼ਕਾਂ ਨੂੰ ਨੀਤੀਆਂ ਦੀ ਅਸਪੱਸ਼ਟ ਹਾਲਾਤ, ਪ੍ਰਬੰਧਕੀ ਅਸਥਿਰਤਾ ਜਾਂ ਕਾਨੂੰਨੀ ਪੇਚੀਦਗੀਆਂ ਦਾ ਡਰ ਹੋਵੇ, ਤਾਂ ਉਹ ਨਵੇਂ ਨਿਵੇਸ਼ ਨੂੰ ਟਾਲ ਦਿੰਦੇ ਹਨ। ਇਸ ਨਾਲ ਉਦਯੋਗਿਕ ਵਿਕਾਸ ਅਤੇ ਰੁਜ਼ਗਾਰ ਸਿਰਜਣ ਦੀ ਤੇਜ਼ੀ ਪ੍ਰਭਾਵਿਤ ਹਿੰਦੀ ਹੈ। ਇਹ ਨਤੀਜਾ ਹਰ ਸਿਆਸੀ ਵਿਵਾਦ ਤੋਂ ਲਾਜ਼ਮੀ ਤੌਰ 'ਤੇ ਨਹੀਂ ਨਿਕਲਦਾ, ਪਰ ਲੰਬੇ ਸਮੇਂ ਦੀ ਦੇਰੀ ਇਸ ਖ਼ਤਰੇ ਨੂੰ ਵਧਾ ਦਿੰਦੀ ਹੈ।

ਆਮ ਆਦਮੀ ਲਈ ਇਸ ਦਾ ਅਰਥ ਬਹੁਤ ਸਪੱਸ਼ਟ ਹੈ। ਨੌਕਰੀਆਂ ਦੇ ਘੱਟ ਮੌਕੇ, ਛੋਟੇ ਵਪਾਰਾਂ ਲਈ ਖ਼ਰਾਬ ਮਾਹੌਲ, ਕਿਸਾਨਾਂ ਲਈ ਨੀਤੀਆਂ ਬਾਰੇ ਭੰਬਲਭੂਸਾ ਅਤੇ ਨੌਜਵਾਨਾਂ ਲਈ ਆਪਣੇ ਹੀ ਖੇਤਰ ਵਿੱਚ ਭਵਿੱਖ ਬਣਾਉਣ ਦੀਆਂ ਘਟਦੀਆਂ ਸੰਭਾਵਨਾਵਾਂ।

ਸਿਆਸੀ ਟਕਰਾਅ ਕਾਰਨ ਪਰਿਵਾਰਾਂ ਦੀ ਮਾਨਸਿਕ ਸ਼ਾਂਤੀ ਅਤੇ ਭਵਿੱਖ 'ਤੇ ਪ੍ਰਭਾਵ ਨੂੰ ਅਕਸਰ ਟੈਲੀਵਿਜ਼ਨ ਦੀਆਂ ਬਹਿਸਾਂ, ਰੈਲੀਆਂ ਅਤੇ ਸੰਸਦੀ ਕਾਰਵਾਈ ਤੱਕ ਸੀਮਿਤ ਸਮਝਿਆ ਜਾਂਦਾ ਹੈ। ਪਰ ਇਸ ਦੇ ਪ੍ਰਭਾਵ ਘਰ ਦੀਆਂ ਚਾਰ ਦੀਵਾਰਾਂ ਤੱਕ ਪਹੁੰਚ ਹੀ ਜਾਂਦੇ ਹਨ।

ਜਦੋਂ ਰੁਜ਼ਗਾਰ ਦੀ ਦੁਚਿੱਤੀ ਵਧਦੀ ਹੈ ਤਾਂ ਆਮ ਬੰਦੇ ਨੂੰ ਮਹਿੰਗਾਈ ਦਾ ਦਬਾਅ ਮਹਿਸੂਸ ਹੁੰਦਾ ਹੈ ਜਾਂ ਸਰਕਾਰੀ ਸਹਾਇਤਾ ਅਤੇ ਸੇਵਾਵਾਂ ਸਮੇਂ ਸਿਰ ਨਹੀਂ ਮਿਲਦੀਆਂ, ਤਾਂ ਪਰਿਵਾਰਾਂ ਦਾ ਆਰਥਿਕ ਤਣਾਅ ਵਧ ਜਾਂਦਾ ਹੈ। ਮਾਪਿਆਂ ਨੂੰ ਬੱਚਿਆਂ ਦੀ ਪੜ੍ਹਾਈ, ਸਿਹਤ, ਘਰ ਦੇ ਕਿਰਾਏ ਅਤੇ ਭਵਿੱਖ ਦੀ ਬੱਚਤ ਬਾਰੇ ਵਧੇਰੇ ਚਿੰਤਾ ਲਗਣ ਲੱਗ ਪੈਂਦੀ ਹੈ।

ਜਿਹੜਾ ਪਿਤਾ ਆਪਣੇ ਬੱਚੇ ਨੂੰ ਚੰਗੀ ਸਿੱਖਿਆ ਦੇਣਾ ਚਾਹੁੰਦਾ ਹੈ, ਉਹ ਸਰਕਾਰੀ ਸਕੂਲਾਂ ਦੀ ਅਸਪਸ਼ਟ ਕਾਰਗੁਜ਼ਾਰੀ ਕਾਰਨ ਵਾਧੂ ਖ਼ਰਚੇ ਕਰਨ ਲਈ ਮਜਬੂਰ ਹੋ ਜਾਂਦਾ ਹੈ। ਜਿਹੜਾ ਪਰਿਵਾਰ ਸਰਕਾਰੀ ਹਸਪਤਾਲ 'ਤੇ ਨਿਰਭਰ ਹੈ, ਉਸ ਨੂੰ ਸਿਹਤ ਸੇਵਾਵਾਂ ਵਿੱਚ ਰੁਕਾਵਟ ਆਉਣ 'ਤੇ ਨਿੱਜੀ ਇਲਾਜ ਦਾ ਖ਼ਰਚਾ ਝੱਲਣਾ ਪੈ ਜਾਂਦਾ ਹੈ।

ਇਸ ਤਰ੍ਹਾਂ ਸਿਆਸੀ ਅਸਥਿਰਤਾ ਅਤੇ ਪ੍ਰਸ਼ਾਸਕੀ ਨਾਕਾਮੀ ਦਾ ਬੋਝ ਹਰ ਪਰਿਵਾਰ ਇੱਕੋ ਜਿਹਾ ਹੀ ਝੱਲਦਾ ਹੈ । ਆਰਥਿਕ ਤੌਰ 'ਤੇ ਮਜ਼ਬੂਤ ਪਰਿਵਾਰ ਕੁਝ ਸਮੱਸਿਆਵਾਂ ਦਾ ਹੱਲ ਨਿੱਜੀ ਸਾਧਨਾਂ ਨਾਲ ਲੱਭ ਸਕਦੇ ਹਨ, ਪਰ ਗ਼ਰੀਬ ਅਤੇ ਮੱਧਵਰਗੀ ਪਰਿਵਾਰਾਂ ਕੋਲ ਅਜਿਹੇ ਮੌਕੇ ਸੀਮਿਤ ਹੁੰਦੇ ਹਨ।

ਇਸ ਲਈ ਸਿਆਸੀ ਖਿੱਚੋਤਾਣ ਸਿਰਫ਼ ਪ੍ਰਸ਼ਾਸਨ ਦੀ ਸਮੱਸਿਆ ਨਹੀਂ, ਇਹ ਸਮਾਜਿਕ ਅਸਮਾਨਤਾ ਨੂੰ ਹੋਰ ਡੂੰਘਾ ਕਰਨ ਦਾ ਕਾਰਨ ਵੀ ਬਣਦੀ ਹੈ।

ਕਿਸੇ ਵੀ ਸਰਕਾਰ ਦੀ ਅਸਲ ਕਸੌਟੀ ਇਹ ਨਹੀਂ ਕਿ ਉਹ ਆਪਣੇ ਵਿਰੋਧੀਆਂ ਨੂੰ ਕਿੰਨੀ ਪ੍ਰਭਾਵਸ਼ਾਲੀ ਢੰਗ ਨਾਲ ਜਵਾਬ ਦਿੰਦੀ ਹੈ, ਸਗੋਂ ਇਹ ਹੈ ਕਿ ਉਹ ਲੋਕਾਂ ਨੂੰ ਕਿੰਨੀ ਬਿਹਤਰ ਸਿੱਖਿਆ, ਸਿਹਤ, ਸੁਰੱਖਿਆ ਅਤੇ ਨਿਆਂ ਮੁਹਈਆ ਕਰਦੀ ਹੈ।

ਜੇਕਰ ਸਰਕਾਰੀ ਧਿਆਨ ਲਗਾਤਾਰ ਸਿਆਸੀ ਬਿਆਨਬਾਜ਼ੀ ਅਤੇ ਆਪਸੀ ਦੋਸ਼ਾਂ ਵਿੱਚ ਉਲਝਿਆ ਰਹੇ, ਤਾਂ ਨੀਤੀਆਂ ਦੀ ਸਮੀਖਿਆ, ਸੇਵਾਵਾਂ ਦੀ ਕੁਆਲਟੀ ਅਤੇ ਜਵਾਬਦੇਹੀ ਵਰਗੇ ਅਹਿਮ ਕੰਮ ਪਿੱਛੇ ਰਹਿ ਸਕਦੇ ਹਨ।

ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ, ਹਸਪਤਾਲਾਂ ਵਿੱਚ ਸਹੂਲਤਾਂ ਦੀ ਕਮੀ, ਅਦਾਲਤਾਂ ਵਿੱਚ ਲੰਬਿਤ ਮਾਮਲੇ ਅਤੇ ਸਰਕਾਰੀ ਦਫ਼ਤਰਾਂ ਵਿੱਚ ਦੇਰੀ ਵਰਗੀਆਂ ਸਮੱਸਿਆਵਾਂ ਦੇ ਆਪਣੇ ਕਈ ਕਾਰਨ ਹੁੰਦੇ ਹਨ। ਇਨ੍ਹਾਂ ਸਾਰਿਆਂ ਨੂੰ ਸਿਰਫ਼ ਸਿਆਸੀ ਖਿੱਚੋਤਾਣ ਨਾਲ ਜੋੜਨਾ ਤੱਥਾਂ ਅਨੁਸਾਰ ਠੀਕ ਨਹੀਂ ਹੋਵੇਗਾ। ਪਰ ਜਿੱਥੇ ਸਿਆਸੀ ਮੁਕਾਬਲਾ ਜ਼ਰੂਰੀ ਫ਼ੈਸਲਿਆਂ ਅਤੇ ਪ੍ਰਸ਼ਾਸਕੀ ਸੁਧਾਰਾਂ ਨੂੰ ਰੋਕਦਾ ਹੈ, ਉੱਥੇ ਲੋਕਾਂ ਨੂੰ ਇਸ ਦਾ ਸਿੱਧਾ ਨੁਕਸਾਨ ਝੱਲਣਾ ਪੈਂਦਾ ਹੈ।

ਖ਼ਾਸ ਕਰਕੇ ਲੋੜਵੰਦ ਪਰਿਵਾਰਾਂ ਲਈ ਸਰਕਾਰੀ ਸੇਵਾਵਾਂ ਸਿਰਫ਼ ਇੱਕ ਸਹੂਲਤ ਨਹੀਂ, ਸਗੋਂ ਜੀਵਨ ਦੀ ਬੁਨਿਆਦੀ ਲੋੜ ਹਨ। ਇਨ੍ਹਾਂ ਵਿੱਚ ਦੇਰੀ ਉਨ੍ਹਾਂ ਦੇ ਅਧਿਕਾਰਾਂ ਅਤੇ ਮੌਕਿਆਂ ਨੂੰ ਪ੍ਰਭਾਵਿਤ ਕਰਦੀ ਹੈ।

ਜਦੋਂ ਸਿਆਸੀ ਪਾਰਟੀਆਂ ਸਮਾਜਿਕ, ਧਾਰਮਿਕ, ਜਾਤੀਗਤ ਜਾਂ ਖੇਤਰੀ ਪਛਾਣਾਂ ਨੂੰ ਆਪਣੇ ਸਿਆਸਤ ਦੇ ਹਿੱਤਾਂ ਲਈ ਵਰਤਦੀਆਂ ਹਨ, ਤਾਂ ਲੋਕਾਂ ਵਿਚਕਾਰ ਬੇਭਰੋਸਗੀ ਵਧਣ ਦਾ ਖ਼ਤਰਾ ਪੈਦਾ ਹੋ ਜਾਂਦਾ ਹੈ। ਸਿਆਸੀ ਵਿਰੋਧ ਹੌਲੀ-ਹੌਲੀ ਸਮਾਜਿਕ ਵੈਰ ਵਿੱਚ ਬਦਲ ਜਾਂਦਾ ਹੈ।

ਇਸ ਦਾ ਸਭ ਤੋਂ ਵੱਡਾ ਨੁਕਸਾਨ ਲੋਕਤੰਤਰ ਦੀ ਕਵਾਲਟੀ ਨੂੰ ਹੁੰਦਾ ਹੈ। ਜਦੋਂ ਲੋਕ ਤੱਥਾਂ ਅਤੇ ਨੀਤੀਆਂ ਦੀ ਥਾਂ ਸਿਰਫ਼ ਪਾਰਟੀ ਪ੍ਰਤੀ ਵਫ਼ਾਦਾਰੀ ਦੇ ਆਧਾਰ 'ਤੇ ਫ਼ੈਸਲੇ ਲਏ ਜਾਂਦੇ ਹਨ, ਤਾਂ ਜਵਾਬਦੇਹੀ ਕਮਜ਼ੋਰ ਹੋ ਜਾਂਦੀ ਹੈ। ਚੰਗੇ ਫ਼ੈਸਲਿਆਂ ਦੀ ਹਮਾਇਤ ਅਤੇ ਗ਼ਲਤ ਫ਼ੈਸਲਿਆਂ ਦੀ ਆਲੋਚਨਾ ਕਰਨ ਦੀ ਥਾਂ ਹਰ ਕਾਰਵਾਈ ਨੂੰ ਆਪਣੇ ਪੱਖ ਜਾਂ ਵਿਰੋਧ ਦੇ ਚਸ਼ਮੇ ਰਾਹੀਂ ਦੇਖਿਆ ਜਾਂਦਾ ਹੈ।

ਇਸ ਤਰ੍ਹਾਂ ਲੋਕਤੰਤਰ ਇਲੈਕਸ਼ਨਾਂ ਤੱਕ ਤਾਂ ਸਰਗਰਮ ਰਹਿ ਸਕਦਾ ਹੈ, ਪਰ ਲੋਕ-ਭਲਾਈ ਲਈ ਜਰੂਰੀ ਸਹਿਯੋਗ, ਵਿਚਾਰ-ਵਟਾਂਦਰਾ ਅਤੇ ਸਮੂਹਿਕ ਨੈਤਿਕ ਜ਼ਿੰਮੇਵਾਰੀ ਕਮਜ਼ੋਰ ਪੈ ਜਾਂਦੀ ਹੈ।

ਸਿਆਸੀ ਖਿੱਚੋਤਾਣ ਦਾ ਹੱਲ ਵਿਰੋਧੀ ਧਿਰ ਨੂੰ ਖ਼ਤਮ ਕਰਨਾ ਜਾਂ ਸਾਰੀਆਂ ਅਸਹਿਮਤੀਆਂ ਨੂੰ ਦਬਾਉਣਾ ਨਹੀਂ ਹੈ। ਇਸ ਦਾ ਹੱਲ ਸੰਵਿਧਾਨਕ ਮਰਿਆਦਾਵਾਂ, , ਸਪੱਸ਼ਟਤਾ, ਇਮਾਨਦਾਰੀ ਅਤੇ ਲੋਕ-ਹਿੱਤ ਨੂੰ ਸਿਆਸੀ ਮੁਕਾਬਲੇ ਤੋਂ ਉੱਪਰ ਰੱਖਣ ਵਿੱਚ ਹੈ।

ਪਹਿਲਾਂ, ਜਨਤਕ ਜ਼ਰੂਰਤਾਂ ਵਾਲੀਆਂ ਨੀਤੀਆਂ ਲਈ ਸਰਕਾਰ ਅਤੇ ਵਿਰੋਧੀ ਧਿਰ ਵਿਚਕਾਰ ਗੰਭੀਰ ਤੱਥਾਂ ਤੇ ਆਧਾਰਿਤ ਵਿਚਾਰ ਵਟਾਂਦਰੇ ਦੀ ਗੱਲ ਤਰਤੀਬਵਾਰ ਕਾਇਦੇ ਨਾਲ ਹੋਣੀ ਚਾਹੀਦੀ ਹੈ। ਸਿੱਖਿਆ, ਸਿਹਤ, ਰੁਜ਼ਗਾਰ, ਖੇਤੀਬਾੜੀ ਅਤੇ ਸਥਾਨਕ ਵਿਕਾਸ ਵਰਗੇ ਮਸਲਿਆਂ ਨੂੰ ਬੇਲੋੜੇ ਸਿਆਸੀ ਟਕਰਾਅ ਤੋਂ ਬਚਾਉਣਾ ਚਾਹੀਦਾ ਹੈ।

ਦੂਜਾ, ਸਰਕਾਰੀ ਯੋਜਨਾਵਾਂ ਅਤੇ ਖ਼ਰਚਿਆਂ ਦੀ ਜਨਤਕ ਨਿਗਰਾਨੀ ਹੋਵੇ। ਜਨਤਾ ਨੂੰ ਪਤਾ ਹੋਣਾ ਚਾਹੀਦਾ ਹੈ ਕਿ ਕਿਸ ਯੋਜਨਾ ਲਈ ਕਿੰਨਾ ਪੈਸਾ ਰੱਖਿਆ ਗਿਆ, ਕੰਮ ਕਿੱਥੇ ਤੱਕ ਪਹੁੰਚਿਆ ਅਤੇ ਦੇਰੀ ਲਈ ਕੌਣ ਜਵਾਬਦੇਹ ਹੈ।

ਤੀਜਾ, ਮੀਡੀਆ ਅਤੇ ਨਾਗਰਿਕਾਂ ਨੂੰ ਸਿਆਸੀ ਦਾਅਵਿਆਂ ਦੀ ਤੱਥਾਂ ਦੇ ਆਧਾਰ 'ਤੇ ਜਾਂਚ ਕਰਨੀ ਚਾਹੀਦੀ ਹੈ। ਅਫ਼ਵਾਹਾਂ, ਅਧੂਰੀ ਜਾਣਕਾਰੀ ਅਤੇ ਭੜਕਾਊ ਪ੍ਰਚਾਰ ਨੂੰ ਬਿਨਾਂ ਜਾਂਚੇ ਅੱਗੇ ਫੈਲਾਉਣਾ ਸਮਾਜਿਕ ਵੰਡ ਨੂੰ ਵਧਾ ਸਕਦਾ ਹੈ।

ਚੌਥਾ, ਵੋਟਰਾਂ ਨੂੰ ਸਿਰਫ਼ ਚੋਣਾਂ ਸਮੇਂ ਹੀ ਨਹੀਂ, ਸਗੋਂ ਪੂਰੇ ਕਾਰਜਕਾਲ ਦੌਰਾਨ ਚੁਣੇ ਹੋਏ ਨੁਮਾਇੰਦਿਆਂ ਤੋਂ ਜਵਾਬ ਮੰਗਣਾ ਚਾਹੀਦਾ ਹੈ। ਵਾਅਦਿਆਂ ਦੀ ਪੂਰਤੀ, ਜਨਤਕ ਖ਼ਰਚੇ ਅਤੇ ਸਥਾਨਕ ਸਮੱਸਿਆਵਾਂ ਦੇ ਹੱਲ ਨੂੰ ਸਿਆਸੀ ਨਿਚੋੜ ਦਾ ਆਧਾਰ ਬਣਾਇਆ ਜਾਣਾ ਚਾਹੀਦਾ ਹੈ।

ਸਿਆਸਤ ਲੋਕਤੰਤਰ ਦੀ ਲੋੜ ਹੈ, ਪਰ ਸਿਆਸਤ ਦਾ ਇਕੋ ਉਦੇਸ਼ ਲੋਕਾਂ ਦੀ ਜ਼ਿੰਦਗੀ ਨੂੰ ਬਿਹਤਰ ਬਣਾਉਣਾ ਹੋਣਾ ਚਾਹੀਦਾ ਹੈ। ਜੇਕਰ ਸੱਤਾ ਦੀ ਖਿੱਚੋਤਾਣ ਕਾਰਨ ਰੁਜ਼ਗਾਰ ਦੇ ਮੌਕੇ ਘਟਦੇ ਹਨ, ਜਨਤਕ ਸੇਵਾਵਾਂ ਪ੍ਰਭਾਵਿਤ ਹੁੰਦੀਆਂ ਹਨ, ਪਰਿਵਾਰ ਆਰਥਿਕ ਦਬਾਅ ਹੇਠ ਆਉਂਦੇ ਹਨ ਅਤੇ ਸਮਾਜ ਵਿੱਚ ਬੇਭਰੋਸਗੀ ਵਧਦੀ ਹੈ, ਤਾਂ ਇਸ ਦੇ ਨਤੀਜਿਆਂ ਦੀ ਗੰਭੀਰ ਸਮੀਖਿਆ ਲਾਜ਼ਮੀ ਹੈ।

ਆਗੂਆਂ ਦੀ ਸਿਆਸੀ ਹਾਰ ਜਾਂ ਜਿੱਤ ਕੁਝ ਸਾਲਾਂ ਦਾ ਮਾਮਲਾ ਹੋ ਸਕਦੀ ਹੈ, ਪਰ ਇੱਕ ਬੱਚੇ ਦੀ ਖ਼ਰਾਬ ਹੋਈ ਸਿੱਖਿਆ, ਇੱਕ ਨੌਜਵਾਨ ਦੇ ਹੱਥੋਂ ਨਿਕਲਿਆ ਰੁਜ਼ਗਾਰ ਦਾ ਮੌਕਾ ਅਤੇ ਇੱਕ ਪਰਿਵਾਰ ਵੱਲੋਂ ਝੱਲਿਆ ਗਿਆ ਆਰਥਿਕ ਸੰਕਟ ਲੰਬੇ ਸਮੇਂ ਤੱਕ ਪ੍ਰਭਾਵ ਛੱਡਦਾ ਹੈ।

ਇਸ ਲਈ ਹਰ ਸਿਆਸੀ ਪਾਰਟੀ, ਹਰ ਚੁਣੇ ਹੋਏ ਨੁਮਾਇੰਦੇ ਅਤੇ ਹਰ ਜਵਾਬਦੇਹ ਸੰਸਥਾ ਨੂੰ ਇਹ ਸਮਝਣਾ ਪਵੇਗਾ ਕਿ ਲੋਕਤੰਤਰ ਸਿਰਫ਼ ਸੱਤਾ ਹਾਸਲ ਕਰਨ ਦਾ ਜੁਗਾੜ ਨਹੀਂ, ਸਗੋਂ ਲੋਕਾਂ ਦੇ ਭਰੋਸੇ ਦੀ ਅਮਾਨਤ ਵੀ ਹੈ।

ਸਿਆਸਤਦਾਨਾਂ ਦੀ ਆਪਸੀ ਖਿੱਚੋਤਾਣ ਵਿੱਚ ਜਦੋਂ ਜਨਤਾ ਦੀਆਂ ਬੁਨਿਆਦੀ ਲੋੜਾਂ ਪਿੱਛੇ ਰਹਿ ਜਾਣ, ਤਾਂ ਸਵਾਲ ਸਿਰਫ਼ ਸਰਕਾਰ ਦੀ ਕਾਰਗੁਜ਼ਾਰੀ ਦਾ ਨਹੀਂ ਰਹਿੰਦਾ; ਸਵਾਲ ਲੋਕਤੰਤਰ ਦੇ ਮੂਲ ਉਦੇਸ਼ ਦਾ ਬਣ ਜਾਂਦਾ ਹੈ।

ਕਿਉਂਕਿ ਸਿਆਸਤ ਦੀ ਅਸਲ ਜਿੱਤ ਵਿਰੋਧੀ ਨੂੰ ਹਰਾਉਣ ਵਿੱਚ ਨਹੀਂ, ਸਗੋਂ ਆਮ ਆਦਮੀ ਦੀਆਂ ਮੁਸ਼ਕਲਾਂ ਘਟਾਉਣ, ਪਰਿਵਾਰਾਂ ਨੂੰ ਸੁਰੱਖਿਆ ਦੇਣ ਅਤੇ ਆਉਣ ਵਾਲੀ ਪੀੜ੍ਹੀ ਲਈ ਬਿਹਤਰ ਭਵਿੱਖ ਸਿਰਜਣ ਦੀ ਹੈ।

# ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੀ ਲੀਗਲ ਏਡ ਸੁਸਾਇਟੀ ਵੱਲੋਂ 'ਜਸਟਿਸ ਐਟ ਦਾ ਡੋਰਸਟੈੱਪ' ਕੈਂਪ ਰਾਹੀਂ ਪੇਂਡੂ ਲੋਕਾਂ ਨੂੰ ਕਾਨੂੰਨੀ ਹੱਕਾਂ ਬਾਰੇ ਕੀਤਾ ਜਾਗਰੂਕ

ਫ਼ਤਹਿਗੜ੍ਹ ਸਾਹਿਬ, 13 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਯੂਨੀਵਰਸਿਟੀ ਸਕੂਲ ਆਫ਼ ਲਾਅ ਦੀ ਲੀਗਲ ਏਡ ਸੁਸਾਇਟੀ ਵੱਲੋਂ ਸਥਾਨਕ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਪਿੰਡ ਕੋਟਲਾ ਭਾਈ, ਜ਼ਿਲ੍ਹਾ ਫ਼ਤਿਹਗੜ੍ਹ ਸਾਹਿਬ ਵਿਖੇ 'ਜਸਟਿਸ ਐਟ ਦਾ ਡੋਰਸਟੈੱਪ' ਨਾਮ ਹੇਠ ਕਾਨੂੰਨੀ ਜਾਗਰੂਕਤਾ ਕੈਂਪ ਲਗਾਇਆ ਗਿਆ। ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਹ ਕੈਂਪ ਯੂਨੀਵਰਸਿਟੀ ਸਕੂਲ ਆਫ਼ ਲਾਅ ਦੇ ਮੁਖੀ ਅਤੇ ਡੀਨ ਪ੍ਰੋ. (ਡਾ.) ਅਮਿਤਾ ਕੌਸ਼ਲ ਦੀ ਵਿਦਿਅਕ ਅਗਵਾਈ ਹੇਠ ਲਗਾਇਆ ਗਿਆ। ਕੈਂਪ ਦੇ ਪ੍ਰਬੰਧਾਂ ਦੀ ਜ਼ਿੰਮੇਵਾਰੀ ਲੀਗਲ ਏਡ ਕਲੀਨਿਕ ਦੀ ਇੰਚਾਰਜ ਅਤੇ ਕਨਵੀਨਰ ਡਾ. ਨਵਨੀਤ ਕੌਰ ਨੇ ਨਿਭਾਈ। ਇਸ ਕਾਰਜ ਵਿੱਚ ਫੈਕਲਟੀ ਤਾਲਮੇਲਕਾਰ ਮਿਸ ਨੂਰਕਮਲ ਕੌਰ ਅਤੇ ਮਿਸ ਅਸ਼ਵੀਰ ਕੌਰ ਸਰਾਓ ਨੇ ਵੀ ਸਹਿਯੋਗ ਦਿੱਤਾ।




ਕੈਂਪ ਵਿੱਚ ਲਗਭਗ 25 ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ ਅਤੇ ਭਾਰਤੀ ਸੰਵਿਧਾਨ ਦੀਆਂ ਧਾਰਾਵਾਂ 14, 21 ਅਤੇ 22 ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਸਮਾਨਤਾ ਦੇ ਹੱਕ, ਜੀਵਨ ਅਤੇ ਨਿੱਜੀ ਆਜ਼ਾਦੀ ਦੇ ਹੱਕ ਅਤੇ ਮਨਮਾਨੀ ਗ੍ਰਿਫ਼ਤਾਰੀ ਤੇ ਹਿਰਾਸਤ ਤੋਂ ਬਚਾਅ ਲਈ ਸੰਵਿਧਾਨਕ ਸੁਰੱਖਿਆ ਬਾਰੇ ਪਿੰਡ ਵਾਸੀਆਂ ਨੂੰ ਜਾਣੂ ਕਰਵਾਇਆ। ਇਸ ਤੋਂ ਇਲਾਵਾ, ਸਿੱਖਿਆ ਦੇ ਹੱਕ, ਰੁਜ਼ਗਾਰ ਦੇ ਹੱਕ, ਵਿਹਲੇ ਸਮੇਂ ਦੇ ਹੱਕ, ਮੁਫ਼ਤ ਕਾਨੂੰਨੀ ਸਹਾਇਤਾ ਅਤੇ ਲੋਕ ਅਦਾਲਤਾਂ ਦੀ ਮਹੱਤਤਾ ਬਾਰੇ ਵੀ ਚਾਨਣਾ ਪਾਇਆ ਗਿਆ। ਇਨ੍ਹਾਂ ਹੱਕਾਂ ਅਤੇ ਸਹੂਲਤਾਂ ਨੂੰ ਨਿਆਂ ਤੱਕ ਪਹੁੰਚ ਅਤੇ ਮਨੁੱਖੀ ਮਾਣ-ਸਨਮਾਨ ਦੀ ਰਾਖੀ ਲਈ ਅਹਿਮ ਦੱਸਿਆ ਗਿਆ।

ਪਿੰਡ ਵਾਸੀਆਂ ਨੇ ਕੈਂਪ ਵਿੱਚ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ ਅਤੇ ਵਿਦਿਆਰਥੀਆਂ ਨਾਲ ਵਿਚਾਰ-ਚਰਚਾ ਕਰਦਿਆਂ ਆਪਣੇ ਕਾਨੂੰਨੀ ਹੱਕਾਂ ਅਤੇ ਉਨ੍ਹਾਂ ਦੀ ਰਾਖੀ ਲਈ ਉਪਲਬਧ ਢੰਗਾਂ ਬਾਰੇ ਸਵਾਲ ਪੁੱਛੇ।

ਇਸ ਗੱਲਬਾਤ ਨੇ ਲੋਕਾਂ ਨੂੰ ਸੰਵਿਧਾਨਕ ਹੱਕਾਂ ਅਤੇ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਾਪਤ ਕਰਨ ਦੇ ਤਰੀਕਿਆਂ ਬਾਰੇ ਜਾਣਕਾਰੀ ਹਾਸਲ ਕਰਨ ਦਾ ਮੌਕਾ ਦਿੱਤਾ। ਪ੍ਰਬੰਧਕਾਂ ਨੇ ਪਿੰਡ ਕੋਟਲਾ ਭਾਈ ਦੀ ਸਰਪੰਚ ਸ੍ਰੀਮਤੀ ਚਰਨਜੀਤ ਕੌਰ, ਪੰਚਾਇਤ ਮੈਂਬਰ ਮਿਸ ਸਿਮਰਜੀਤ ਕੌਰ ਅਤੇ ਸਮੁੱਚੀ ਗ੍ਰਾਮ ਪੰਚਾਇਤ ਦਾ ਕੈਂਪ ਦੀ ਸਫ਼ਲਤਾ ਲਈ ਦਿੱਤੇ ਸਹਿਯੋਗ ਵਾਸਤੇ ਧੰਨਵਾਦ ਕੀਤਾ। ਇਹ ਉਪਰਾਲਾ ਪੇਂਡੂ ਖੇਤਰਾਂ ਵਿੱਚ ਕਾਨੂੰਨੀ ਜਾਗਰੂਕਤਾ ਫੈਲਾਉਣ, ਲੋਕਾਂ ਦੀ ਨਿਆਂ ਤੱਕ ਪਹੁੰਚ ਸੁਖਾਲੀ ਬਣਾਉਣ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ।

# ਸਰਕਾਰੀ ਮਕਾਨਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਣ ਲਈ ਇੰਜੀਨੀਅਰਿੰਗ ਵਿਭਾਗ ਦੀ ਔਨਲਾਇਨ ਸੁਵਿਧਾ

ਧੂਰੀ 13 ਅਕਤੂਬਰ
-ਜਗਦੇਵ ਰੰਚਨਾ-

ਚੰਡੀਗੜ੍ਹ ਪ੍ਰਸ਼ਾਸਨ ਦਾ ਇੰਜੀਨੀਅਰਿੰਗ ਵਿਭਾਗ ਸਰਕਾਰੀ ਮਕਾਨਾਂ ਦੀ ਮੁਰੰਮਤ, ਨਵੀਨੀਕਰਣ ਅਤੇ ਰੱਖ-ਰਖਾਅ ਨਾਲ ਸਬੰਧਿਤ ਸ਼ਿਕਾਇਤਾਂ ਦਰਜ ਕਰਨ ਲਈ ਈ-ਆਵਾਸ ਪੋਰਟਲ ਦੇ ਜ਼ਰੀਏ ਔਨਲਾਇਨ ਸੁਵਿਧਾ ਪ੍ਰਦਾਨ ਕਰ ਰਿਹਾ ਹੈ। ਇਸ ਸੁਵਿਧਾ ਦਾ ਉਦੇਸ਼ ਲੋਕ ਸੇਵਾਵਾਂ ਨੂੰ ਸਰਲ ਅਤੇ ਡਿਜੀਟਲ ਬਣਾਉਣਾ, ਸ਼ਿਕਾਇਤਾਂ ਦਰਜ ਕਰਨ ਵਿੱਚ ਲਗਣ ਵਾਲਾ ਸਮਾਂ ਘੱਟ ਕਰਨਾ ਅਤੇ ਸ਼ਿਕਾਇਤਾਂ ਦੇ ਸਮਾਂਬੱਧ ਸਮਾਧਾਨ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਸੁਨਿਸ਼ਚਿਤ ਕਰਨਾ ਹੈ।

ਨਿਵਾਸੀ 'ਈ-ਆਵਾਸ ਚੰਡੀਗੜ੍ਹ' ਵੈੱਬਸਾਇਟ ਅਤੇ ਮੋਬਾਈਲ ਐਪ ਦੇ ਜ਼ਰੀਏ ਸਿਵਲ, ਇਲੈਕਟ੍ਰੀਕਲ, ਪਬਲਿਕ ਹੈਲਥ ਅਤੇ ਬਾਗ਼ਬਾਨੀ ਸੇਵਾਵਾਂ ਨਾਲ ਸਬੰਧਿਤ ਸ਼ਿਕਾਇਤਾਂ ਦਰਜ ਕਰਵਾ ਸਕਦੇ ਹਨ। ਸ਼ਿਕਾਇਤ ਦਰਜ ਹੋਣ 'ਤੇ ਉਸ ਨੂੰ ਜ਼ਰੂਰੀ ਕਾਰਵਾਈ ਲਈ ਸਬੰਧਿਤ ਜੂਨੀਅਰ ਇੰਜੀਨੀਅਰ ਨੂੰ ਭੇਜਿਆ ਜਾਂਦਾ ਹੈ। ਇਸ ਪ੍ਰਣਾਲੀ ਦੇ ਜ਼ਰੀਏ ਸ਼ਿਕਾਇਤ ਦੀ ਸਥਿਤੀ ਅਤੇ ਵਿਭਿੰਨ ਪੱਧਰਾਂ 'ਤੇ ਅਧਿਕਾਰੀਆਂ ਵੱਲੋਂ ਕੀਤੀ ਗਈ ਕਾਰਵਾਈ ਦੀ ਨਿਗਰਾਨੀ ਕੀਤੀ ਜਾ ਸਕਦੀ ਹੈ। ਨਿਰਧਾਰਿਤ ਸਮੇਂ ਦੇ ਅੰਦਰ ਕਾਰਵਾਈ ਨਾ ਹੋਣ ਜਾਂ ਸ਼ਿਕਾਇਤ ਦਾ ਸਮਾਧਾਨ ਨਾ ਹੋਣ ਦੀ ਸਥਿਤੀ ਵਿੱਚ ਉਸ ਨੂੰ ਉੱਚ ਅਧਿਕਾਰੀਆਂ ਤੱਕ ਪਹੁੰਚਾਉਣ ਦੀ ਵਿਵਸਥਾ ਵੀ ਲਾਗੂ ਹੈ। ਇਸ ਦੇ ਤਹਿਤ ਲੰਬਿਤ ਸ਼ਿਕਾਇਤਾਂ ਤੈਅ ਪ੍ਰਕਿਰਿਆ ਦੇ ਅਨੁਸਾਰ ਉੱਚ ਅਧਿਕਾਰੀਆਂ ਨੂੰ ਭੇਜੀਆਂ ਜਾਂਦੀਆਂ ਹਨ, ਤਾਕਿ ਸਮੇਂ 'ਤੇ ਸਮਾਧਾਨ, ਪ੍ਰਭਾਵੀ ਨਿਗਰਾਨੀ ਅਤੇ ਸਬੰਧਿਤ ਅਧਿਕਾਰੀਆਂ ਦੀ ਜਵਾਬਦੇਹੀ ਸੁਨਿਸ਼ਚਿਤ ਕੀਤੀ ਜਾ ਸਕੇ।

ਨਿਵਾਸੀਆਂ ਦੀ ਸੁਵਿਧਾ ਲਈ ਸਰਕਾਰੀ ਮਕਾਨਾਂ ਦੀ ਮੁਰੰਮਤ, ਨਵੀਨੀਕਰਣ ਅਤੇ ਰੱਖ-ਰਖਾਅ ਨਾਲ ਸਬੰਧਿਤ ਸ਼ਿਕਾਇਤਾਂ ਨਿਮਨਲਿਖਤ ਮਾਧਿਅਮਾਂ ਨਾਲ ਦਰਜ ਕਰਵਾ ਸਕਦੇ ਹਨ:

1. ਈ-ਆਵਾਸ ਪੋਰਟਲ ਅਤੇ ਮੋਬਾਈਲ ਐਪਲੀਕੇਸ਼ਨ: ਨਿਵਾਸੀ 'ਈ-ਆਵਾਸ ਚੰਡੀਗੜ੍ਹ' ਵੈੱਬਸਾਇਟ 'ਤੇ ਲੌਗ-ਇਨ ਕਰਕੇ ਜਾਂ ਐਂਡਰਾਇਡ ਅਤੇ ਆਈਓਐਸ (ਐਪਲ) ਉਪਭੋਗਤਾਵਾਂ ਲਈ ਉਪਲਬਧ 'ਈ-ਆਵਾਸ' ਮੋਬਾਈਲ ਐਪਲੀਕੇਸ਼ਨ ਦੀ ਵਰਤੋਂ ਕਰਕੇ ਸ਼ਿਕਾਇਤਾਂ ਦਰਜ ਕਰਵਾ ਸਕਦੇ ਹਨ।
2. ਕੇਂਦਰੀਕ੍ਰਿਤ ਕੌਮਨ ਕੰਟਰੋਲ ਰੂਮ (ਸੀਸੀਆਰ): ਇੰਜੀਨੀਅਰਿੰਗ ਵਿਭਾਗ ਨਾਲ ਸਬੰਧਿਤ ਹਰ ਤਰ੍ਹਾਂ ਦੀਆਂ ਸਮੱਸਿਆਵਾਂ ਬਾਰੇ ਸ਼ਿਕਾਇਤਾਂ 0172-2742370 ਜਾਂ 9465475020 'ਤੇ ਕਾਲ ਕਰਕੇ ਦਿਨ-ਰਾਤ (24 ਘੰਟੇ) ਦਰਜ ਕਰਵਾਈਆਂ ਜਾ ਸਕਦੀਆਂ ਹਨ।
3. ਸ਼ਿਕਾਇਤ ਬੂਥ/ਕੇਂਦਰ: ਨਿਵਾਸੀ ਜਨਤਕ ਛੁੱਟੀਆਂ ਨੂੰ ਛੱਡ ਕੇ ਕੰਮਕਾਜੀ ਦਿਨਾਂ ਦੌਰਾਨ ਸ਼ਿਕਾਇਤਾਂ ਜਮ੍ਹਾਂ ਕਰਵਾਉਣ ਲਈ ਨਿਰਧਾਰਿਤ ਸ਼ਿਕਾਇਤ ਬੂਥ/ਕੇਂਦਰ 'ਤੇ ਜਾ ਸਕਦੇ ਹਨ। ਸ਼ਿਕਾਇਤ ਦਰਜ ਕਰਵਾਉਣ ਦੇ ਵਿਭਿੰਨ ਵਿਕਲਪਾਂ ਨਾਲ ਨਿਵਾਸੀਆਂ ਨੂੰ ਆਪਣੀ ਸੁਵਿਧਾ ਅਨੁਸਾਰ ਸ਼ਿਕਾਇਤ ਪ੍ਰਸਤੁਤ ਕਰਨ ਵਿੱਚ ਸਹਾਇਤਾ ਮਿਲਦੀ ਹੈ।

ਔਨਲਾਇਨ ਪ੍ਰਣਾਲੀ ਸ਼ਿਕਾਇਤਾਂ ਅਤੇ ਸਬੰਧਿਤ ਅਧਿਕਾਰੀਆਂ ਦੁਆਰਾ ਕੀਤੀ ਗਈ ਕਾਰਵਾਈ ਦੀ ਪ੍ਰਭਾਵੀ ਨਿਗਰਾਨੀ ਨੂੰ ਸੁਗਮ ਬਣਾਉਂਦੀ ਹੈ। ਨਿਰਧਾਰਿਤ ਸਮੇਂ ਵਿੱਚ ਲੰਬਿਤ ਸ਼ਿਕਾਇਤਾਂ ਨੂੰ ਉੱਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਉਣ ਦੀ ਵਿਵਸਥਾ ਪਾਰਦਰਸ਼ਤਾ ਅਤੇ ਜਵਾਬਦੇਹੀ ਨੂੰ ਮਜ਼ਬੂਤ ਕਰਦੀ ਹੈ।

ਚੰਡੀਗੜ੍ਹ ਪ੍ਰਸ਼ਾਸਨ ਦਾ ਇੰਜੀਨੀਅਰਿੰਗ ਵਿਭਾਗ ਸਰਕਾਰੀ ਮਕਾਨਾਂ ਲਈ ਕੁਸ਼ਲ, ਉੱਤਰਦਾਈ ਅਤੇ ਪਾਰਦਰਸ਼ੀ ਰੱਖ-ਰਖਾਅ ਸੇਵਾਵਾਂ ਪ੍ਰਦਾਨ ਕਰਨ ਲਈ ਪ੍ਰਤੀਬੱਧ ਹੈ। ਵਿਭਾਗ ਦਾ ਵਿਸ਼ੇਸ਼ ਧਿਆਨ ਸ਼ਿਕਾਇਤਾਂ ਦੇ ਸਮਾਂਬੱਧ ਸਮਾਧਾਨ, ਸੇਵਾਵਾਂ ਵਿੱਚ ਸੁਧਾਰ ਅਤੇ ਨਿਵਾਸੀਆਂ ਦੀ ਸੁਵਿਧਾ ਵਧਾਉਣ 'ਤੇ ਹੈ।

# ਬਰਸਾਤ ਦੇ ਅਲਰਟ ਦੇ ਮੱਦੇਨਜ਼ਰ ਕਿਸਾਨ ਗਿੱਲੇ ਝੋਨੇ ਦੀ ਕਟਾਈ ਤੋਂ ਗੁਰੇਜ਼ ਕਰਨ: ਡਿਪਟੀ ਕਮਿਸ਼ਨਰ

ਫ਼ਤਹਿਗੜ੍ਹ ਸਾਹਿਬ, 13 ਅਕਤੂਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਅਗਲੇ ਦੋ ਦਿਨਾਂ ਦੌਰਾਨ ਬਰਸਾਤ ਦੇ ਅਲਰਟ ਨੂੰ ਧਿਆਨ ਵਿੱਚ ਰੱਖਦਿਆਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਗਿੱਲੇ ਝੋਨੇ ਦੀ ਕਟਾਈ ਕਰਨ ਤੋਂ ਗੁਰੇਜ਼ ਕਰਨ ਅਤੇ ਫ਼ਸਲ ਦੇ ਪੂਰੀ ਤਰ੍ਹਾਂ ਸੁੱਕਣ ਉਪਰੰਤ ਹੀ ਕਟਾਈ ਨੂੰ ਤਰਜੀਹ ਦੇਣ, ਤਾਂ ਜੋ ਮੰਡੀਆਂ ਵਿੱਚ ਫ਼ਸਲ ਦੀ ਖ਼ਰੀਦ ਦੌਰਾਨ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕਿਸਾਨ ਸੁੱਕਾ ਝੋਨਾ ਹੀ ਮੰਡੀਆਂ ਵਿੱਚ ਲੈ ਕੇ ਆਉਣ, ਤਾਂ ਜੋ ਫ਼ਸਲ ਦੀ ਨਿਰਵਿਘਨ ਅਤੇ ਨਾਲੋ-ਨਾਲ ਖ਼ਰੀਦ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਕਿਹਾ



ਕਿ ਮੌਸਮ ਦੇ ਬਦਲਦੇ ਹਾਲਾਤ ਨੂੰ ਧਿਆਨ ਵਿੱਚ ਰੱਖਦਿਆਂ ਕਿਸਾਨ ਆਪਣੀ ਫ਼ਸਲ ਦੀ ਕਟਾਈ ਅਤੇ ਮੰਡੀਆਂ ਵਿੱਚ ਲਿਆਉਣ ਸਬੰਧੀ ਅਗਾਊਂ ਯੋਜਨਾਬੰਦੀ ਕਰਨ, ਤਾਂ ਜੋ ਬੇਮੌਸਮੀ ਬਰਸਾਤ ਕਾਰਨ ਫ਼ਸਲ ਦੇ ਨੁਕਸਾਨ ਤੋਂ ਬਚਾਅ ਕੀਤਾ ਜਾ ਸਕੇ। ਡਿਪਟੀ ਕਮਿਸ਼ਨਰ ਨੇ ਕੰਬਾਈਨ ਮਾਲਕਾਂ ਨੂੰ ਵੀ ਸਖ਼ਤ ਹਦਾਇਤ ਕੀਤੀ ਕਿ ਉਹ ਗਿੱਲੇ ਝੋਨੇ ਦੀ ਕਟਾਈ ਬਿਲਕੁਲ ਨਾ ਕਰਨ ਅਤੇ ਕਿਸਾਨਾਂ ਨੂੰ ਫ਼ਸਲ ਸੁੱਕਣ ਉਪਰੰਤ ਹੀ ਕਟਾਈ ਕਰਨ ਲਈ ਪ੍ਰੇਰਿਤ ਕਰਨ। ਉਨ੍ਹਾਂ ਸਪੱਸ਼ਟ ਕੀਤਾ ਕਿ ਇਨ੍ਹਾਂ ਹਦਾਇਤਾਂ ਦੀ ਉਲੰਘਣਾ ਕਰਨ ਵਾਲੇ ਕੰਬਾਈਨ ਮਾਲਕਾਂ ਵਿਰੁੱਧ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪ੍ਰਸ਼ਾਸਨ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਅਤੇ ਮੰਡੀਆਂ ਵਿੱਚ ਸੁੱਕਾ ਝੋਨਾ ਲਿਆ ਕੇ ਫ਼ਸਲ ਦੀ ਸੁਚਾਰੂ ਖ਼ਰੀਦ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਵਿੱਚ ਸਹਿਯੋਗ ਦੇਣ।



# ਸਿੱਖਿਆ ਸਕੱਤਰ ਪ੍ਰੇਰਨਾ ਪੁਰੀ ਨੇ ਜੀਸੀਈ-20 ਵਿਖੇ ਆਈਸੀਟੀ ਸਕਿੱਲ ਟ੍ਰੇਨਿੰਗ ਵਰਕਸ਼ਾਪ ਦੇ ਸਮਾਪਨ ਸੈਸ਼ਨ ਦੀ ਸ਼ੋਭਾ ਵਧਾਈ

**ਚੰਡੀਗੜ੍ਹ, 13 ਅਕਤੂਬਰ**
**-ਜੀ. ਐਸ. ਤੁੰਗ-**

ਪਹਿਲੇ ਵਰ੍ਹੇ ਦੇ ਬੀ.ਐੱਡ. ਵਿਦਿਆਰਥੀਆਂ ਲਈ ਪੰਜ ਦਿਨਾਂ ਦੀ ਆਈਸੀਟੀ ਸਕਿੱਲ ਟ੍ਰੇਨਿੰਗ ਵਰਕਸ਼ਾਪ ਗਵਰਨਮੈਂਟ ਕਾਲਜ ਆਫ ? ਐਜੂਕੇਸ਼ਨ (ਜੀਸੀਈ), ਸੈਕਟਰ 20-ਡੀ, ਚੰਡੀਗੜ੍ਹ ਵਿਖੇ ਸੰਪੰਨ ਹੋਈ। ਪੰਜ (5) ਤੋਂ 9 ਅਕਤੂਬਰ, 2026 ਤੱਕ ਆਯੋਜਿਤ ਇਸ ਵਰਕਸ਼ਾਪ ਦੇ ਸਮਾਪਨ ਸੈਸ਼ਨ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਦੇ ਸਿੱਖਿਆ ਸਕੱਤਰ ਸੁਸ਼੍ਰੀ ਪ੍ਰੇਰਨਾ ਪੁਰੀ, ਆਈਏਐੱਸ, ਮੁੱਖ ਮਹਿਮਾਨ ਦੇ ਰੂਪ ਵਿੱਚ ਸ਼ਾਮਲ ਹੋਏ। ਸ੍ਰੀ ਸੱਤਿਆ ਸਾਈ ਵਿਦਿਆ ਵਾਹਿਨੀ, ਪ੍ਰਸ਼ਾਂਤੀ ਨਿਲਯਮ, ਆਂਧਰ ਪ੍ਰਦੇਸ਼ ਦੇ ਸਹਿਯੋਗ ਨਾਲ ਆਯੋਜਿਤ ਇਸ ਵਰਕਸ਼ਾਪ ਦਾ ਉਦੇਸ਼ ਭਾਵੀ ਅਧਿਆਪਕਾਂ ਦੇ ਡਿਜੀਟਲ ਕੌਸ਼ਲ ਨੂੰ ਮਜ਼ਬੂਤ ਕਰਨਾ ਅਤੇ ਉਨ੍ਹਾਂ ਨੂੰ ਅਧਿਆਪਨ- ਸਿੱਖਿਆ ਪ੍ਰਕਿਰਿਆ ਵਿੱਚ ਤਕਨੀਕ ਦਾ ਪ੍ਰਭਾਵੀ ਉਪਯੋਗ ਕਰਨ ਲਈ ਤਿਆਰ ਕਰਨਾ ਸੀ।

ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਸੁਸ਼੍ਰੀ ਪ੍ਰੇਰਨਾ ਪੁਰੀ ਨੇ ਸਿੱਖਿਆ ਦੇ ਖੇਤਰ ਵਿੱਚ ਡਿਜੀਟਲ ਸਕਿੱਲਜ਼ ਅਤੇ ਤਕਨੀਕ ਦੇ ਜ਼ਿੰਮੇਦਾਰ ਉਪਯੋਗ ਦੇ ਮਹੱਤਵ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਭਾਵੀ ਅਧਿਆਪਕਾਂ ਨੂੰ ਇਨੋਵੇਟਿਵ ਅਤੇ ਵਿਦਿਆਰਥੀਆਂ 'ਤੇ ਕੇਂਦ੍ਰਿਤ ਅਧਿਆਪਨ ਪੱਧਤੀਆਂ ਅਪਣਾਉਣ ਅਤੇ ਡਿਜੀਟਲ ਸਾਧਨਾਂ ਦਾ ਸਾਰਥਕ ਉਪਯੋਗ ਕਰਨ ਲਈ ਪ੍ਰੋਤਸਾਹਿਤ ਕੀਤਾ, ਤਾਕਿ ਕਲਾਸ ਵਿੱਚ ਪੜ੍ਹਾਈ ਨੂੰ ਅਧਿਕ ਪ੍ਰਭਾਵੀ ਅਤੇ ਰੋਚਕ ਬਣਾਇਆ ਜਾ ਸਕੇ ਅਤੇ ਵਿੱਦਿਅਕ ਨਤੀਜਿਆਂ ਵਿੱਚ ਸੁਧਾਰ ਹੋਵੇ।

ਇਸ ਤੋਂ ਪਹਿਲਾਂ, ਸੁਆਗਤੀ ਸੰਬੋਧਨ ਵਿੱਚ, ਗਵਰਨਮੈਂਟ ਕਾਲਜ ਆਫ ? ਐਜੂਕੇਸ਼ਨ (ਜੀਸੀਈ)



ਚੰਡੀਗੜ੍ਹ ਦੇ ਪ੍ਰਿੰਸੀਪਲ ਡਾ. ਸਪਨਾ ਨੰਦਾ ਨੇ ਸਿੱਖਿਆ ਸਕੱਤਰ, ਸੰਸਾਧਨ ਵਿਅਕਤੀਆਂ, ਪ੍ਰਤੀਭਾਗੀਆਂ, ਵਲੰਟੀਅਰਾਂ ਅਤੇ ਵਰਕਸ਼ਾਪ ਦੇ ਸਫ਼ਲ ਆਯੋਜਨ ਨਾਲ ਜੁੜੇ ਸਾਰੇ ਲੋਕਾਂ ਦੇ ਪ੍ਰਤੀ ਆਭਾਰ ਵਿਅਕਤ ਕੀਤਾ। ਸ੍ਰੀ ਸੱਤਿਆ ਸਾਈ ਵਿਦਿਆ ਵਾਹਿਨੀ ਦੇ ਸਟੇਟ ਕੋਆਰਡੀਨੇਟਰ ਸੁਸ਼੍ਰੀ ਪ੍ਰਿਯਾ ਟੰਡਨ ਨੇ ਕੋਰਸ ਦੀ ਰੂਪ-ਰੇਖਾ ਪ੍ਰਸਤੁਤ ਕੀਤੀ ਅਤੇ ਕਾਲਜ ਪੱਧਰ 'ਤੇ ਇਸ ਦੇ ਲਾਗੂਕਰਨ ਅਤੇ ਤਾਲਮੇਲ ਬਣਾਉਣ ਦੀਆਂ ਰਣਨੀਤੀਆਂ ਦੀ ਜਾਣਕਾਰੀ ਦਿੱਤੀ।

ਵਰਕਸ਼ਾਪ ਵਿੱਚ ਐੱਮਐੱਸ ਪਾਵਰ ਪੁਆਇੰਟ ਦੀ ਕਸਟਮਾਇਜ਼ੇਸ਼ਨ, ਐੱਚ5ਪੀ ਦੇ ਜ਼ਰੀਏ ਇੰਟਰਐਕਟਿਵ ਈ-ਕੰਟੈਂਟ ਤਿਆਰ ਕਰਨਾ, ਆਡੀਓ-ਵੀਡੀਓ ਨਿਰਮਾਣ, ਯੂਟਿਊਬ ਅਤੇ ਵੈੱਬ ਹੋਸਟਿੰਗ, ਬਲੌਗਿੰਗ, ਵਰਚੁਅਲ ਕਾਨਫਰੰਸਿੰਗ, ਏਆਈ- ਅਧਾਰਿਤ ਅਧਿਆਪਨ ਸੰਸਾਧਨ ਅਤੇ ਸਿੱਖਿਆ ਵਿੱਚ ਆਰਟੀਫਿਸ਼ਲ ਇੰਟੈਲੀਜੈਂਸ (ਏਆਈ) ਦੇ ਜ਼ਿੰਮੇਦਾਰ ਉਪਯੋਗ ਜਿਹੇ ਵਿਸ਼ਿਆਂ 'ਤੇ ਪ੍ਰੈਕਟਿਕਲ ਟ੍ਰੇਨਿੰਗ ਦਿੱਤੀ ਗਈ। ਤਿਨ੍ਹਾਂ ਸੈਸ਼ਨਾਂ ਨਾਲ ਵਿਦਿਆਰਥੀਆਂ ਦਾ ਡਿਜੀਟਲ ਸਾਧਨਾਂ, ਮਲਟੀਮੀਡੀਆ ਸੰਸਾਧਨਾਂ ਅਤੇ ਆਰਟੀਫਿਸ਼ਲ ਇੰਟੈਲੀਜੈਂਸ ਦੇ ਉਪਯੋਗ ਨੂੰ ਲੈਕੇ ਆਤਮਵਿਸ਼ਵਾਸ ਵਧਿਆ। ਸਮਾਪਨ ਸੈਸ਼ਨ ਵਿੱਚ ਵਿਦਿਆਰਥੀਆਂ ਨੇ ਟ੍ਰੇਨਿੰਗ ਦੀ ਪ੍ਰੈਕਟਿਕਲ ਉਪਯੋਗਤਾ 'ਤੇ ਸਕਾਰਾਤਮਕ ਪ੍ਰਤੀਕਿਰਿਆ ਸਾਂਝੀ ਕੀਤੀ।

ਵਰਕਸ਼ਾਪ ਦਾ ਸੰਚਾਲਨ ਸ਼੍ਰੀਮਤੀ ਕਰੁਣਾ ਮੁਨਸ਼ੀ, ਡਾਇਰੈਕਟਰ, ਸ੍ਰੀ ਸੱਤਿਆ ਸਾਈ ਵਿਦਿਆ ਵਾਹਿਨੀ ਦੇ ਮਾਰਗਦਰਸ਼ਨ ਵਿੱਚ ਕੀਤਾ ਗਿਆ। ਇਸ ਰਿਸੋਰਸ ਟੀਮ ਵਿੱਚ ਕੇਸ਼ਵ ਮਿਸ਼ਰਾ, ਰਾਧਿਕਾ ਬਾਲਾਚੰਦਰਨ, ਨੰਦਿਨੀ ਨਾਗੇਸ਼ ਅਤੇ ਮੁਤਯਾ ਵੱਲੋਂ ਦੇਵੀ ਸ਼ਾਮਲ ਸਨ। ਸ੍ਰੀ ਸੱਤਿਆ ਸਾਈ ਸੰਗਠਨ, ਚੰਡੀਗੜ੍ਹ ਦੇ ਵਲੰਟੀਅਰਾਂ ਸ਼ਾਲਿਨੀ ਜਟਾਨਾ, ਰੁਚੀ ਧੀਰ ਅਤੇ ਗਜੇਂਦਰ ਸਿੰਘ ਨੇ ਵੀ ਸਹਿਯੋਗ ਦਿੱਤਾ। ਕਾਲਜ ਪੱਧਰ 'ਤੇ ਇਸ ਪ੍ਰੋਗਰਾਮ ਦਾ ਤਾਲਮੇਲ ਡਾ. ਸੁਮਨ ਖੱਖਰ, ਆਈਸੀਟੀ ਵਿਭਾਗ, ਜੀਸੀਈ, ਚੰਡੀਗੜ੍ਹ ਨੇ ਪ੍ਰਿੰਸੀਪਲ ਡਾ. ਸਪਨਾ ਨੰਦਾ ਦੇ ਮਾਰਗਦਰਸ਼ਨ ਵਿੱਚ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਡੀਨ ਡਾ. ਏ.ਕੇ. ਸ਼੍ਰੀਵਾਸਤਵ ਨੇ ਧੰਨਵਾਦ ਪ੍ਰਸਤਾਵ ਪ੍ਰਸਤੁਤ ਕੀਤਾ ਅਤੇ ਯੋਗਦਾਨ ਦੇਣ ਲਈ ਸਿੱਖਿਆ ਸਕੱਤਰ, ਸ੍ਰੀ ਸੱਤਿਆ ਸਾਈ ਵਿਦਿਆ ਵਾਹਿਨੀ, ਸੰਸਾਧਨ ਵਿਅਕਤੀਆਂ, ਕਾਲਜ ਪ੍ਰਸ਼ਾਸਨ, ਵਲੰਟੀਅਰਾਂ ਅਤੇ ਪ੍ਰਤੀਭਾਗੀਆਂ ਦਾ ਆਭਾਰ ਵਿਅਕਤ ਕੀਤਾ।

# ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਦੀ ਪਵਿੱਤਰਤਾ ਭੰਗ ਕਰਨ ਵਾਲੀ ਘਟਨਾ ਦੀ ਸਖ਼ਤ ਨਿਖੇਧੀ: ਕਾਲਕਾ, ਕਾਹਲੋਂ

**ਨਵੀਂ ਦਿੱਲੀ, 13 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਦੀ ਪਵਿੱਤਰ ਹਦੂਦ ਵਿੱਚ ਕਥਿਤ ਤੌਰ 'ਤੇ ਸਿਆਸੀ ਨਾਅਰੇਬਾਜ਼ੀ ਕਰਨ ਅਤੇ ਜਾਣਬੁੱਝ ਕੇ ਵਿਘਨ ਪੈਦਾ ਕਰਨ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋਵੇਂ ਆਗੂਆਂ ਨੇ ਕਿਹਾ ਕਿ ਗੁਰੂ ਘਰ ਦੀ ਪਵਿੱਤਰਤਾ ਅਤੇ ਮਰਿਆਦਾ ਨੂੰ ਕਿਸੇ ਵੀ ਸਿਆਸੀ ਪ੍ਰਚਾਰ ਜਾਂ ਗਤੀਵਿਧੀ ਲਈ ਵਰਤਣਾ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਅਤੇ ਅਤਿ ਨਿੰਦਣਯੋਗ ਕੋਝਾ ਉਪਰਾਲਾ ਹੈ।



ਸਰਦਾਰ ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਸ਼ਿਕਾਇਤ ਵਿੱਚ ਦਰਜ ਵੇਰਵਿਆਂ ਅਨੁਸਾਰ ਇਹ ਕਿਸੇ ਸੋਚੀ-ਸਮਝੀ ਅਤੇ ਯੋਜਨਾਬੱਧ ਕਾਰਵਾਈ ਦਾ ਨਤੀਜਾ ਜਾਪਦੀ ਹੈ, ਜਿਸ ਰਾਹੀਂ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਦੀ ਪਵਿੱਤਰਤਾ ਨੂੰ ਸਿਆਸੀ ਮਨੋਰਥਾਂ ਲਈ ਦੁਰਵਰਤਣ ਦੀ ਕੋਸ਼ਿਸ਼ ਕੀਤੀ ਗਈ। ਉਨ੍ਹਾਂ ਕਿਹਾ ਕਿ ਗੁਰੂ ਘਰ ਹਰ ਧਰਮ ਅਤੇ ਹਰ ਵਰਗ ਦੇ ਲੋਕਾਂ ਲਈ ਸ਼ਰਧਾ, ਸ਼ਾਂਤੀ ਅਤੇ ਆਤਮਿਕਤਾ ਦਾ ਕੇਂਦਰ ਹੈ, ਇਸ ਲਈ ਗੁਰਦੁਆਰਾ ਬੰਗਲਾ ਸਾਹਿਬ ਦੀ ਮਰਿਆਦਾ ਨਾਲ ਕਿਸੇ ਵੀ ਤਰ੍ਹਾਂ ਦਾ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਦੱਸਿਆ ਕਿ ਇਸ ਮਾਮਲੇ ਸਬੰਧੀ ਅਰਵਿੰਦ ਕੇਜਰੀਵਾਲ ਅਤੇ ਉਨ੍ਹਾਂ ਦੇ ਸਾਥੀਆਂ ਵਿਰੁੱਧ ਡੀਸੀਪੀ ਨਵੀਂ ਦਿੱਲੀ ਕੋਲ ਰਸਮੀ ਸ਼ਿਕਾਇਤ ਦਰਜ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਸ਼ਿਕਾਇਤ ਵਿੱਚ ਘਟਨਾ ਦੀ ਪੂਰੀ ਜਾਂਚ, ਇਸ ਪਿੱਛੇ ਮੌਜੂਦ ਸਾਜ਼ਿਸ਼ ਅਤੇ ਤਾਲਮੇਲ ਦੀ ਪੜਤਾਲ ਕਰਨ ਅਤੇ ਗੁਰਦੁਆਰਾ ਸਾਹਿਬ ਦੀ ਪਵਿੱਤਰਤਾ ਨੂੰ ਸਿਆਸੀ ਗਤੀਵਿਧੀਆਂ ਲਈ ਵਰਤਣ ਵਾਲੇ ਜ਼ਿੰਮੇਂਵਾਰ ਵਿਅਕਤੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਸਿਆਸੀ ਵਿਚਾਰਾਂ ਦੇ ਪ੍ਰਚਾਰ ਲਈ ਧਾਰਮਿਕ ਸਥਾਨਾਂ ਦੀ ਵਰਤੋਂ ਕਰਨਾ ਨਾ ਸਿਰਫ਼ ਧਾਰਮਿਕ ਮਰਿਆਦਾਵਾਂ ਦੀ ਉਲੰਘਣਾ ਹੈ, ਸਗੋਂ ਸਮਾਜਕ ਸਦਭਾਵਨਾ ਅਤੇ ਲੋਕਤੰਤਰੀ ਜ਼ਿੰਮੇਂਵਾਰੀ ਦੇ ਵੀ ਵਿਰੁੱਧ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਪਾਰਟੀ ਜਾਂ ਆਗੂ ਨੂੰ ਇਹ ਅਧਿਕਾਰ ਨਹੀਂ ਕਿ ਉਹ ਆਪਣੇ ਸਿਆਸੀ ਲਾਭ ਲਈ ਗੁਰੂ ਘਰ ਦੀ ਪਵਿੱਤਰਤਾ ਅਤੇ ਸੰਗਤ ਦੀਆਂ ਭਾਵਨਾਵਾਂ ਨਾਲ ਖਿਲਵਾੜ ਕਰੇ।

ਸਰਦਾਰ ਕਾਲਕਾ ਨੇ ਦਿੱਲੀ ਪੁਲਿਸ ਅਤੇ ਸਬੰਧਤ ਜਾਂਚ ਏਜੰਸੀਆਂ ਤੋਂ ਮੰਗ ਕੀਤੀ ਕਿ ਮਾਮਲੇ ਦੀ ਨਿਰਪੱਖ ਅਤੇ ਸਮਾਂਬੱਧ ਜਾਂਚ ਕਰਵਾਈ ਜਾਵੇ, ਘਟਨਾ ਨਾਲ ਜੁੜੇ ਸਾਰੇ ਵਿਅਕਤੀਆਂ ਦੀ ਭੂਮਿਕਾ ਦੀ ਪੜਤਾਲ ਕੀਤੀ ਜਾਵੇ ਅਤੇ ਜ਼ਿੰਮੇਵਾਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਦੀ ਮਰਿਆਦਾ ਅਤੇ ਪਵਿੱਤਰਤਾ ਦੀ ਰਾਖੀ ਕਰਨਾ ਹਰ ਜ਼ਿੰਮੇਵਾਰ ਨਾਗਰਿਕ ਅਤੇ ਪ੍ਰਸ਼ਾਸਨ ਦੀ ਸਾਂਝੀ ਜ਼ਿੰਮੇਵਾਰੀ ਹੈ।

# ਹਰਜੀਤ ਸਿੰਘ ਗਰੇਵਾਲ ਦਾ ਗਿੱਲ ਵਿੱਚ ਨਿੱਘਾ ਸਵਾਗਤ; ਘੱਟ ਗਿਣਤੀਆਂ ਨੂੰ ਨਿਆਂ ਅਤੇ ਸਮਰਥਨ ਦਾ ਭਰੋਸਾ ਦਿੱਤਾ

**ਲੁਧਿਆਣਾ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਹਿਲੇ ਨਵਰਾਤਰੇ ਦੇ ਸ਼ੁਭ ਮੌਕੇ 'ਤੇ, ਭਾਰਤ ਸਰਕਾਰ ਦੇ ਰਾਸ਼ਟਰੀ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਸ਼੍ਰੀ ਹਰਜੀਤ ਸਿੰਘ ਗਰੇਵਾਲ ਨੇ ਹਰਮਨ ਰਿਜ਼ੋਰਟ, ਲੱਡੂਵਾਲ, ਲੁਧਿਆਣਾ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਦਾ ਗਿੱਲ ਹਲਕੇ ਦੇ ਲੋਕਾਂ ਅਤੇ ਸੀਨੀਅਰ ਭਾਜਪਾ ਨੇਤਾਵਾਂ ਵੱਲੋਂ ਇਸ ਵੱਕਾਰੀ ਰਾਸ਼ਟਰੀ ਅਹੁਦੇ 'ਤੇ ਨਿਯੁਕਤੀ ਤੋਂ ਬਾਅਦ ਪਹਿਲੀ ਫੇਰੀ 'ਤੇ ਨਿੱਘਾ ਸਵਾਗਤ ਕੀਤਾ ਗਿਆ।

ਇਸ ਸਵਾਗਤ ਸਮਾਰੋਹ ਦੀ ਅਗਵਾਈ ਸ੍ਰੀ ਐਸ.ਆਰ. ਲੱਧੜ, ਆਈ.ਏ.ਐਸ. (ਸੇਵਾਮੁਕਤ), ਹਲਕਾ ਇੰਚਾਰਜ, ਗਿੱਲ ਨੇ ਕੀਤੀ, ਜਿਸ ਵਿੱਚ ਸੀਨੀਅਰ ਭਾਜਪਾ ਆਗੂਆਂ, ਪਾਰਟੀ ਵਰਕਰਾਂ ਅਤੇ ਘੱਟ ਗਿਣਤੀ ਭਾਈਚਾਰਿਆਂ ਦੇ ਮੈਂਬਰਾਂ ਦਾ ਇੱਕ ਵੱਡਾ ਇਕੱਠ ਸ਼ਾਮਲ ਸੀ। ਇਸ ਮੌਕੇ ਸ੍ਰੀ ਹੌਬੀ ਧਾਲੀਵਾਲ, ਸ੍ਰੀਮਤੀ ਰਾਸ਼ੀ ਅਗਰਵਾਲ, ਸ੍ਰੀ ਰਮਿੰਦਰ ਸਿੰਘ ਸੰਗੋਵਾਲ, ਸ੍ਰੀ ਸੁਰਿੰਦਰ ਕੁਮਾਰ ਮਹਿਸਮਪੁਰ, ਸ੍ਰੀ
ਸ੍ਰੀ ਪਵਨ ਟਿੰਕੂ, ਸ੍ਰੀ ਰਾਜਾ ਅਟਵਾਲ, ਸ੍ਰੀ ਅਸੀਮ ਕੱਕੜ, ਸ੍ਰੀ ਡੇਨੀਅਲ, ਸ੍ਰੀ ਥਾਮਸ ਮਸੀਹ, ਸ੍ਰੀ ਕੁਲਦੀਪ ਸਿੰਘ ਸਿੱਧੂਪੁਰ, ਸ੍ਰੀ ਮੇਜਰ ਅੰਜੂ ਬਾਲਾ, ਸ੍ਰੀਮਤੀ ਪਰਮਿੰਦਰ ਕੌਰ, ਸ੍ਰੀ ਮੇਜਰ ਸਿੰਘ ਦੇਤਵਾਲ, ਸ੍ਰੀ ਵਿਭੋਰ ਗਰਗ, ਸ੍ਰੀ ਸ਼ੰਟੀ ਅਤੇ ਹੋਰ ਕਈ ਪ੍ਰਮੁੱਖ ਆਗੂ ਹਾਜ਼ਰ ਸਨ। ਸ਼੍ਰੀ ਗਰੇਵਾਲ ਨੇ ਪ੍ਰੋਗਰਾਮ ਦੀ ਸ਼ੁਰੂਆਤ ਮਾਤਾ ਦੁਰਗਾ ਦੀ ਪਵਿੱਤਰ ਜੋਤੀ ਨੂੰ ਪ੍ਰਕਾਸ਼ਿਤ ਕਰਕੇ ਅਤੇ ਨਵਰਾਤਰੇ ਦੇ ਸ਼ੁੱਭ ਮੌਕੇ 'ਤੇ ਉਨ੍ਹਾਂ ਦਾ ਆਸ਼ੀਰਵਾਦ ਲੈ ਕੇ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕੀਤਾ ਅਤੇ ਮੀਡੀਆ ਦੇ ਮੈਂਬਰਾਂ ਨਾਲ ਗੱਲਬਾਤ ਕੀਤੀ।



**ਗਰੇਵਾਲ ਨੇ ਘੱਟ ਗਿਣਤੀਆਂ ਨੂੰ ਨਿਆਂ ਅਤੇ ਮੁਆਵਜ਼ੇ ਦਾ ਭਰੋਸਾ ਦਿੱਤਾ**

ਇਕੱਠ ਨੂੰ ਸੰਬੋਧਨ ਕਰਦੇ ਹੋਏ, ਸ੍ਰੀ ਹਰਜੀਤ ਸਿੰਘ ਗਰੇਵਾਲ ਨੇ ਰਾਸ਼ਟਰੀ ਪੱਧਰ 'ਤੇ ਆਪਣੀਆਂ ਜ਼ਿੰਮੇਵਾਰੀਆਂ ਬਾਰੇ ਗੱਲ ਕੀਤੀ ਅਤੇ ਭਾਰਤ ਭਰ ਦੇ ਘੱਟ ਗਿਣਤੀ ਭਾਈਚਾਰਿਆਂ ਦੇ ਲਗਭਗ 30 ਕਰੋੜ ਮੈਂਬਰਾਂ ਦੀਆਂ ਨਿਆਂ ਨੂੰ ਯਕੀਨੀ ਬਣਾਉਣ, ਅਧਿਕਾਰਾਂ ਦੀ ਰੱਖਿਆ ਕਰਨ ਅਤੇ ਸ਼ਿਕਾਇਤਾਂ ਨੂੰ ਦੂਰ ਕਰਨ ਲਈ ਆਪਣੀ ਵਚਨਬੱਧਤਾ ਦੀ ਪੁਸ਼ਟੀ ਕੀਤੀ।

ਉਨ੍ਹਾਂ ਨੇ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦਾ ਇਸ ਮਹੱਤਵਪੂਰਨ ਜ਼ਿੰਮੇਵਾਰੀ ਨੂੰ ਸੌਂਪਣ ਲਈ ਧੰਨਵਾਦ ਕੀਤਾ। ਉਨ੍ਹਾਂ ਘੱਟ ਗਿਣਤੀ ਭਾਈਚਾਰਿਆਂ ਦੇ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀਆਂ ਚਿੰਤਾਵਾਂ 'ਤੇ ਢੁਕਵਾਂ ਧਿਆਨ ਦਿੱਤਾ ਜਾਵੇਗਾ ਅਤੇ ਉਨ੍ਹਾਂ ਨੂੰ ਦਿੱਲੀ ਵਿੱਚ ਉਨ੍ਹਾਂ ਨਾਲ ਸੰਪਰਕ ਕਰਨ ਜਾਂ ਢੁਕਵੇਂ ਨਿਪਟਾਰੇ ਲਈ ਆਪਣੀਆਂ ਸ਼ਿਕਾਇਤਾਂ ਪੇਸ਼ ਕਰਨ ਦਾ ਸੱਦਾ ਦਿੱਤਾ।

ਸ਼੍ਰੀ ਗਰੇਵਾਲ ਨੇ ਸਵਾਗਤ ਸਮਾਰੋਹ ਦੇ ਆਯੋਜਨ ਲਈ ਸ਼੍ਰੀ ਐਸ.ਆਰ. ਲੱਧੜ ਦਾ ਧੰਨਵਾਦ ਕੀਤਾ ਅਤੇ ਜਨਤਕ ਸੇਵਾ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਦੀ ਸ਼ਲਾਘਾ ਕੀਤੀ। ਉਨ੍ਹਾਂ ਗਿੱਲ ਹਲਕੇ ਦੇ ਲੋਕਾਂ ਨੂੰ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਸਹੀ ਪ੍ਰਤੀਨਿਧੀ ਚੁਣਨ ਦੀ ਅਪੀਲ ਕੀਤੀ ਤਾਂ ਜੋ ਸੂਬਾ ਪਾਰਦਰਸ਼ੀ, ਜਵਾਬਦੇਹ ਅਤੇ ਭ੍ਰਿਸ਼ਟਾਚਾਰ ਮੁਕਤ ਸ਼ਾਸਨ ਵੱਲ ਵਧ ਸਕੇ।

ਸ੍ਰੀ ਲੱਧੜ ਦੀ ਪ੍ਰਸ਼ੰਸਾ ਕਰਦੇ ਹੋਏ, ਸ੍ਰੀ ਗਰੇਵਾਲ ਨੇ ਉਨ੍ਹਾਂ ਨੂੰ ਭਾਜਪਾ ਲਈ ਇੱਕ ਸੰਪਤੀ ਦੱਸਿਆ, ਉਨ੍ਹਾਂ ਦੇ ਲੰਬੇ ਪ੍ਰਸ਼ਾਸਕੀ ਤਜਰਬੇ, ਸੇਵਾ ਦੇ ਇਮਾਨਦਾਰ ਰਿਕਾਰਡ ਅਤੇ ਜਨਤਾ ਲਈ ਨਿਰੰਤਰ ਉਪਲਬਧਤਾ ਦਾ ਹਵਾਲਾ ਦਿੱਤਾ। ਉਨ੍ਹਾਂ ਕਿਹਾ ਕਿ ਸ੍ਰੀ ਲੱਧੜ ਦੇ ਸਮਰਪਣ ਅਤੇ ਪਹੁੰਚਯੋਗਤਾ ਨੇ ਉਨ੍ਹਾਂ ਨੂੰ ਇੱਕ ਕੀਮਤੀ ਜਨਤਕ ਸੇਵਕ ਅਤੇ ਰਾਜਨੀਤਿਕ ਪ੍ਰਤੀਨਿਧੀ ਬਣਾਇਆ।

ਗਰੇਵਾਲ ਨੇ ਸਾਊਦੀ ਅਰਬ ਵਿੱਚ ਫਾਂਸੀ ਦਾ ਸਾਹਮਣਾ ਕਰ ਰਹੇ ਪਰਿਵਾਰਾਂ ਨੂੰ ਮਦਦ ਦਾ ਭਰੋਸਾ ਦਿੱਤਾ

ਪ੍ਰੋਗਰਾਮ ਦੇ ਸਭ ਤੋਂ ਮਹੱਤਵਪੂਰਨ ਪਲਾਂ ਵਿੱਚੋਂ ਇੱਕ ਸ਼੍ਰੀ ਗਰੇਵਾਲ ਦੀ ਸ੍ਰੀ ਚਮਕੌਰ ਸਾਹਿਬ ਦੇ ਦੋ ਪਰਿਵਾਰਾਂ ਨਾਲ ਗੱਲਬਾਤ ਸੀ ਜਿਨ੍ਹਾਂ ਦੇ ਪੁੱਤਰਾਂ ਨੂੰ ਸਾਊਦੀ ਅਰਬ ਦੀਆਂ ਅਦਾਲਤਾਂ ਦੁਆਰਾ ਮੌਤ ਦੀ ਸਜ਼ਾ ਸੁਣਾਈ ਗਈ ਹੈ। ਪਰਿਵਾਰਾਂ ਦੀਆਂ ਚਿੰਤਾਵਾਂ ਸੁਣਨ ਤੋਂ ਬਾਅਦ, ਸ਼੍ਰੀ ਗਰੇਵਾਲ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਕਿ ਉਹ ਇਹ ਮਾਮਲਾ ਭਾਰਤ ਸਰਕਾਰ ਕੋਲ ਉਠਾਉਣਗੇ ਅਤੇ ਢੁਕਵੇਂ ਕੂਟਨੀਤਕ ਚੈਨਲਾਂ ਦੀ ਪੈਰਵੀ ਕਰਨਗੇ, ਜਿਸ ਵਿੱਚ ਸਾਊਦੀ ਅਰਬ ਦੇ ਅਧਿਕਾਰੀਆਂ ਨਾਲ ਗੱਲਬਾਤ ਵੀ ਸ਼ਾਮਲ ਹੈ, ਤਾਂ ਜੋ ਰਾਹਤ ਅਤੇ ਉਨ੍ਹਾਂ ਦੇ ਪੁੱਤਰਾਂ ਦੀ ਰਿਹਾਈ ਲਈ ਹਰ ਸੰਭਵ ਰਸਤਾ ਲੱਭਿਆ ਜਾ ਸਕੇ।

ਉਨ੍ਹਾਂ ਨੇ ਪਰਿਵਾਰਾਂ ਨੂੰ ਆਪਣੀ ਭੂਮਿਕਾ ਦੇ ਦਾਇਰੇ ਵਿੱਚ ਹਰ ਸੰਭਵ ਸਹਾਇਤਾ ਦਾ ਭਰੋਸਾ ਵੀ ਦਿੱਤਾ। ਮੇਜਰ ਅੰਜੂ ਬਾਲਾ ਮੀਟਿੰਗ ਦੌਰਾਨ ਪਰਿਵਾਰਾਂ ਦੇ ਨਾਲ ਸਨ। ਪਰਿਵਾਰਾਂ ਨੇ ਉਮੀਦ ਪ੍ਰਗਟ ਕੀਤੀ ਕਿ ਇਹ ਦਖਲ ਉਨ੍ਹਾਂ ਦੀ ਅਪੀਲ ਨੂੰ ਅੱਗੇ ਵਧਾਉਣ ਅਤੇ ਉਨ੍ਹਾਂ ਦੇ ਅਜ਼ੀਜ਼ਾਂ ਨੂੰ ਰਾਹਤ ਦੇਣ ਵਿੱਚ ਮਦਦ ਕਰੇਗਾ।

**ਪੰਜਾਬ ਦੀ ਭਾਈਚਾਰਕ ਸਾਂਝ ਦਾ ਪ੍ਰਤੀਕ**

ਇਸ ਇਕੱਠ ਵਿੱਚ ਸਿੱਖ, ਮੁਸਲਿਮ ਅਤੇ ਈਸਾਈ ਭਾਈਚਾਰਿਆਂ ਦੇ ਮੈਂਬਰਾਂ ਨੇ ਭਾਗ ਲਿਆ, ਜੋ ਪੰਜਾਬ ਦੀ ਫਿਰਕੂ ਸਦਭਾਵਨਾ, ਆਪਸੀ ਸਤਿਕਾਰ ਅਤੇ ਸਮਾਜਿਕ ਭਾਈਚਾਰੇ ਦੀ ਅਮੀਰ ਪਰੰਪਰਾ ਨੂੰ ਦਰਸਾਉਂਦਾ ਹੈ।

ਨਵਰਾਤਿਆਂ ਦੇ ਸ਼ੁਭ ਮੌਕੇ 'ਤੇ ਆਯੋਜਿਤ ਇਸ ਪ੍ਰੋਗਰਾਮ ਨੇ ਧਾਰਮਿਕ ਭਾਈਚਾਰਿਆਂ ਵਿੱਚ ਏਕਤਾ ਅਤੇ ਸਤਿਕਾਰ ਦਾ ਸੰਦੇਸ਼ ਦਿੱਤਾ। ਵੱਖ-ਵੱਖ ਪਿਛੋਕੜਾਂ ਦੇ ਲੋਕਾਂ ਦੀ ਭਾਗੀਦਾਰੀ ਨੇ ਸਰਬੱਤ ਦਾ ਭਲਾ - ਸਭ ਦੀ ਭਲਾਈ - ਦੀ ਭਾਵਨਾ ਨੂੰ ਉਜਾਗਰ ਕੀਤਾ।

ਪ੍ਰੋਗਰਾਮ ਦੀ ਸਮਾਪਤੀ ਕਰਦੇ ਹੋਏ, ਸ੍ਰੀ ਐਸ.ਆਰ. ਲੱਧੜ ਨੇ ਸਾਰੇ ਵਿਸ਼ੇਸ਼ ਮਹਿਮਾਨਾਂ, ਭਾਜਪਾ ਆਗੂਆਂ, ਪਾਰਟੀ ਵਰਕਰਾਂ ਅਤੇ ਘੱਟ ਗਿਣਤੀ ਭਾਈਚਾਰਿਆਂ ਦੇ ਮੈਂਬਰਾਂ ਦਾ ਧੰਨਵਾਦ ਕੀਤਾ ਕਿ ਉਹ ਸ਼੍ਰੀ ਹਰਜੀਤ ਸਿੰਘ ਗਰੇਵਾਲ ਦਾ ਸਵਾਗਤ ਕਰਨ ਲਈ ਵੱਡੀ ਗਿਣਤੀ ਵਿੱਚ ਪਹੁੰਚੇ, ਜਿਨ੍ਹਾਂ ਨੂੰ ਉਨ੍ਹਾਂ ਨੇ ਧਰਤੀ ਦਾ ਪੁੱਤਰ ਦੱਸਿਆ। ਉਨ੍ਹਾਂ ਵਿਸ਼ਵਾਸ ਪ੍ਰਗਟ ਕੀਤਾ ਕਿ ਸ਼੍ਰੀ ਗਰੇਵਾਲ ਦੀ ਨਵੀਂ ਰਾਸ਼ਟਰੀ ਜ਼ਿੰਮੇਵਾਰੀ ਘੱਟ ਗਿਣਤੀ ਭਾਈਚਾਰਿਆਂ ਦੀਆਂ ਚਿੰਤਾਵਾਂ ਨੂੰ ਉਠਾਉਣ ਅਤੇ ਨਿਆਂ ਤੱਕ ਉਨ੍ਹਾਂ ਦੀ ਪਹੁੰਚ ਨੂੰ ਮਜ਼ਬੂਤ ਕਰਨ ਲਈ ਇੱਕ ਮਹੱਤਵਪੂਰਨ ਪਲੇਟਫਾਰਮ ਪ੍ਰਦਾਨ ਕਰੇਗੀ।

# ਰਾਸ਼ਟਰੀ ਘੱਟਗਿਣਤੀ ਕਮਿਸ਼ਨ ਦੇ ਚੇਅਰਮੈਨ ਸ਼੍ਰੀ ਹਰਜੀਤ ਸਿੰਘ ਗਰੇਵਾਲ ਨੇ ਚੰਡੀਗੜ੍ਹ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ



**ਚੰਡੀਗੜ੍ਹ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਭਾਰਤ ਸਰਕਾਰ ਦੇ ਰਾਸ਼ਟਰੀ ਘੱਟਗਿਣਤੀ ਕਮਿਸ਼ਨ (ਐੱਨਸੀਐੱਮ) ਦੇ ਚੇਅਰਮੈਨ ਸ਼੍ਰੀ ਹਰਜੀਤ ਸਿੰਘ ਗਰੇਵਾਲ ਨੇ ਅੱਜ ਯੂਟੀ ਗੈਸਟ ਹਾਊਸ, ਚੰਡੀਗੜ੍ਹ ਵਿਖੇ ਚੰਡੀਗੜ੍ਹ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ।

ਮੀਟਿੰਗ ਵਿੱਚ ਘੱਟਗਿਣਤੀ ਭਾਈਚਾਰਿਆਂ ਨਾਲ ਜੁੜੇ ਵਿਭਿੰਨ ਮੁੱਦਿਆਂ, ਉਨ੍ਹਾਂ ਦੀ ਸੁਰੱਖਿਆ ਅਤੇ ਭਲਾਈ, ਸੰਵਿਧਾਨਕ ਅਤੇ ਕਾਨੂੰਨੀ ਅਧਿਕਾਰਾਂ ਦੀ ਸੁਰੱਖਿਆ ਅਤੇ ਸਰਕਾਰੀ ਕਲਿਆਣਕਾਰੀ ਯੋਜਨਾਵਾਂ ਦੇ ਪ੍ਰਭਾਵੀ ਲਾਗੂਕਰਨ ਦੀ ਸਮੀਖਿਆ ਕੀਤੀ ਗਈ। ਇਸ ਦੌਰਾਨ ਪ੍ਰਸ਼ਾਸਨਿਕ ਵਿਭਾਗਾਂ ਦੇ ਦਰਮਿਆਨ ਬਿਹਤਰ ਤਾਲਮੇਲ ਸਥਾਪਿਤ ਕਰਨ ਅਤੇ ਘੱਟਗਿਣਤੀ ਭਾਈਚਾਰਿਆਂ ਨਾਲ ਸਬੰਧਿਤ ਸ਼ਿਕਾਇਤਾਂ ਦਾ ਸਮਾਂਬੱਧ ਸਮਾਧਾਨ ਸੁਨਿਸ਼ਚਿਤ ਕਰਨ 'ਤੇ ਵੀ ਚਰਚਾ ਹੋਈ।

ਚੇਅਰਮੈਨ ਸ਼੍ਰੀ ਗਰੇਵਾਲ ਨੇ ਘੱਟਗਿਣਤੀ ਭਾਈਚਾਰਿਆਂ ਦੀ ਭਲਾਈ, ਸਿੱਖਿਆ, ਸਮਾਜ ਭਲਾਈ, ਮਹਿਲਾ ਤੇ ਬਾਲ ਵਿਕਾਸ ਨਾਲ ਜੁੜੇ ਵਿਸ਼ਿਆਂ ਦੀ ਸਮੀਖਿਆ ਕੀਤੀ। ਉਨ੍ਹਾਂ ਨੇ ਘੱਟਗਿਣਤੀ ਭਾਈਚਾਰਿਆਂ ਦੇ ਸਮਾਜਿਕ ਤੇ ਆਰਥਿਕ ਵਿਕਾਸ ਲਈ ਸਬੰਧਿਤ ਵਿਭਾਗਾਂ ਦੁਆਰਾ ਚਲਾਈਆਂ ਜਾ ਰਹੀਆਂ ਵਿਭਿੰਨ ਯੋਜਨਾਵਾਂ ਅਤੇ ਪਹਿਲਾਂ ਦੀ ਜਾਣਕਾਰੀ ਵੀ ਲਈ।

ਸ਼੍ਰੀ ਗਰੇਵਾਲ ਨੇ ਕਿਹਾ ਕਿ ਘੱਟਗਿਣਤੀ ਭਾਈਚਾਰਿਆਂ ਦੇ ਅਧਿਕਾਰਾਂ ਦੀ ਰੱਖਿਆ ਕਰਨਾ, ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਸਮੇਂ 'ਤੇ ਸਮਾਧਾਨ ਕਰਨਾ ਅਤੇ ਸਰਕਾਰੀ ਕਲਿਆਣਕਾਰੀ ਯੋਜਨਾਵਾਂ ਦਾ ਲਾਭ ਪਾਤਰ ਵਿਅਕਤੀਆਂ ਤੱਕ ਪਹੁੰਚਾਉਣਾ ਸਬੰਧਿਤ ਅਧਿਕਾਰੀਆਂ ਦੀਆਂ ਪ੍ਰਮੁੱਖ ਪ੍ਰਾਥਮਿਕਤਾਵਾਂ ਵਿੱਚ ਸ਼ਾਮਲ ਹੋਣਾ ਚਾਹੀਦਾ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਘੱਟਗਿਣਤੀ ਭਾਈਚਾਰਿਆਂ ਨਾਲ ਜੁੜੇ ਮੁੱਦਿਆਂ ਦੇ ਸਮਾਧਾਨ ਵਿੱਚ ਸੰਵੇਦਨਸ਼ੀਲ, ਜ਼ਿੰਮੇਦਾਰ ਅਤੇ ਜਵਾਬਦੇਹ ਦ੍ਰਿਸ਼ਟੀਕੋਣ ਅਪਣਾਉਣ ਦੀ ਅਪੀਲ ਕੀਤੀ।

ਮੀਟਿੰਗ ਵਿੱਚ ਚੰਡੀਗੜ੍ਹ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਹਿੱਸਾ ਲਿਆ ਅਤੇ ਘੱਟਗਿਣਤੀ ਭਾਈਚਾਰਿਆਂ ਦੇ ਕਲਿਆਣ ਲਈ ਵਿਭਿੰਨ ਵਿਭਾਗਾਂ ਦੁਆਰਾ ਕੀਤੇ ਜਾ ਰਹੇ ਕਾਰਜਾਂ, ਸੰਚਾਲਿਤ ਯੋਜਨਾਵਾਂ ਅਤੇ ਸਬੰਧਿਤ ਮਾਮਲਿਆਂ ਵਿੱਚ ਕੀਤੀ ਜਾ ਰਹੀ ਕਾਰਵਾਈ ਦੀ ਜਾਣਕਾਰੀ ਸਾਂਝੀ ਕੀਤੀ।

ਰਾਸ਼ਟਰੀ ਘੱਟਗਿਣਤੀ ਕਮਿਸ਼ਨ ਨੇ ਘੱਟਗਿਣਤੀ ਭਾਈਚਾਰਿਆਂ ਦੇ ਅਧਿਕਾਰਾਂ ਅਤੇ ਹਿਤਾਂ ਦੀ ਰੱਖਿਆ ਕਰਨ ਅਤੇ ਸਬੰਧਿਤ ਕਲਿਆਣਕਾਰੀ ਯੋਜਨਾਵਾਂ ਦੇ ਪ੍ਰਭਾਵੀ ਲਾਗੂਕਰਨ ਨੂੰ ਸੁਨਿਸ਼ਚਿਤ ਕਰਨ ਲਈ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਤਾਲਮੇਲ ਬਣਾ ਕੇ ਕਾਰਜ ਕਰਨ ਦੀ ਆਪਣੀ ਪ੍ਰਤੀਬੱਧਤਾ ਦੁਹਰਾਈ।

# ਸਿਹਤ ਮੰਤਰੀ ਵੱਲੋਂ ਥਾਪਰ ਯੂਨੀਵਰਸਿਟੀ ਵਿਖੇ 'ਯੰਗ ਮਾਈਂਡ ਫੈਸਟੀਵਲ 2026' ਵਿੱਚ ਸ਼ਿਰਕਤ



**ਪਟਿਆਲਾ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਥਾਪਰ ਯੂਨੀਵਰਸਿਟੀ ਪਟਿਆਲਾ ਵਿਖੇ ਨੌਜਵਾਨ ਵਿਦਿਆਰਥੀਆਂ ਲਈ ਕਰਵਾਏ ਜਾ ਰਹੇ ਦੋ ਰੋਜ਼ਾ 'ਯੰਗ ਮਾਈਂਡ ਫੈਸਟੀਵਲ 2026' ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਨ, ਉਨ੍ਹਾਂ ਵਿੱਚ ਸਿਰਜਣਾਤਮਕ ਸੋਚ ਵਿਕਸਿਤ ਕਰਨ ਅਤੇ ਆਪਸੀ ਸਾਂਝ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਵੱਖ-ਵੱਖ ਪਿਛੋਕੜਾਂ ਤੋਂ ਆਏ ਵਿਦਿਆਰਥੀਆਂ ਨੂੰ ਇੱਕ ਮੰਚ 'ਤੇ ਇਕੱਠੇ ਹੋ ਕੇ ਸਿੱਖਣ, ਨਵੇਂ ਹੁਨਰ ਹਾਸਲ ਕਰਨ ਅਤੇ ਇੱਕ-ਦੂਜੇ ਦੇ ਤਜਰਬਿਆਂ ਤੋਂ ਸਿੱਖਣ ਦਾ ਮੌਕਾ ਪ੍ਰਦਾਨ ਕਰਦੇ ਹਨ। ਉਨ੍ਹਾਂ ਕਿਹਾ ਕਿ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਪੜ੍ਹਾਈ ਦੇ ਨਾਲ-ਨਾਲ ਖੇਡਾਂ, ਵਿਗਿਆਨ, ਗਣਿਤ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਭਾਗ ਲੈਣਾ ਵੀ ਬਹੁਤ ਮਹੱਤਵਪੂਰਨ ਹੈ।

# ਗੜੇਮਾਰੀ ਅਤੇ ਮੀਹ ਕਾਰਨ ਖੇਤਾਂ ਅਤੇ ਮੰਡੀਆਂ ਵਿੱਚ ਪਈ ਫਸਲ ਦਾ ਭਾਰੀ ਨੁਕਸਾਨ

**ਪੰਜਾਬ ਤੇ ਕੇਂਦਰ ਸਰਕਾਰ ਕਿਸਾਨਾ ਅਤੇ ਆੜਤੀਆਂ ਨੂੰ ਤਰੁੰਤ ਮੁਆਵਜਾਂ ਦੇਣ: ਮਿਸਲ ਸਤਲੁਜ**

**ਪਟਿਆਲਾ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪੰਥ,ਪੰਜਾਬ ਦੇ ਹਿੱਤਾ ਦੀ ਪਹਿਰੇਦਾਰ ਧਿਰ ਮਿਸਲ ਸਤਲੁਜ਼ ਨੇ ਬੇਮੌਸਮੀ ਮੀਹ ਅਤੇ ਗੜੇਮਾਰੀ ਹੋਣ ਕਾਰਨ ਝੋਨੇ ਦੀ ਫਸਲ ਤੇ ਹੋਏ ਨੁਕਸਾਨ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਮਿਸਲ ਸਤਲੁਜ਼ ਹਲਕਾ ਪਟਿਆਲਾ ਦਿਹਾਤੀ ਤੋਂ ਉਮੀਦਵਾਰ ਮਨਜੀਤ ਸਿੰਘ ਚਾਹਲ ਨੇ ਕਿਹਾ ਕਿ ਖੇਤਾ ਵਿੱਚ ਖੜ੍ਹੇ ਝੋਨੇ ਅਤੇ ਮੰਡੀਆਂ ਵਿੱਚ ਪਹੁੰਚੇ ਝੋਨੇ ਨੂੰ ਵੱਡਾ ਨੁਕਸਾਨ ਪਹੁੰਚਿਆਂ ਹੈ।ਜਿਸ ਕਾਰਨ ਕਿਸਾ ?ਨਾ ਅਤੇ ਆੜਤੀਆਂ ਦੀਆਂ ਮੁਸਕਲਾ ਵੱਧ ਗਈਆਂ ਹਨ।ਉਨ੍ਹਾਂ ਕਿਹਾ ਕਿ ਕਿਸਾ ?ਨਾ ਦੀ 6 ਮਹੀਨੇ ਦੀ ਮਹਿਨਤ ਨੂੰ ਕੁਦਰਤ ਦੀ ਮਾਰ ਦਾ ਸਿਕਾਰ ਹੋਣਾ ਪਿਆਂ ਹੈ।ਉਨ੍ਹਾਂ ਕਿਹਾ ਕਿ ਕੁਦਰਤੀ ਆਫਤਾ ਕਾਰਨ ਫਸਲਾਂ ਦਾ ਨੁਕਸਾਨ ਹੋਣ ਕਾਰਨ ਕਿਸਾ ?ਨਾਂ ਨੂੰ ਭਾਰੀ ਆਰਥਿਕ ਸੱਟ ਵੱਜਦੀ ਹੈ,ਉਨ੍ਹਾਂ ਕਿਹਾ ਕਿ ਮੀਹ ਪੈਣ ਨਾਲ ਝੋਨੇ ਦੀ ਕਟਾਈ ਦਾ ਕੰਮ ਵੀ ਪਛੜ ਗਿਆ ਹੈ,ਜਿਸ ਕਾਰਨ ਹੋਰ ਕਈ ਮੁਸਕਲਾ ਕਿਸਾਨਾ ਨੂੰ ਦਰਪੇਸ਼ ਆਉਣਗੀਆਂ।ਮਿਸਲ ਸਤਲੁਜ਼ ਨੇ ਕੇਂਦਰ ਅਤੇ ਪੰਜਾਬ ਸਰਕਾਰ ਤੋ ਮੰਗ ਕੀਤੀ ਕਿ ਉਹ ਕਿਸਾ ?ਨਾ ਅਤੇ ਆੜਤੀਆਂ ਨੂੰ ਵਿਸੇਸ਼ ਆਰਥਿਕ ਸਹਾਇਤਾ ਦਾ ਐਲਾਨ ਕਰੇ,ਉਨਾਂ ਮੰਗ ਕੀਤੀ ਕਿ ਕਿਸਾ ?ਨਾਂ ਦੀਆਂ ਫਸਲਾਂ ਦਾ ਬੀਮਾ ਸਰਕਾਰ ਨੂੰ ਆਪਣੇ ਖਰਚ ਤੇ ਕਰਨਾ ਚਾਹੀਦਾ ਹੈ।

# ਪੰਜਾਬ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨੇ ਵਾਤਾਵਰਣ ਸੁਰੱਖਿਆ ਉਪਾਵਾਂ ਬਾਰੇ ਕਰਵਾਇਆ ਸਿਖਲਾਈ ਪ੍ਰੋਗਰਾਮ

**ਚੰਡੀਗੜ੍ਹ, 13 ਅਕਤੂਬਰ**
**-ਹਰਮਨਪ੍ਰੀਤ ਕੌਰ-**

ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਦੇ ਦਿਸ਼ਾ-ਨਿਰਦੇਸ਼ਾਂ 'ਤੇ ਵਿਭਾਗ ਵੱਲੋਂ ਅੱਜ ਜਲ ਸਪਲਾਈ ਅਤੇ ਸੈਨੀਟੇਸ਼ਨ ਪ੍ਰਾਜੈਕਟਾਂ ਵਿੱਚ ਵਾਤਾਵਰਣ ਸੁਰੱਖਿਆ ਸਬੰਧੀ ਉਪਾਵਾਂ ਦੇ ਪ੍ਰਭਾਵੀ ਲਾਗੂਕਰਨ ਲਈ ਖੇਤਰੀ ਅਮਲੇ ਨੂੰ ਜਾਗਰੂਕ ਕਰਨ ਅਤੇ ਉਨ੍ਹਾਂ ਦੀ ਸਮਰੱਥਾ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਫੇਜ਼-2, ਐਸ.ਏ.ਐਸ. ਨਗਰ ਸਥਿਤ ਮੁੱਖ ਦਫ਼ਤਰ ਵਿਖੇ ਜਲ ਅਤੇ ਸੈਨੀਟੇਸ਼ਨ ਪ੍ਰਾਜੈਕਟ ਵਿੱਚ ਵਾਤਾਵਰਣ ਸੁਰੱਖਿਆ ਬਾਰੇ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਈ.ਈ.-ਕਮ-ਐਸ.ਈ.ਐਸ. ਇੰਜੀਨੀਅਰ ਸਰਬਜੀਤ ਸਿੰਘ; ਐਸ.ਈ.ਐਸ. ਡਾ. ਪ੍ਰਦੀਪ ਸ਼ਰਮਾ ਅਤੇ ਵਾਤਾਵਰਣ ਪ੍ਰਬੰਧਨ ਮਾਹਰ ਸ੍ਰੀ ਸਾਜ਼ਿਦ ਅਲੀ ਨੇ ਜਲ ਅਤੇ ਸੈਨੀਟੇਸ਼ਨ ਪ੍ਰਾਜੈਕਟਾਂ ਵਾਲੇ ਸਥਾਨਾਂ 'ਤੇ ਅਪਣਾਏ ਜਾਣ ਵਾਲੇ ਵਾਤਾਵਰਣ ਸੁਰੱਖਿਆ ਸਬੰਧੀ ਉਪਾਵਾਂ ਬਾਰੇ ਅਹਿਮ ਪੇਸ਼ਕਾਰੀਆਂ ਦਿੱਤੀਆਂ।

ਪੇਸ਼ਕਾਰੀਆਂ ਵਿੱਚ ਵਾਤਾਵਰਣ ਪ੍ਰਬੰਧਨ ਦੇ ਮੁੱਖ ਪਹਿਲੂਆਂ ਬਾਰੇ ਚਰਚਾ ਕੀਤੀ ਗਈ, ਜਿਸ ਵਿੱਚ ਸਾਈਟ ਦੀ ਸਫ਼ਾਈ ਅਤੇ ਹਾਊਸਕੀਪਿੰਗ, ਟ੍ਰੀਟਮੈਂਟ ਰਸਾਇਣਾਂ ਦੇ ਸੁਰੱਖਿਅਤ ਭੰਡਾਰਨ ਅਤੇ ਪ੍ਰਬੰਧਨ, ਰਹਿੰਦ-ਖੂੰਹਦ ਨੂੰ ਵੱਖ ਕਰਨਾ ਤੇ ਨਿਪਟਾਰਾ ਕਰਨਾ, ਪਾਣੀ ਤੇ ਮਿੱਟੀ ਪ੍ਰਦੂਸ਼ਣ ਦੀ ਰੋਕਥਾਮ, ਪੌਦੇ ਲਾ ਕੇ ਹਰਿਆਵਲ ਵਿੱਚ ਵਾਧਾ ਕਰਨਾ, ਕੰਮ ਦੌਰਾਨ ਸਿਹਤ ਅਤੇ ਸੁਰੱਖਿਆ, ਨਿੱਜੀ ਸੁਰੱਖਿਆ ਉਪਕਰਣਾਂ ਦੀ ਵਰਤੋਂ, ਅੱਗ ਸਬੰਧੀ ਸੁਰੱਖਿਆ, ਐਮਰਜੈਂਸੀ ਸਬੰਧੀ ਤਿਆਰੀ ਅਤੇ ਨਹਿਰੀ ਪਾਣੀ ਨਾਲ ਜੁੜੇ ਪ੍ਰਾਜੈਕਟਾਂ ਦੇ ਨਿਰਮਾਣ ਤੇ ਅਮਲ ਦੌਰਾਨ ਵਰਤੇ ਜਾਣ ਵਾਲੇ ਵਾਤਾਵਰਣ ਸੁਰੱਖਿਆ ਸਬੰਧੀ ਉਪਾਅ ਸ਼ਾਮਲ ਹਨ।

ਸਿਖਲਾਈ ਪ੍ਰੋਗਰਾਮ ਵਿੱਚ ਉਪ-ਮੰਡਲ ਇੰਜੀਨੀਅਰ (ਐਸ.ਡੀ.ਈ.), ਜੂਨੀਅਰ ਇੰਜੀਨੀਅਰ (ਜੇ.ਈ.) ਅਤੇ ਵਾਟਰ ਟ੍ਰੀਟਮੈਂਟ ਪਲਾਂਟਾਂ ਅਤੇ ਨਹਿਰੀ ਪਾਣੀ ਦੇ ਪ੍ਰਾਜੈਕਟਾਂ ਨਾਲ ਜੁੜੇ ਪ੍ਰਾਜੈਕਟ ਮੈਨੇਜਰਾਂ ਨੇ ਹਿੱਸਾ ਲਿਆ। ਸੂਬਾਈ ਵਾਤਾਵਰਣ ਟੀਮ ਵੱਲੋਂ ਕੀਤੇ ਗਏ ਨਿਰੀਖਣ ਦੌਰਾਨ ਦਰਜ ਕੀਤੇ ਨੁਕਤੇ, ਪ੍ਰਾਜੈਕਟ ਸਾਈਟਾਂ 'ਤੇ ਪਛਾਣੇ ਗਏ ਵਾਤਾਵਰਣ ਪਾਲਣਾ ਸਬੰਧੀ ਮੁੱਦਿਆਂ ਅਤੇ ਕਮੀਆਂ ਨੂੰ ਦੂਰ ਕਰਨ ਲਈ ਲੋੜੀਂਦੇ ਸੁਧਾਰਾਤਮਕ ਉਪਾਵਾਂ ਬਾਰੇ ਵਿਆਪਕ ਚਰਚਾ ਕੀਤੀ ਗਈ।

ਇਸ ਦੌਰਾਨ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਸਾਈਟਾਂ ਦੇ ਨਿਯਮਤ ਤੌਰ 'ਤੇ ਨਿਰੀਖਣ ਕਰਨ, ਵਾਤਾਵਰਣ ਸਬੰਧੀ ਰਿਕਾਰਡਾਂ ਅਤੇ ਫੋਟੋਗ੍ਰਾਫਿਕ ਸਬੂਤਾਂ ਦੀ ਸੁਚੱਜੀ ਸਾਂਭ-ਸੰਭਾਲ, ਲਾਗੂ ਵਾਤਾਵਰਣ ਨਿਯਮਾਂ ਤੇ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਅਤੇ ਦੁਬਾਰਾ ਕਮੀਆਂ ਪੈਦਾ ਹੋਣ ਤੋਂ ਰੋਕਣ ਲਈ ਸੁਧਾਰਾਤਮਕ ਉਪਾਵਾਂ ਨੂੰ ਸਮੇਂ ਸਿਰ ਲਾਗੂ ਕਰਨ ਦੀ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ।

ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਨੇ ਇਸ ਪ੍ਰੋਗਰਾਮ ਰਾਹੀਂ ਵਾਤਾਵਰਣ ਸੰਭਾਲ ਸਬੰਧੀ ਅਮਲਾਂ ਨੂੰ ਉਤਸ਼ਾਹਿਤ ਕਰਨ, ਵਾਤਾਵਰਣ ਨਿਯਮਾਂ ਦੀ ਸੁਚੱਜੀ ਪਾਲਣਾ ਨੂੰ ਯਕੀਨੀ ਬਣਾਉਣ ਅਤੇ ਪੰਜਾਬ ਭਰ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਪ੍ਰਾਜੈਕਟਾਂ ਦੇ ਟਿਕਾਊ ਅਤੇ ਸੁਰੱਖਿਅਤ ਸੰਚਾਲਨ ਨੂੰ ਯਕੀਨੀ ਬਣਾਉਣ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਪ੍ਰਪੱਕ ਕੀਤਾ।

# ਨਸ਼ਾ ਇੱਕ ਸਮਾਜਿਕ ਬੁਰਾਈ ਹੈ ਜੋ ਨਾ ਸਿਰਫ ਵਿਅਕਤੀ ਨੂੰ ਹੀ ਨਹੀਂ ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਤਬਾਹ ਕਰ ਦਿੰਦੀ ਹੈ

**ਪਟਿਆਲਾ, 13 ਅਕਤੂਬਰ**
**-ਅਰਸ਼ਦੀਪ ਸਿੰਘ-**
**-ਸ਼ਹੀਦ-ਏ-ਆਜ਼ਮ-ਬਿਊਰੋ-**

ਪਟਿਆਲਾ ਦੀਆਂ ਪ੍ਰਮੁੱਖ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ ਅਤੇ ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਜ਼ਿਲ੍ਹਾ ਸਮਾਜਿਕ ਸੁਰੱਖਿਆ ਦਫ਼ਤਰ ਪਟਿਆਲਾ ਅਤੇ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਦੇ ਸਹਿਯੋਗ ਨਾਲ ਭਾਰਤ ਸਰਕਾਰ ਦੇ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਵਿਰੁੱਧ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਪਟਿਆਲਾ ਵਿਖੇ ਕੀਤਾ ਗਿਆ। ਇਸ ਮੌਕੇ ਡੀ.ਏ.ਵੀ. ਮਾਡਲ ਸਕੂਲ ਦੇਵੀਗੜ੍ਹ ਦੇ ਵਿਦਿਆਰਥੀਆਂ ਨੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਪਰਮਜੀਤ ਕੌਰ ਜੀ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ ਅਤੇ ਨਸ਼ਾ ਵਿਰੋਧੀ ਸੰਦੇਸ਼ ਨੂੰ ਅੱਗੇ ਪਹੁੰਚਾਇਆ।




ਇਸ ਪ੍ਰੋਗਰਾਮ ਦੌਰਾਨ ਮੁੱਖ ਮਹਿਮਾਨ ਵਜੋਂ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ, ਮੈਂਬਰ ਜ਼ਿਲ੍ਹਾ ਯੁਵਾ ਸਾਂਝ ਕਮੇਟੀ ਪਟਿਆਲਾ ਪੁਲਿਸ ਅਤੇ ਮੈਂਬਰ ਵੂਮੈਨ ਕੌਂਸਲਿੰਗ ਸੈੱਲ ਪਟਿਆਲਾ ਪੁਲਿਸ ਵਜੋਂ ਵਲੰਟੀਅਰ ਸੇਵਾਵਾਂ ਨਿਭਾ ਰਹੇ ਹਨ, ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਪ੍ਰੋਗਰਾਮ ਦੀ ਪ੍ਰਧਾਨਗੀ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤੀ। ਇਸ ਮੌਕੇ ਪਰਮਿੰਦਰ ਭਲਵਾਨ ਅਤੇ ਜਤਵਿੰਦਰ ਗਰੇਵਾਲ ਨੇ ਆਪਣੇ ਸੰਬੋਧਨ ਵਿੱਚ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਨਸ਼ਾ ਇੱਕ ਸਮਾਜਿਕ ਬੁਰਾਈ ਹੈ ਜੋ ਨਾ ਸਿਰਫ਼ ਵਿਅਕਤੀ ਨੂੰ ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਤਬਾਹ ਕਰ ਦਿੰਦੀ ਹੈ। ਅੱਜ ਲੋੜ ਹੈ ਕਿ ਅਸੀਂ ਖੇਡਾਂ, ਸਿੱਖਿਆ ਅਤੇ ਸਮਾਜ ਸੇਵਾ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਈਏ ਅਤੇ ਨਸ਼ਿਆਂ ਤੋਂ ਦੂਰ ਰਹੀਏ। ਉਨ੍ਹਾਂ ਨੇ ਪੰਜਾਬ ਪੁਲਿਸ ਦੇ ਸਾਂਝ ਕੇਂਦਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ ਨਸ਼ਾ ਮੁਕਤ ਭਾਰਤ ਅਭਿਆਨ ਅਤੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸਿਰਫ਼ ਇੱਕ ਸਰਕਾਰੀ ਮੁਹਿੰਮ ਨਹੀਂ, ਸਗੋਂ ਇੱਕ ਜਨ ਅੰਦੋਲਨ ਹੈ। ਇਸ ਨੂੰ ਸਫਲ ਬਣਾਉਣ ਲਈ ਹਰ ਨਾਗਰਿਕ, ਖਾਸ ਕਰਕੇ ਨੌਜਵਾਨਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ। ਇਸ ਮੌਕੇ ਵਿਸ਼ੇਸ਼ ਤੌਰ ਤੇ ਵਾਇਸ ਪ੍ਰਿੰਸੀਪਲ ਹਰਜੀਤ ਸਿੰਘ, ਨਵਨੀਤ ਕੌਰ, ਮਨਦੀਪ ਕੌਰ, ਆਰਤੀ ਸ਼ਰਮਾ, ਸਰਕਾਰੀ ਬਿਕਰਮ ਕਾਲਜ ਆਫ ਕਾਮਰਸ ਦੇ ਬੀ.ਸੀ.ਏ. ਵਿਦਿਆਰਥੀ ਰੁਦਰਪ੍ਰਤਾਪ ਸਿੰਘ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਗੁਰਸਾਹਿਬ ਸਿੰਘ, ਗੁਰਕੀਰਤ ਸਿੰਘ, ਗੁਰਮਨਜੋਤ ਕੌਰ, ਗਗਨਪ੍ਰੀਤ ਕੌਰ, ਖੁਸ਼ਪ੍ਰੀਤ ਕੌਰ, ਭਿੰਦਰ ਜਲਵੇੜਾ ਅਤੇ ਤੇਜਿੰਦਰ ਸਿੰਘ ਮੰਡੋੜ ਨੇ ਵੀ ਸ਼ਿਰਕਤ ਕਰਕੇ ਪ੍ਰੋਗਰਾਮ ਨੂੰ ਸਫਲ ਬਣਾਇਆ।

ਪ੍ਰੋਗਰਾਮ ਦੇ ਅੰਤ ਵਿੱਚ ਸਾਰੇ ਵਿਦਿਆਰਥੀਆਂ ਅਤੇ ਹਾਜ਼ਰ ਪਤਵੰਤਿਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਅਤੇ ਦੂਜਿਆਂ ਨੂੰ ਵੀ ਇਸ ਤੋਂ ਦੂਰ ਰੱਖਣ ਲਈ ਸਹੁੰ ਚੁਕਾਈ ਗਈ। ਸੰਸਥਾਵਾਂ ਦੇ ਆਗੂਆਂ ਨੇ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਜਾਗਰੂਕਤਾ ਪ੍ਰੋਗਰਾਮ ਲਗਾਤਾਰ ਜਾਰੀ ਰਹਿਣਗੇ ਤਾਂ ਜੋ ਪਟਿਆਲਾ ਜ਼ਿਲ੍ਹੇ ਨੂੰ ਨਸ਼ਾ ਮੁਕਤ ਬਣਾਉਣ ਦੇ ਸੁਪਨੇ ਨੂੰ ਸਾਕਾਰ ਕੀਤਾ ਜਾ ਸਕੇ। ਇਸ ਮੌਕੇ ਯੂਥ ਆਗੂ ਰੁਦਰਪ੍ਰਤਾਪ ਸਿੰਘ ਨੇ ਸਾਰੇ ਵਿਦਿਆਰਥੀਆਂ ਨੂੰ ਡਰੱਗ ਫਰੀ ਵਲੱਡ ਕੈਲਫੋਰਨੀਆ ਵੱਲੋਂ ਨਸ਼ਿਆਂ ਵਿਰੁੱਧ ਜਾਗਰੂਕਤਾ ਲਈ ਪ੍ਰਚਾਰ ਸਮੱਗਰੀ ਮੁਫ਼ਤ ਵੰਡੀ ਗਈ।

# ਆਪਣੀ ਆਮਦਨ ਵਧਾਉਣ ਲਈ ਕਿਸਾਨ ਖੇਤੀ ਮਾਹਿਰਾਂ ਦੀ ਰਾਏ ਅਨੁਸਾਰ ਫਸਲੀ ਵਿਭਿੰਨਤਾ ਤੇ ਸਹਾਇਕ ਧੰਦੇ ਅਪਣਾਉਣ- ਚੇਤਨ ਸਿੰਘ ਜੌੜਾਮਾਜਰਾ

**ਪਟਿਆਲਾ, 13 ਅਕਤੂਬਰ**
**-ਬਲਜੀਤ ਸਰਨਾ-**

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪਟਿਆਲਾ ਨੇ ਕੇ.ਐਸ. ਫਾਰਮ ਹਾਊਸ, ਡਕਾਲਾ ਵਿਖੇ ਹਾੜੀ ਦੀਆਂ ਫਸਲਾਂ ਸਬੰਧੀ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਲਗਾਇਆ। ਇਸ ਦੌਰਾਨ ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ 30 ਕਿਸਾਨਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਸਮਾਣਾ ਦੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਨੇ ਕੈਂਪ ਦਾ ਉਦਘਾਟਨ ਕਰਦੇ ਹੋਏ ਕਿਸਾਨਾਂ ਨੂੰ ਆਪਣੀ ਖੇਤੀ ਆਮਦਨ ਵਧਾਉਣ ਲਈ ਸਲਾਹ ਦਿੱਤੀ ਕਿ ਉਹ ਖੇਤੀਬਾੜੀ ਮਾਹਿਰਾਂ ਦੀ ਰਾਏ ਅਨੁਸਾਰ ਫ਼ਸਲਾਂ ਦੀ ਦੇਖ-ਰੇਖ ਕਰਨ, ਸਹਾਇਕ ਧੰਦੇ ਅਪਣਾਉਣ ਅਤੇ ਫਸਲੀ ਵਿਭਿੰਨਤਾ ਹੇਠ ਰਕਬਾ ਵਧਾਉਣ। ਵਿਧਾਇਕ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਵੀ ਪ੍ਰੇਰਿਤ ਕੀਤਾ।

ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਡਾ. ਗੁਰਜੀਤ ਸਿੰਘ ਬਰਾੜ ਦੀ ਪ੍ਰਧਾਨਗੀ ਹੇਠ ਪਟਿਆਲਾ ਦੇ ਮੁੱਖ ਖੇਤੀਬਾੜੀ ਅਫ਼ਸਰ ਡਾ. ਦਾਰਾ ਸਿੰਘ ਦੀ ਅਗਵਾਈ ਹੇਠ ਲੱਗੇ ਇਸ ਕਿਸਾਨ ਮੇਲੇ ਵਿੱਚ ਕਿਸਾਨਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਇਸ ਕੈਂਪ ਦੇ ਤਕਨੀਕੀ ਸੈਸ਼ਨ ਦੀ ਅਗਵਾਈ ਕਰਦੇ ਹੋਏ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਮਨਜੀਤ ਸਿੰਘ ਮਾਨ ਨੇ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਲਈ ਆਉਣ ਵਾਲੇ ਸਾਲਾਂ ਵਿਚ ਵੀ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਸਹਿਯੋਗ ਦੇਣ ਲਈ ਅਪੀਲ ਕੀਤੀ। ਏਡੀਸੀ ਮਾਨ ਨੇ ਦੱਸਿਆ ਕਿ ਪਿਛਲੇ ਸਾਲਾਂ ਦੇ ਮੁਕਾਬਲੇ ਜ਼ਿਲ੍ਹੇ ਵਿਚ ਅੱਗ ਲੱਗਣ ਦੀਆਂ ਘਟਨਾਵਾਂ ਲਗਾਤਾਰ ਘਟ ਰਹੀਆਂ ਹਨ ਅਤੇ ਆਉਣ ਵਾਲੇ ਸਾਲਾਂ ਵਿਚ ਵੱਧ ਤੋਂ ਵੱਧ ਪਰਾਲੀ ਪ੍ਰਬੰਧਨ ਸਬੰਧੀ ਖੇਤੀ ਮਸ਼ੀਨਰੀ ਕੋਆਪ੍ਰੇਟਿਵ ਸੋਸਾਇਟੀਆਂ, ਗਰੁੱਪਾਂ, ਐਫ.ਪੀ.ਓ. ਅਤੇ ਵਿਅਕਤੀਗਤ ਕਿਸਾਨਾਂ ਰਾਹੀਂ ਉਪਲੱਬਧ ਕਰਵਾਉਣ ਲਈ ਹੋਰ ਵਧੀਆ ਉਪਰਾਲੇ ਖੇਤੀਬਾੜੀ ਵਿਭਾਗ ਵੱਲੋਂ ਕੀਤੇ ਜਾਣਗੇ। ਮੁੱਖ ਖੇਤੀਬਾੜੀ ਅਫ਼ਸਰ ਡਾ. ਦਾਰਾ ਸਿੰਘ ਨੇ ਸਮੂਹ ਕਿਸਾਨਾਂ ਨੂੰ ਫਾਰਮਰ ਆਈ.ਡੀ. ਬਣਾਉਣ, ਖੇਤੀਬਾੜੀ ਇਨਪੁਟਸ ਦੇ ਡੀਲਰਾਂ ਤੋਂ ਬਿੱਲ ਲੈਣ ਅਤੇ ਪਾਣੀ ਦੀ ਬੱਚਤ ਸਬੰਧੀ ਕਦਮ ਚੁੱਕਣ ਲਈ ਪ੍ਰੇਰਿਤ ਕੀਤਾ। ਇਸ ਕੈਂਪ ਦੇ ਵਿਸ਼ੇਸ਼ ਮਹਿਮਾਨ ਸੰਯੁਕਤ ਡਾਇਰੈਕਟਰ ਖੇਤੀਬਾੜੀ (ਘਣੀ ਖੇਤੀ) ਡਾ. ਜੰਗੀਰ ਸਿੰਘ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਵਿਭਾਗ ਵੱਲੋਂ ਪਿੰਡ ਪੱਧਰੀ, ਬਲਾਕ ਪੱਧਰੀ ਅਤੇ ਜਿਲ੍ਹਾ ਪੱਧਰੀ ਕੈਂਪਾਂ ਵਿਚ ਭਾਗ ਲੈ ਕੇ ਨਵੀਨਤਮ ਖੇਤੀ ਸਬੰਧੀ ਜਾਣਕਾਰੀ ਪ੍ਰਾਪਤ ਕਰਨ ਅਤੇ ਉਹਨਾਂ ਨੇ ਖੇਤੀਬਾੜੀ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਹਾਜਰ ਕਿਸਾਨਾਂ ਨਾਲ ਸਾਂਝੀ ਕੀਤੀ।

# ਪੰਜਾਬ ਅੰਤਰਰਾਸ਼ਟਰੀ ਖੇਡ ਸਮਾਗਮਾਂ ਦੀ ਮੇਜ਼ਬਾਨੀ ਵਿੱਚ ਨਵੇਂ ਮੀਲ ਪੱਥਰ ਸਥਾਪਤ ਕਰੇਗਾ; ਸਾਰੇ ਪ੍ਰਬੰਧ ਗਲੋਬਲ ਮਾਪਦੰਡਾਂ ਦੇ ਅਨੁਕੂਲ ਹੋਣੇ ਚਾਹੀਦੇ ਹਨ: ਮੁੱਖ ਮੰਤਰੀ

**➢ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫ਼ੀ ਲਈ ਦਰਸ਼ਕਾਂ ਦੀ ਸੁਰੱਖਿਆ ਅਤੇ ਸੁੱਖ-ਸਹੂਲਤ ਮੁੱਖ ਤਰਜੀਹ ਹੋਣੀ ਚਾਹੀਦੀ ਹੈ ➢ ਅੰਤਰਰਾਸ਼ਟਰੀ ਟੀਮਾਂ ਲਈ ਵਿਸ਼ੇਸ਼ ਬੱਸਾਂ, ਪੁਖ਼ਤਾ ਸੁਰੱਖਿਆ ਅਤੇ ਸੁਚੱਜਾ ਪ੍ਰਬੰਧਨ ਯਕੀਨੀ ਬਣਾਇਆ ਜਾਵੇ**

**ਜਲੰਧਰ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸ਼ਾਮੀ ਜਲੰਧਰ ਦੇ ਬਰਲਟਨ ਪਾਰਕ ਸਟੇਡੀਅਮ ਦਾ ਨਿਰੀਖਣ ਕੀਤਾ ਤਾਂ ਜੋ ਆਗਾਮੀ ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫ਼ੀ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਜਾ ਸਕੇ। ਉਨ੍ਹਾਂ ਅਧਿਕਾਰੀਆਂ ਨੂੰ ਵਿਸ਼ਵ ਪੱਧਰੀ ਬੁਨਿਆਦੀ ਢਾਂਚਾ, ਪੁਖ਼ਤਾ ਸੁਰੱਖਿਆ, ਸੁਚੱਜੀ ਆਵਾਜਾਈ ਅਤੇ ਭੀੜ ਪ੍ਰਬੰਧਨ ਦੇ ਵਿਆਪਕ ਇੰਤਜ਼ਾਮ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਦਿਨ ਵੇਲੇ ਚੰਡੀਗੜ੍ਹ ਵਿਖੇ ਉੱਚ ਪੱਧਰੀ ਸਮੀਖਿਆ ਮੀਟਿੰਗ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਟੇਡੀਅਮ ਦਾ ਦੌਰਾ ਕਰ ਕੇ ਬੁਨਿਆਦੀ ਢਾਂਚੇ ਦੇ ਵਿਕਾਸ, ਨਵੀਨੀਕਰਨ ਦੇ ਕੰਮਾਂ ਅਤੇ ਹਿੱਸਾ ਲੈਣ ਵਾਲੀਆਂ ਟੀਮਾਂ ਤੇ ਦਰਸ਼ਕਾਂ ਲਈ ਕੀਤੇ ਜਾ ਰਹੇ ਪ੍ਰਬੰਧਾਂ ਦੀ ਪ੍ਰਗਤੀ ਦਾ ਨਿੱਜੀ ਤੌਰ 'ਤੇ ਜਾਇਜ਼ਾ ਲਿਆ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਤਿਆਰੀਆਂ ਦਾ ਹਰ ਪਹਿਲੂ ਵਿਸ਼ਵ ਪੱਧਰ 'ਤੇ ਪੰਜਾਬ ਦੀ ਅਮੀਰ ਖੇਡ ਵਿਰਾਸਤ ਅਤੇ ਸੰਗਠਨਾਤਮਕ ਸਮਰੱਥਾ ਨੂੰ ਦਰਸਾਉਂਦਾ ਹੋਣਾ ਚਾਹੀਦਾ ਹੈ।

ਦਰਸ਼ਕਾਂ ਦੀ ਸੁਰੱਖਿਆ ਅਤੇ ਸੁੱਖ-ਸਹੂਲਤ ਨੂੰ ਮੁੱਖ ਤਰਜੀਹ ਦੇਣ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਵੱਕਾਰੀ ਅੰਤਰਰਾਸ਼ਟਰੀ ਖੇਡ ਸਮਾਗਮ ਨੂੰ ਸਫ਼ਲ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਪੰਜਾਬ ਨੂੰ ਅੰਤਰਰਾਸ਼ਟਰੀ ਖੇਡ ਸਮਾਗਮਾਂ ਦੀ ਮੇਜ਼ਬਾਨੀ ਵਿੱਚ ਨਵੇਂ ਮੀਲ ਪੱਥਰ ਸਥਾਪਤ ਕਰਨੇ ਚਾਹੀਦੇ ਹਨ ਅਤੇ ਹਰ ਪ੍ਰਬੰਧ ਅੰਤਰਰਾਸ਼ਟਰੀ ਮਾਪਦੰਡਾਂ ਦੇ ਅਨੁਕੂਲ ਹੋਣਾ ਚਾਹੀਦਾ ਹੈ।

ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਭੀੜ ਪ੍ਰਬੰਧਨ ਲਈ ਇੱਕ ਵਿਆਪਕ ਯੋਜਨਾ ਅਤੇ ਪੁਖ਼ਤਾ ਸੁਰੱਖਿਆ ਪ੍ਰਬੰਧ ਲਾਗੂ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ, ਦਰਸ਼ਕਾਂ ਦੀ ਸਹੂਲਤ, ਸੁਰੱਖਿਆ ਅਤੇ ਆਰਾਮ ਸਾਡੀ ਸਭ ਤੋਂ ਵੱਡੀ ਤਰਜੀਹ ਹੋਣੀ ਚਾਹੀਦੀ ਹੈ। ਮੈਚਾਂ ਤੋਂ ਪਹਿਲਾਂ, ਮੈਚਾਂ ਦੌਰਾਨ ਜਾਂ ਬਾਅਦ ਵਿੱਚ ਆਉਣ ਵਾਲੇ ਲੋਕਾਂ ਨੂੰ ਕਿਸੇ ਵੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਇਸ ਪੱਧਰ ਦੇ ਅੰਤਰਰਾਸ਼ਟਰੀ ਟੂਰਨਾਮੈਂਟ ਦੀ ਮੇਜ਼ਬਾਨੀ ਕਰਨਾ ਪੰਜਾਬ ਲਈ ਮਾਣ ਵਾਲੀ ਗੱਲ ਹੈ। ਅਸੀਂ ਦੇਸ਼ ਅਤੇ ਵਿਦੇਸ਼ ਤੋਂ ਆਉਣ ਵਾਲੇ ਖਿਡਾਰੀਆਂ, ਅਧਿਕਾਰੀਆਂ, ਦਰਸ਼ਕਾਂ ਅਤੇ ਸੈਲਾਨੀਆਂ ਨੂੰ ਸ਼ਾਨਦਾਰ ਤਜਰਬਾ ਦੇਣ ਲਈ ਵਚਨਬੱਧ ਹਾਂ। ਹਰ ਪ੍ਰਬੰਧ ਵਿੱਚ ਪੇਸ਼ੇਵਰ ਕੁਸ਼ਲਤਾ ਅਤੇ ਮਹਿਮਾਨਨਿਵਾਜ਼ੀ ਦੇ ਉੱਚਤਮ ਮਾਪਦੰਡ ਝਲਕਣੇ ਚਾਹੀਦੇ ਹਨ।

ਨਿਰੀਖਣ ਦੌਰਾਨ ਮੁੱਖ ਮੰਤਰੀ ਨੇ ਸਟੇਡੀਅਮ ਵਿੱਚ ਨਵੀਂ ਲਗਾਈ ਗਈ ਲਾਈਟਿੰਗ ਪ੍ਰਣਾਲੀ, ਸਕੋਰ ਬੋਰਡ ਅਤੇ ਚੱਲ ਰਹੇ ਨਵੀਨੀਕਰਨ ਦੇ ਕੰਮਾਂ ਦੀ ਸਮੀਖਿਆ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਨਿਰਧਾਰਤ ਸਮੇਂ ਅੰਦਰ ਸਾਰੀਆਂ ਸਹੂਲਤਾਂ ਮੁਕੰਮਲ ਕਰਨ ਅਤੇ ਟੂਰਨਾਮੈਂਟ ਸ਼ੁਰੂ ਹੋਣ ਤੋਂ ਪਹਿਲਾਂ ਹਰੇਕ ਪ੍ਰਬੰਧ ਦੀ ਚੰਗੀ ਤਰ੍ਹਾਂ ਜਾਂਚ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ, ਬੁਨਿਆਦੀ ਢਾਂਚਾ ਪੂਰੀ ਤਰ੍ਹਾਂ ਕਾਰਜਸ਼ੀਲ ਹੋਣਾ ਚਾਹੀਦਾ ਹੈ ਅਤੇ ਅੰਤਰਰਾਸ਼ਟਰੀ ਪੱਧਰ ਦੇ ਖੇਡ ਮੁਕਾਬਲੇ ਦੀਆਂ ਲੋੜਾਂ ਨੂੰ ਪੂਰਾ ਕਰਨ ਦੇ ਸਮਰੱਥ ਹੋਣਾ ਚਾਹੀਦਾ ਹੈ। ਹਿੱਸਾ ਲੈਣ ਵਾਲੀਆਂ ਟੀਮਾਂ ਅਤੇ ਦਰਸ਼ਕਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਵਿੱਚ ਕੋਈ ਕਮੀ ਨਹੀਂ ਹੋਣੀ ਚਾਹੀਦੀ।

ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਅੰਤਰਰਾਸ਼ਟਰੀ ਪ੍ਰੋਟੋਕੋਲ ਅਨੁਸਾਰ ਕੌਮਾਂਤਰੀ ਟੀਮਾਂ ਦੇ ਖਿਡਾਰੀਆਂ ਲਈ ਵਿਸ਼ੇਸ਼ ਬੱਸਾਂ ਸਮੇਤ ਢੁਕਵੀਆਂ ਆਵਾਜਾਈ ਸਹੂਲਤਾਂ ਯਕੀਨੀ ਬਣਾਉਣ ਦੇ ਵੀ ਨਿਰਦੇਸ਼ ਦਿੱਤੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਅੰਤਰਰਾਸ਼ਟਰੀ ਟੀਮਾਂ ਦੇ ਖਿਡਾਰੀਆਂ ਅਤੇ ਅਧਿਕਾਰੀਆਂ ਨੂੰ ਨਿਰਵਿਘਨ ਲੌਜਿਸਟਿਕ ਸਹਾਇਤਾ ਮਿਲਣੀ ਚਾਹੀਦੀ ਹੈ। ਟੂਰਨਾਮੈਂਟ ਦਾ ਸੁਚੱਜੇ ਸੰਚਾਲਨ ਨੂੰ ਯਕੀਨੀ ਬਣਾਉਣ ਲਈ ਸਾਰੇ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨਾ ਚਾਹੀਦਾ ਹੈ ਅਤੇ ਨਿਰਧਾਰਤ ਅੰਤਰਰਾਸ਼ਟਰੀ ਪ੍ਰੋਟੋਕੋਲ ਦਾ ਸਖ਼ਤੀ ਨਾਲ ਪਾਲਣ ਕਰਨਾ ਚਾਹੀਦਾ ਹੈ।

ਅਗਾਊਂ ਯੋਜਨਾਬੰਦੀ ਦੇ ਮਹੱਤਵ 'ਤੇ ਜ਼ੋਰ ਦਿੰਦਿਆਂ ਮੁੱਖ ਮੰਤਰੀ ਨੇ ਸਬੰਧਤ ਵਿਭਾਗਾਂ ਨੂੰ ਟੂਰਨਾਮੈਂਟ ਤੋਂ ਪਹਿਲਾਂ ਹੀ ਪ੍ਰਬੰਧਕੀ ਖ਼ਾਮੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਦੂਰ ਕਰਨ ਲਈ ਆਪਸੀ ਤਾਲਮੇਲ ਬਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਢੁਕਵੇਂ ਪਹੁੰਚ ਮਾਰਗ, ਭੀੜ ਕੰਟਰੋਲ ਅਤੇ ਦਰਸ਼ਕਾਂ ਦੀ ਆਵਾਜਾਈ ਨੂੰ ਸੁਚਾਰੂ ਬਣਾਇਆ ਜਾਵੇ ਤਾਂ ਜੋ ਹਾਕੀ ਪ੍ਰੇਮੀ ਬਿਨਾਂ ਕਿਸੇ ਦੇਰੀ ਦੇ ਸਟੇਡੀਅਮ ਵਿੱਚ ਦਾਖ਼ਲ ਹੋ ਸਕਣ।

ਉਨ੍ਹਾਂ ਕਿਹਾ, ਹਾਕੀ ਪ੍ਰੇਮੀਆਂ ਦੇ ਉਤਸ਼ਾਹ ਦੇ ਨਾਲ-ਨਾਲ ਮੈਦਾਨ 'ਤੇ ਇੱਕ ਸੁਰੱਖਿਅਤ, ਚੰਗੀ ਤਰ੍ਹਾਂ ਸੰਗਠਿਤ ਅਤੇ ਯਾਦਗਾਰੀ ਤਜਰਬਾ ਮਿਲਣਾ ਚਾਹੀਦਾ ਹੈ। ਟੂਰਨਾਮੈਂਟ ਦੇ ਪ੍ਰਬੰਧਾਂ ਨਾਲ ਸਬੰਧਤ ਸਾਰੇ ਫੈਸਲੇ ਸਮਰੱਥ ਅਧਿਕਾਰੀਆਂ ਨਾਲ ਤਾਲਮੇਲ ਕਰ ਕੇ ਲਏ ਜਾਣੇ ਚਾਹੀਦੇ ਹਨ ਅਤੇ ਹਰੇਕ ਭਾਈਵਾਲ ਨੂੰ ਸਪੱਸ਼ਟ ਤੌਰ 'ਤੇ ਦੱਸੇ ਜਾਣੇ ਚਾਹੀਦੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੀ ਬਿਹਤਰੀਨ ਹਾਕੀ ਖਿਡਾਰੀ ਪੈਦਾ ਕਰਨ ਦੀ ਸ਼ਾਨਦਾਰ ਪਰੰਪਰਾ ਰਹੀ ਹੈ, ਜਿਨ੍ਹਾਂ ਨੇ ਕੌਮੀ ਅਤੇ ਕੌਮਾਂਤਰੀ ਪੱਧਰ 'ਤੇ ਦੇਸ਼ ਦਾ ਨਾਂ ਰੋਸ਼ਨ ਕੀਤਾ ਹੈ। ਉਨ੍ਹਾਂ ਕਿਹਾ, ਏਸ਼ੀਅਨ ਹਾਕੀ ਚੈਂਪੀਅਨਜ਼ ਟਰਾਫ਼ੀ ਦੀ ਮੇਜ਼ਬਾਨੀ ਪੰਜਾਬ ਦੀ ਅਮੀਰ ਖੇਡ ਵਿਰਾਸਤ ਦਾ ਜਸ਼ਨ ਮਨਾਉਣ, ਨੌਜਵਾਨਾਂ ਨੂੰ ਖੇਡਾਂ ਅਪਣਾਉਣ ਲਈ ਪ੍ਰੇਰਿਤ ਕਰਨ ਅਤੇ ਅੰਤਰਰਾਸ਼ਟਰੀ ਖੇਡ ਨਕਸ਼ੇ 'ਤੇ ਸੂਬੇ ਦੀ ਸਥਿਤੀ ਨੂੰ ਹੋਰ ਮਜ਼ਬੂਤ ਕਰਨ ਦਾ ਵਧੀਆ ਮੌਕਾ ਦੇਵੇਗੀ।

ਇਸ ਮੌਕੇ ਕੈਬਨਿਟ ਮੰਤਰੀ ਮਹਿੰਦਰ ਭਗਤ, ਪ੍ਰਧਾਨ ਹਾਕੀ ਪੰਜਾਬ ਨਿਤਿਨ ਕੋਹਲੀ, ਜਲੰਧਰ ਦੇ ਮੇਅਰ ਵਿਨੀਤ ਧੀਰ ਅਤੇ ਹੋਰ ਵੀ ਹਾਜ਼ਰ ਸਨ।

# ਖਾਲੀ ਪਲਾਟਾਂ 'ਚ ਗੰਦਗੀ ਦੇ ਢੇਰਾਂ 'ਤੇ ਪ੍ਰਸ਼ਾਸਨ ਸਖ਼ਤ !ਮਾਲਕਾਂ ਨੂੰ ਸਫ਼ਾਈ ਤੇ ਚਾਰਦੀਵਾਰੀ ਦੇ ਹੁਕਮ



**ਫਰੀਦਕੋਟ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼ਹਿਰਾਂ ਅਤੇ ਹੋਰ ਰਿਹਾਇਸ਼ੀ ਇਲਾਕਿਆਂ ਵਿੱਚ ਖਾਲੀ ਪਏ ਪਲਾਟਾਂ ਅੰਦਰ ਕੂੜਾ-ਕਰਕਟ, ਗੰਦਗੀ ਅਤੇ ਗੰਦੇ ਪਾਣੀ ਦੇ ਜਮ੍ਹਾਂ ਹੋਣ ਕਾਰਨ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੇ ਖ਼ਤਰੇ ਨੂੰ ਰੋਕਣ ਲਈ ਜ਼ਿਲ੍ਹਾ ਮੈਜਿਸਟਰੇਟ ਫ਼ਰੀਦਕੋਟ ਸ੍ਰੀ ਰਾਹੁਲ ਚਾਬਾ ਨੇ ਸਖ਼ਤ ਹੁਕਮ ਜਾਰੀ ਕੀਤੇ ਹਨ। ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜਾਰੀ ਇਨ੍ਹਾਂ ਹੁਕਮਾਂ ਤਹਿਤ ਨਿੱਜੀ ਮਾਲਕੀ ਜਾਂ ਕਬਜ਼ੇ ਵਾਲੇ ਖਾਲੀ ਪਲਾਟਾਂ ਦੀ ਸਫ਼ਾਈ ਯਕੀਨੀ ਬਣਾਉਣ ਅਤੇ ਉਨ੍ਹਾਂ ਵਿੱਚ ਕੂੜਾ ਇਕੱਠਾ ਹੋਣ ਤੋਂ ਰੋਕਣ ਲਈ ਕਿਹਾ ਗਿਆ ਹੈ।

ਹੁਕਮਾਂ ਅਨੁਸਾਰ ਖਾਲੀ ਪਲਾਟਾਂ ਦੇ ਮਾਲਕਾਂ ਜਾਂ ਕਾਬਜ਼ਾਂ ਨੂੰ ਆਪਣੇ ਪਲਾਟਾਂ ਵਿੱਚ ਜਮ੍ਹਾਂ ਕੂੜੇ-ਕਰਕਟ, ਗੰਦਗੀ ਅਤੇ ਮੀਂਹ ਦੇ ਪਾਣੀ ਦੀ ਨਿਕਾਸੀ ਤੇ ਸਫ਼ਾਈ ਦਾ ਪ੍ਰਬੰਧ ਆਪਣੇ ਪੱਧਰ 'ਤੇ ਕਰਨਾ ਪਵੇਗਾ। ਇਸ ਦੇ ਨਾਲ ਹੀ ਪਲਾਟਾਂ ਦੇ ਆਲੇ-ਦੁਆਲੇ ਪੱਕੀ ਚਾਰਦੀਵਾਰੀ ਜਾਂ ਵਾੜ ਕਰਵਾਉਣੀ ਯਕੀਨੀ ਬਣਾਉਣ ਅਤੇ ਪਲਾਟਾਂ ਵਿੱਚ ਕੂੜਾ-ਕਰਕਟ ਇਕੱਠਾ ਹੋਣ ਤੋਂ ਰੋਕਣ ਦੇ ਨਿਰਦੇਸ਼ ਵੀ ਦਿੱਤੇ ਗਏ ਹਨ। ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਵੱਖ-ਵੱਖ ਵਿਅਕਤੀਆਂ ਦੀ ਮਾਲਕੀ ਜਾਂ ਕਬਜ਼ੇ ਹੇਠ ਪਏ ਖਾਲੀ ਪਲਾਟਾਂ ਵਿੱਚ ਕੂੜਾ-ਕਰਕਟ, ਗੰਦਗੀ ਅਤੇ ਗੰਦਾ ਪਾਣੀ ਇਕੱਠਾ ਹੋਣ ਨਾਲ ਨੁਕਸਾਨਦੇਹ ਜੀਵ-ਜੰਤੂ ਅਤੇ ਮੱਛਰ ਪੈਦਾ ਹੁੰਦੇ ਹਨ। ਇਸ ਕਾਰਨ ਡੇਂਗੂ, ਮਲੇਰੀਆ ਅਤੇ ਚਿਕਨਗੁਨੀਆ ਵਰਗੀਆਂ ਬਿਮਾਰੀਆਂ ਫੈਲਣ ਦਾ ਖ਼ਤਰਾ ਵਧ ਜਾਂਦਾ ਹੈ, ਜੋ ਲੋਕਾਂ ਦੀ ਸਿਹਤ ਲਈ ਗੰਭੀਰ ਸਮੱਸਿਆ ਬਣ ਸਕਦੀਆਂ ਹਨ।

ਉਨ੍ਹਾਂ ਕਿਹਾ ਕਿ ਅਜਿਹੀਆਂ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਅਤੇ ਲੋਕਾਂ ਦੀ ਸਿਹਤ ਦੀ ਸੁਰੱਖਿਆ ਲਈ ਖਾਲੀ ਪਲਾਟਾਂ ਦੀ ਸਫ਼ਾਈ ਅਤੇ ਗੰਦਗੀ ਦੀ ਰੋਕਥਾਮ ਬਹੁਤ ਜ਼ਰੂਰੀ ਹੈ। ਇਸੇ ਮੰਤਵ ਨਾਲ ਇਹ ਹੁਕਮ ਜਾਰੀ ਕੀਤੇ ਗਏ ਹਨ।

# ਸ਼ਾਂਤਮਈ ਸੰਘਰਸ਼ ਕਰਨ ਜਾ ਰਹੇ ਆਗੂਆਂ ਅਤੇ ਵਰਕਰਾਂ ਨੂੰ ਗ੍ਰਿਫ਼ਤਾਰ ਕਰਨਾ ਜਮਹੂਰੀ ਹੱਕਾਂ ਤੇ ਡਾਕਾ



**ਰੂਪਨਗਰ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦਿੱਲੀ ਵਿਖੇ ਮੁੱਖ ਚੋਣ ਕਮਿਸ਼ਨਰ ਦੇ ਅਸਤੀਫੇ ਦੀ ਮੰਗ ਕਰਦਿਆਂ ਸ਼ਾਂਤਮਈ ਤਰੀਕੇ ਨਾਲ ਸੰਘਰਸ਼ ਕਰਨ ਜਾ ਰਹੇ ਆਗੂਆਂ ਨੂੰ ਦਫ਼ਤਰਾਂ ਵਿੱਚੋਂ ਕੱਢ ਕੇ ਗਿਰਫ਼ਤਾਰ ਕਰਨਾ ਅਤੇ ਅਪਮਾਨਿਤ ਤਰੀਕੇ ਨਾਲ ਤਸ਼ੱਦਦ ਕਰਨ ਤੇ ਕੇਂਦਰ ਸਰਕਾਰ ਦੀ ਹਿਟਲਰਸ਼ਾਹੀ ਦੀ ਨਿਖੇਧੀ ਕਰਦਿਆਂ ਕਾਮਰੇਡ ਮਹਾਂ ਸਿੰਘ ਰੋੜੀ ਦੀ ਪ੍ਰਧਾਨਗੀ ਹੇਠ ਸੀਆਈਟੀਯੂ ਨੇ ਮੀਟਿੰਗ ਕਰਕੇ ਇਸ ਨੂੰ ਗੈਰ ਜਮਹੂਰੀ ਕਰਾਰ ਦਿੰਦਿਆਂ ਮੰਗ ਕੀਤੀ ਕਿ ਮੋਦੀ ਸਰਕਾਰ ਦੇ ਇਸ਼ਾਰੇ ਤੇ ਗੈਰਕਾਨੂੰਨੀ ਢੰਗ ਨਾਲ ਕਿਰਤੀਆਂ ਦੇ ਆਗੂਆਂ ਵਿਦਿਆਰਥੀਆਂ ਨੌਜਵਾਨਾਂ ਸਮੇਤ ਸੰਘਰਸ਼ ਕਰਦੇ ਲੋਕਾਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ। ਮੀਟਿੰਗ ਵਿੱਚ ਇਹ ਵੀ ਮੰਗ ਕੀਤੀ ਗਈ ਕਿ ਨਜਾਇਜ਼ ਤੌਰ ਤੇ ਵੋਟਾਂ ਕਟਣ ਵਾਲ਼ਾ ਮੁੱਖ ਚੋਣ ਕਮਿਸ਼ਨਰ ਤੁਰੰਤ ਅਸਤੀਫ਼ਾ ਦੇਵੇ ।ਮੀਟਿੰਗ ਵਿੱਚ ਇਹ ਵੀ ਮਤਾ ਪਾਸ ਕੀਤਾ ਗਿਆ ਕਿ ਜਦੋਂ ਤੱਕ ਮੁੱਖ ਚੋਣ ਕਮਿਸ਼ਨਰ ਅਸਤੀਫ਼ਾ ਨਹੀਂ ਦਿੰਦਾ ਅਤੇ ਸਰਕਾਰ ਜਮਹੂਰੀ ਢੰਗ ਨਾਲ ਸੰਘਰਸ਼ ਕਰਨ ਜਾ ਰਹੇ ਸਾਥੀਆਂ ਨੂੰ ਰਿਹਾਅ ਨਹੀਂ ਕਰਦੀ ਅਤੇ ਮੋਦੀ ਸਰਕਾਰ ਦੇ ਇਸ਼ਾਰੇ ਤੇ ਗੈਰ ਜਮਹੂਰੀ ਤਰੀਕੇ ਨਾਲ ਹੁਲੱੜਬਾਜੀ ਕਰਨ ਵਾਲੇ ਅਧਿਕਾਰੀਆਂ ਨੂੰ ਸਖਤ ਸਜ਼ਾ ਨਹੀਂ ਦਿੱਤੀ ਜਾਂਦੀ ਉਦੋਂ ਤੱਕ ਸੰਘਰਸ਼ ਜਾਰੀ ਰਹਿਣਗੇ।

ਮੀਟਿੰਗ ਵਿੱਚ ਸੀਟੂ ਆਗੂ ਕਾਮਰੇਡ ਗੁਰਦੇਵ ਸਿੰਘ ਬਾਗੀ, ਸਵਰਾਜ ਮਾਜ਼ਦਾ ਕੰਟਰੈਕਟ ਡਰਾਈਵਰ ਵਰਕਰ ਯੂਨੀਅਨ ਦੇ ਜਨਰਲ ਸਕੱਤਰ ਸਾਥੀ ਪ੍ਰਮਿੰਦਰ ਕੰਗ, ਵਿੱਤ ਸਕੱਤਰ ਸਾਥੀ ਸਰਵਜੀਤ ਸਿੰਘ,ਸਾਥੀ ਗੁਰਜੀਤ ਸਿੰਘ,ਸਾਥੀ ਨਿਰਮਲ ਸਿੰਘ, ਸਾਥੀ ਬਿਕਰਮਜੀਤ ਸਿੰਘ ਜੱਗਾ, ਸਾਥੀ ਅਮਰਜੀਤ ਸਿੰਘ ,ਸਾਥੀ ਗੁਰਨਾਮ ਸਿੰਘ ਖੇੜੀ ਆਦਿ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸਾਥੀ ਮੌਜੂਦ ਸਨ।

# ਮਨੁੱਖੀ ਅਧਿਕਾਰਾਂ ਦੀ ਰਾਖੀ ਅਤੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਹਰ ਸ਼ਿਕਾਇਤ ਨੂੰ ਗੰਭੀਰਤਾ ਨਾਲ ਸੁਣਿਆ ਜਾ ਰਿਹਾ : ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ

**ਮੁਕੇਰੀਆਂ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਰਾਜ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਰਾਖੀ ਕਰਨਾ ਅਤੇ ਪੀੜਤਾਂ ਨੂੰ ਇਨਸਾਫ਼ ਦਿਵਾਉਣਾ ਕਮਿਸ਼ਨ ਦੀ ਸਭ ਤੋਂ ਵੱਡੀ ਤਰਜੀਹ ਹੈ। ਕਿਸੇ ਵੀ ਵਿਅਕਤੀ ਨਾਲ ਬੇਇਨਸਾਫ਼ੀ ਜਾਂ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਹਰ ਪੀੜਤ ਦੀ ਸ਼ਿਕਾਇਤ ਨੂੰ ਗੰਭੀਰਤਾ ਨਾਲ ਸੁਣ ਕੇ ਉਸ ਦੇ ਢੁੱਕਵੇਂ ਨਿਪਟਾਰੇ ਲਈ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ।

ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਸ਼ਨੀਵਾਰ ਨੂੰ ਮੁਕੇਰੀਆਂ ਵਿਖੇ ਮਨੁੱਖੀ ਅਧਿਕਾਰਾਂ ਪ੍ਰਤੀ ਜਾਗਰੂਕਤਾ ਵਧਾਉਣ ਅਤੇ ਲੋਕਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਲਈ ਲਗਾਏ ਗਏ ਖੁੱਲ੍ਹੇ ਸੁਣਵਾਈ ਕੈਂਪ ਦੌਰਾਨ ਲੋਕਾਂ ਦੀਆਂ ਸਮੱਸਿਆਵਾਂ ਸੁਣ ਰਹੇ ਸਨ। ਇਸ ਮੌਕੇ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਵਿੱਚ ਸ਼ਿਕਾਇਤਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਦੇ ਨਿਪਟਾਰੇ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ ਗਏ।

ਉਨ੍ਹਾਂ ਕਿਹਾ ਕਿ ਖੁੱਲ੍ਹੀ ਸੁਣਵਾਈ ਲੋਕਾਂ ਨੂੰ ਆਪਣੀਆਂ ਸਮੱਸਿਆਵਾਂ ਸਿੱਧੇ ਸਬੰਧਤ ਅਧਿਕਾਰੀਆਂ ਦੇ ਸਾਹਮਣੇ ਰੱਖਣ ਦਾ ਮੌਕਾ ਪ੍ਰਦਾਨ ਕਰਦੀ ਹੈ। ਇਹ ਜਨਤਾ ਦੀ ਅਦਾਲਤ ਹੈ, ਜਿੱਥੇ ਹਰੇਕ ਵਿਅਕਤੀ ਨੂੰ ਆਪਣੀ ਗੱਲ ਰੱਖਣ ਦਾ ਪੂਰਾ ਅਧਿਕਾਰ ਹੈ। ਪ੍ਰਸ਼ਾਸਨ ਅਤੇ ਸਬੰਧਤ ਵਿਭਾਗਾਂ ਦੀ ਜ਼ਿੰਮੇਵਾਰੀ ਹੈ ਕਿ ਉਹ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਸੰਵੇਦਨਸ਼ੀਲਤਾ ਨਾਲ ਸੁਣਨ ਅਤੇ ਬਿਨਾਂ ਕਿਸੇ ਬੇਲੋੜੀ ਖੱਜਲ-ਖੁਆਰੀ ਦੇ ਸਮਾਂਬੱਧ ਨਿਪਟਾਰਾ ਯਕੀਨੀ ਬਣਾਉਣ। ਪਦਮਸ਼੍ਰੀ ਸ਼ੰਟੀ ਨੇ ਦੱਸਿਆ ਕਿ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਨਾਲ ਸਬੰਧਤ ਸ਼ਿਕਾਇਤਾਂ ਕਮਿਸ਼ਨ ਤੱਕ ਪਹੁੰਚਾਉਣ ਲਈ ਵਟਸਐਪ ਨੰਬਰ 9855475547 ਜਾਰੀ ਕੀਤਾ ਗਿਆ ਹੈ। ਕੋਈ ਵੀ ਪੀੜਤ ਵਿਅਕਤੀ ਆਪਣੀ ਸ਼ਿਕਾਇਤ ਲਿਖਤੀ ਰੂਪ ਵਿੱਚ ਇਸ ਨੰਬਰ 'ਤੇ ਭੇਜ ਸਕਦਾ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਵੱਲੋਂ ਪ੍ਰਾਪਤ ਸ਼ਿਕਾਇਤਾਂ 'ਤੇ ਜਲਦ ਤੋਂ ਜਲਦ ਕਾਰਵਾਈ ਸ਼ੁਰੂ ਕਰਨ ਦੇ ਯਤਨ ਕੀਤੇ ਜਾਣਗੇ, ਤਾਂ ਜੋ ਪੀੜਤਾਂ ਨੂੰ ਸਮੇਂ ਸਿਰ ਰਾਹਤ ਮਿਲ ਸਕੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਜਾਂ ਕਿਸੇ ਵੀ ਤਰ੍ਹਾਂ ਦੀ ਬੇਇਨਸਾਫ਼ੀ ਹੋਣ 'ਤੇ ਬਿਨਾਂ ਕਿਸੇ ਡਰ ਦੇ ਆਪਣੀ ਸ਼ਿਕਾਇਤ ਕਮਿਸ਼ਨ ਤੱਕ ਪਹੁੰਚਾਉਣ।

ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਨੇ ਦੱਸਿਆ ਕਿ ਸਰਕਾਰੀ ਅਤੇ ਨਿੱਜੀ ਹਸਪਤਾਲਾਂ ਵਿੱਚ ਮਰੀਜ਼ਾਂ ਅਤੇ ਮ੍ਰਿਤਕਾਂ ਦੀ ਮਰਿਆਦਾ ਤੇ ਅਧਿਕਾਰਾਂ ਦੀ ਰਾਖੀ ਯਕੀਨੀ ਬਣਾਉਣ ਲਈ ਕਮਿਸ਼ਨ ਵੱਲੋਂ ਮਹੱਤਵਪੂਰਨ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਹਨ। ਇਨ੍ਹਾਂ ਅਨੁਸਾਰ ਬਿੱਲ ਦਾ ਭੁਗਤਾਨ ਨਾ ਹੋਣ ਕਾਰਨ ਕਿਸੇ ਮਰੀਜ਼ ਜਾਂ ਮ੍ਰਿਤਕ ਦੀ ਦੇਹ ਨੂੰ ਰੋਕ ਕੇ ਨਹੀਂ ਰੱਖਿਆ ਜਾ ਸਕਦਾ। ਇਸ ਤੋਂ ਇਲਾਵਾ ਨਿੱਜੀ ਹਸਪਤਾਲਾਂ ਵਿੱਚ ਲੋੜੀਂਦੀਆਂ ਮੁਰਦਾਘਰ ਸਹੂਲਤਾਂ ਅਤੇ ਐਂਬੂਲੈਂਸ ਸੇਵਾਵਾਂ ਉਪਲਬਧ ਕਰਵਾਉਣ 'ਤੇ ਵੀ ਜ਼ੋਰ ਦਿੱਤਾ ਗਿਆ ਹੈ, ਤਾਂ ਜੋ ਐਮਰਜੈਂਸੀ ਹਾਲਾਤ ਵਿੱਚ ਲੋਕਾਂ ਨੂੰ ਢੁੱਕਵੀਂ ਸਹਾਇਤਾ ਮਿਲ ਸਕੇ।

ਉਨ੍ਹਾਂ ਕਿਹਾ ਕਿ ਲਾਵਾਰਿਸ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਨਾਲ ਸਬੰਧਤ ਮ੍ਰਿਤਕਾਂ ਦੇ ਅੰਤਿਮ ਸੰਸਕਾਰ ਜਾਂ ਦਫ਼ਨਾਉਣ ਲਈ ਵੀ ਲੋੜੀਂਦੀ ਸਹਾਇਤਾ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ। ਪੇਂਡੂ ਖੇਤਰਾਂ ਵਿੱਚ ਮ੍ਰਿਤਕ ਦੇਹਾਂ ਨੂੰ ਸੁਰੱਖਿਅਤ ਰੱਖਣ ਲਈ ਮੁਰਦਾਘਰ ਬਾਕਸਾਂ ਦੀ ਉਪਲਬਧਤਾ ਯਕੀਨੀ ਬਣਾਉਣ ਦੀ ਲੋੜ ਹੈ। ਉਨ੍ਹਾਂ ਸਬੰਧਤ ਵਿਭਾਗਾਂ ਨੂੰ ਇਨ੍ਹਾਂ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਦਿਆਂ ਮਨੁੱਖੀ ਸੰਵੇਦਨਸ਼ੀਲਤਾ ਨਾਲ ਕੰਮ ਕਰਨ ਲਈ ਕਿਹਾ।

ਉਨ੍ਹਾਂ ਵਿਦੇਸ਼ ਭੇਜਣ ਦੇ ਨਾਂ 'ਤੇ ਲੋਕਾਂ ਨਾਲ ਹੋ ਰਹੀ ਧੋਖਾਧੜੀ 'ਤੇ ਵੀ ਚਿੰਤਾ ਪ੍ਰਗਟਾਈ। ਉਨ੍ਹਾਂ ਕਿਹਾ ਕਿ ਜਾਅਲੀ ਵੀਜ਼ੇ, ਨਕਲੀ ਆਫ਼ਰ ਲੈਟਰਾਂ ਅਤੇ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਲੋਕਾਂ ਦੀ ਮਿਹਨਤ ਦੀ ਕਮਾਈ ਹੜੱਪਣ ਵਾਲਿਆਂ ਵਿਰੁੱਧ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

ਪਦਮਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਰਾਖੀ ਸਿਰਫ਼ ਕਮਿਸ਼ਨ ਜਾਂ ਪ੍ਰਸ਼ਾਸਨ ਦੀ ਹੀ ਨਹੀਂ, ਸਗੋਂ ਸਮਾਜ ਦੇ ਹਰੇਕ ਵਿਅਕਤੀ ਦੀ ਸਾਂਝੀ ਜ਼ਿੰਮੇਵਾਰੀ ਹੈ। ਲੋਕਾਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਹੋਣਾ ਚਾਹੀਦਾ ਹੈ ਅਤੇ ਕਿਸੇ ਵੀ ਤਰ੍ਹਾਂ ਦੀ ਬੇਇਨਸਾਫ਼ੀ ਜਾਂ ਅਧਿਕਾਰਾਂ ਦੀ ਉਲੰਘਣਾ ਹੋਣ 'ਤੇ ਬਿਨਾਂ ਕਿਸੇ ਡਰ ਦੇ ਸ਼ਿਕਾਇਤ ਦਰਜ ਕਰਵਾਉਣੀ ਚਾਹੀਦੀ ਹੈ। ਉਨ੍ਹਾਂ ਅਧਿਕਾਰੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਨੂੰ ਪਹਿਲ ਦਿੰਦਿਆਂ ਸੰਵੇਦਨਸ਼ੀਲਤਾ, ਜਵਾਬਦੇਹੀ ਅਤੇ ਮਨੁੱਖੀ ਦ੍ਰਿਸ਼ਟੀਕੋਣ ਨਾਲ ਕੰਮ ਕਰਨ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਰਾਕੇਸ਼ ਕੁਮਾਰ ਮੀਨਾ ਨੇ ਭਰੋਸਾ ਦਿਵਾਇਆ ਕਿ ਮਨੁੱਖੀ ਅਧਿਕਾਰ ਕਮਿਸ਼ਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਗੰਭੀਰਤਾ ਨਾਲ ਪਾਲਣਾ ਯਕੀਨੀ ਬਣਾਈ ਜਾਵੇਗੀ।

ਉਨ੍ਹਾਂ ਕਿਹਾ ਕਿ ਖੁੱਲ੍ਹੀ ਸੁਣਵਾਈ ਦੌਰਾਨ ਲੋਕਾਂ ਵੱਲੋਂ ਪੇਸ਼ ਕੀਤੀਆਂ ਗਈਆਂ ਸ਼ਿਕਾਇਤਾਂ ਦਾ ਸਬੰਧਤ ਵਿਭਾਗਾਂ ਰਾਹੀਂ ਪਹਿਲ ਦੇ ਆਧਾਰ 'ਤੇ ਨਿਪਟਾਰਾ ਕਰਵਾਇਆ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਵਿੱਚ ਕਿਸੇ ਕਿਸਮ ਦੀ ਲਾਪਰਵਾਹੀ ਨਾ ਵਰਤੀ ਜਾਵੇ ਅਤੇ ਹਰੇਕ ਸ਼ਿਕਾਇਤ 'ਤੇ ਨਿਯਮਾਂ ਅਨੁਸਾਰ ਲੋੜੀਂਦੀ ਕਾਰਵਾਈ ਕਰਦਿਆਂ ਪੀੜਤਾਂ ਨੂੰ ਰਾਹਤ ਦੇਣੀ ਯਕੀਨੀ ਬਣਾਈ ਜਾਵੇ। ਇਸ ਮੌਕੇ ਐਸ.ਪੀ. ਨਵਨੀਤ ਕੌਰ, ਐਸ.ਡੀ.ਐਮ. ਮੁਕੇਰੀਆਂ ਜਯੋਤਸਨਾ, ਕਮਿਸ਼ਨ ਦੇ ਮੈਂਬਰ ਦੇ ਸਕੱਤਰ ਬਲਦੇਵ ਸਿੰਘ, ਗੁਰਬਖ਼ਸ਼ ਸਹੋਤਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਕਮਿਸ਼ਨ ਦੇ ਜ਼ਿਲ੍ਹਾ ਕੋਰ ਗਰੁੱਪ ਦੇ ਮੈਂਬਰ, 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਟੀਮ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦੇ ਮੌਜੂਦ ਸਨ।

# ਸਊਦੀ ਅਰਬ ਦੀ ਜੇਲ੍ਹ ਵਿੱਚ ਬੰਦ ਪੰਜਾਬੀ ਨੌਜਵਾਨਾਂ ਦੇ ਮਾਮਲੇ ਸਬੰਧੀ ਮੇਜਰ ਅੰਜੂ ਬਾਲਾ ਸਿੰਘ ਅਤੇ ਪੀੜਤ ਪਰਿਵਾਰਾਂ ਨੇ ਪੰਜਾਬ ਦੇ ਰਾਜਪਾਲ ਨਾਲ ਕੀਤੀ ਮੁਲਾਕਾਤ



**ਮੋਰਿੰਡਾ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਜਨਤਾ ਪਾਰਟੀ, ਹਲਕਾ ਸ੍ਰੀ ਚਮਕੌਰ ਸਾਹਿਬ ਦੀ ਸੀਨੀਅਰ ਆਗੂ ਮੇਜਰ ਅੰਜੂ ਬਾਲਾ ਸਿੰਘ ਜੀ ਨੇ ਸਊਦੀ ਅਰਬ ਦੀ ਜੇਲ੍ਹ ਵਿੱਚ ਬੰਦ ਦੋ ਪੰਜਾਬੀ ਨੌਜਵਾਨਾਂ ਦੇ ਮਾਮਲੇ ਨੂੰ ਲੈ ਕੇ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਜੀ ਨਾਲ ਮੁਲਾਕਾਤ ਕੀਤੀ। ਇਸ ਮੌਕੇ ਦੋਵਾਂ ਨੌਜਵਾਨਾਂ ਦੇ ਪਰਿਵਾਰਕ ਮੈਂਬਰ ਵੀ ਮੌਜੂਦ ਸਨ।

ਇਨ੍ਹਾਂ ਵਿੱਚੋਂ ਪਹਿਲਾ ਨੌਜਵਾਨ ਗੁਰਦੀਪ ਸਿੰਘ, ਜ਼ਿਲ੍ਹਾ ਰੂਪਨਗਰ ਦੇ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਪਿੰਡ ਬਰਸਾਲਪੁਰ ਦਾ ਵਸਨੀਕ ਹੈ। ਮੁਲਾਕਾਤ ਦੌਰਾਨ ਉਸ ਦੇ ਪਿਤਾ ਸ੍ਰੀ ਜਰਨੈਲ ਸਿੰਘ ਅਤੇ ਮਾਤਾ ਸ੍ਰੀਮਤੀ ਬਲਜੀਤ ਕੌਰ ਹਾਜ਼ਰ ਸਨ। ਦੂਜਾ ਨੌਜਵਾਨ ਸੁਖਚੈਨ ਸਿੰਘ, ਜ਼ਿਲ੍ਹਾ ਲੁਧਿਆਣਾ ਦੇ ਪਿੰਡ ਮਾਣਕੀ ਦਾ ਵਸਨੀਕ ਹੈ, ਜਿਸ ਦੇ ਪਿਤਾ ਸ੍ਰੀ ਛਿੰਦਰ ਸਿੰਘ ਅਤੇ ਮਾਤਾ ਸ੍ਰੀਮਤੀ ਕੁਲਵਿੰਦਰ ਕੌਰ ਵੀ ਇਸ ਮੌਕੇ ਮੌਜੂਦ ਸਨ।

ਮੇਜਰ ਅੰਜੂ ਬਾਲਾ ਸਿੰਘ ਜੀ ਨੇ ਰਾਜਪਾਲ ਸਾਹਿਬ ਨੂੰ ਮਾਮਲੇ ਦੀ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਪ੍ਰਾਪਤ ਜਾਣਕਾਰੀ ਅਨੁਸਾਰ ਦੋਵੇਂ ਨੌਜਵਾਨ ਇਸ ਸਮੇਂ ਸਊਦੀ ਅਰਬ ਦੀ ਜੇਲ੍ਹ ਵਿੱਚ ਬੰਦ ਹਨ ਅਤੇ ਉਨ੍ਹਾਂ ਨੂੰ ਲਗਭਗ 20 ਦਿਨਾਂ ਬਾਅਦ ਸਿਰ ਕਲਮ ਕਰਨ ਦੀ ਸਜ਼ਾ ਦਿੱਤੇ ਜਾਣ ਦਾ ਖ਼ਦਸ਼ਾ ਹੈ। ਇਸ ਗੰਭੀਰ ਸਥਿਤੀ ਕਾਰਨ ਦੋਵਾਂ ਪਰਿਵਾਰਾਂ ਵਿੱਚ ਡੂੰਘੀ ਚਿੰਤਾ ਅਤੇ ਬੇਚੈਨੀ ਪਾਈ ਜਾ ਰਹੀ ਹੈ।

ਉਨ੍ਹਾਂ ਨੇ ਰਾਜਪਾਲ ਸਾਹਿਬ ਨੂੰ ਅਪੀਲ ਕੀਤੀ ਕਿ ਇਸ ਮਾਮਲੇ ਨੂੰ ਤੁਰੰਤ ਕੇਂਦਰ ਸਰਕਾਰ ਦੇ ਵਿਦੇਸ਼ ਮੰਤਰਾਲੇ ਅਤੇ ਸਊਦੀ ਅਰਬ ਸਰਕਾਰ ਦੇ ਸਬੰਧਤ ਅਧਿਕਾਰੀਆਂ ਕੋਲ ਉਠਾਇਆ ਜਾਵੇ, ਤਾਂ ਜੋ ਮਾਮਲੇ ਦੇ ਸਾਰੇ ਤੱਥਾਂ ਦੀ ਪੁਸ਼ਟੀ ਕਰਕੇ ਨੌਜਵਾਨਾਂ ਨੂੰ ਕਾਨੂੰਨੀ ਅਤੇ ਮਨੁੱਖੀ ਆਧਾਰ 'ਤੇ ਹਰ ਸੰਭਵ ਰਾਹਤ ਦਿਵਾਉਣ ਲਈ ਪ੍ਰਭਾਵਸ਼ਾਲੀ ਕਦਮ ਚੁੱਕੇ ਜਾ ਸਕਣ।

ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਜੀ ਨੇ ਮਾਮਲੇ ਦੀ ਗੰਭੀਰਤਾ ਨੂੰ ਸਮਝਦਿਆਂ ਭਰੋਸਾ ਦਿਵਾਇਆ ਕਿ ਉਹ ਇਸ ਸਬੰਧੀ ਵਿਦੇਸ਼ ਮੰਤਰਾਲੇ ਨਾਲ ਸੰਪਰਕ ਕਰਨਗੇ।

ਉਨ੍ਹਾਂ ਨੇ ਮੌਜੂਦਾ ਰਾਜ ਸਭਾ ਮੈਂਬਰ ਸ੍ਰੀ ਸਤਨਾਮ ਸਿੰਘ ਸੰਧੂ ਜੀ ਅਤੇ ਸ੍ਰੀ ਵਿਕਰਮਜੀਤ ਸਿੰਘ ਸਾਹਨੀ ਜੀ ਨਾਲ ਵੀ ਤਾਲਮੇਲ ਕਰਕੇ ਮਾਮਲੇ ਦੀ ਪੂਰੀ ਜਾਣਕਾਰੀ ਹਾਸਲ ਕਰਨ ਅਤੇ ਵਿਦੇਸ਼ ਮੰਤਰਾਲੇ ਦੇ ਸਹਿਯੋਗ ਨਾਲ ਅਗਲੀ ਲੋੜੀਂਦੀ ਕਾਰਵਾਈ ਨੂੰ ਅੱਗੇ ਵਧਾਉਣ ਲਈ ਯਤਨ ਕਰਨ ਦਾ ਭਰੋਸਾ ਦਿੱਤਾ।

ਇਸ ਮੌਕੇ ਮੇਜਰ ਅੰਜੂ ਬਾਲਾ ਸਿੰਘ ਜੀ ਨੇ ਰਾਜਪਾਲ ਸਾਹਿਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਦੋਵਾਂ ਨੌਜਵਾਨਾਂ ਦੀ ਸੁਰੱਖਿਆ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਨਸਾਫ਼ ਦਿਵਾਉਣਾ ਸਭ ਤੋਂ ਵੱਡੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਉਹ ਇਸ ਸੰਵੇਦਨਸ਼ੀਲ ਮਾਮਲੇ ਵਿੱਚ ਹਰ ਸੰਭਵ ਪੱਧਰ 'ਤੇ ਯਤਨ ਜਾਰੀ ਰੱਖਣਗੇ ਅਤੇ ਕੇਂਦਰ ਸਰਕਾਰ, ਸਬੰਧਤ ਅਧਿਕਾਰੀਆਂ ਅਤੇ ਹੋਰ ਜ਼ਿੰਮੇਵਾਰ ਨੁਮਾਇੰਦਿਆਂ ਨਾਲ ਤਾਲਮੇਲ ਕਰਕੇ ਪਰਿਵਾਰਾਂ ਨੂੰ ਕਾਨੂੰਨੀ, ਕੂਟਨੀਤਕ ਅਤੇ ਮਨੁੱਖੀ ਸਹਾਇਤਾ ਦਿਵਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰਨਗੇ।

ਮੇਜਰ ਅੰਜੂ ਬਾਲਾ ਸਿੰਘ ਜੀ ਨੇ ਕਿਹਾ ਕਿ ਇਨ੍ਹਾਂ ਪਰਿਵਾਰਾਂ ਦੀ ਪੀੜ ਨੂੰ ਸਮਝਦਿਆਂ ਹਰ ਸੰਭਵ ਯਤਨ ਕੀਤਾ ਜਾਵੇਗਾ, ਤਾਂ ਜੋ ਦੋਵਾਂ ਨੌਜਵਾਨਾਂ ਨੂੰ ਨਿਆਂ ਮਿਲ ਸਕੇ ਅਤੇ ਉਨ੍ਹਾਂ ਦੀ ਜਾਨ ਦੀ ਰੱਖਿਆ ਲਈ ਸਮੇਂ ਸਿਰ ਪ੍ਰਭਾਵਸ਼ਾਲੀ ਕਾਰਵਾਈ ਯਕੀਨੀ ਬਣਾਈ ਜਾ ਸਕੇ।

# ਪੰਜਾਬ ਦੀ ਸਿੱਖੀਆ ਕ੍ਰਾਂਤੀ: ਪੰਜਾਬ ਦੇ ਸਰਕਾਰੀ ਸਕੂਲਾਂ ਨੂੰ ਵਿਸ਼ਵ ਪੱਧਰੀ ਬਣਾਉਣ ਲਈ 21 ਲੱਖ ਮਾਪਿਆਂ ਨੇ ਸਰਕਾਰ ਨਾਲ ਹੱਥ ਮਿਲਾਇਆ

**ਅਸੀਂ ਆਪਣੇ ਬੱਚਿਆਂ ਦੇ ਭਵਿੱਖ ਨੂੰ ਬਣਾਉਣ ਅਤੇ ਸਕੂਲ ਸਿੱਖਿਆ ਵਿੱਚ ਨਵੇਂ ਮਾਪਦੰਡ ਸਥਾਪਤ ਕਰਨ ਲਈ ਮਾਪਿਆਂ ਨਾਲ ਮਿਲ ਕੇ ਕੰਮ ਕਰਾਂਗੇ: ਹਰਜੋਤ ਸਿੰਘ ਬੈਂਸ**

**ਚੰਡੀਗੜ੍ਹ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**



ਪੰਜਾਬ ਦੀ 'ਸਿੱਖਿਆ ਕ੍ਰਾਂਤੀ' 21 ਲੱਖ ਮਾਪਿਆਂ ਨੂੰ ਭਗਵੰਤ ਮਾਨ ਸਰਕਾਰ ਨਾਲ ਜੋੜ ਰਹੀ ਹੈ ਤਾਂ ਜੋ ਸਾਰੇ 23 ਜ਼ਿਲ੍ਹਿਆਂ ਦੇ 19,200 ਸਰਕਾਰੀ ਸਕੂਲਾਂ ਨੂੰ ਵਿਸ਼ਵ ਪੱਧਰੀ ਬਣਾਇਆ ਜਾ ਸਕੇ। ਮੈਗਾ ਮਾਪੇ-ਅਧਿਆਪਕ ਮੀਟਿੰਗ ਵਿੱਚ ਵੱਡੀ ਭਾਗੀਦਾਰੀ ਸਰਕਾਰ ਦੇ ਮਾਪਿਆਂ ਨੂੰ ਉਨ੍ਹਾਂ ਦੇ ਬੱਚਿਆਂ ਦੀ ਸਿੱਖਿਆ ਵਿੱਚ ਸਿੱਧੇ ਤੌਰ 'ਤੇ ਸ਼ਾਮਲ ਕਰਨ ਅਤੇ ਸਿੱਖਿਆ ਵਿੱਚ ਪੰਜਾਬ ਦੀ ਨੰਬਰ 1 ਰੈਂਕਿੰਗ ਨੂੰ ਅੱਗੇ ਵਧਾਉਣ ਦੇ ਯਤਨਾਂ ਨੂੰ ਦਰਸਾਉਂਦੀ ਹੈ। ਸਿੱਖਣ ਦੇ ਨਤੀਜਿਆਂ ਨੂੰ ਬਿਹਤਰ ਬਣਾਉਣ ਅਤੇ ਪਰਿਵਾਰਾਂ ਨਾਲ ਮਿਲ ਕੇ ਕੰਮ ਕਰਨ 'ਤੇ ਧਿਆਨ ਕੇਂਦ੍ਰਤ ਕਰਦੇ ਹੋਏ, ਭਗਵੰਤ ਮਾਨ ਸਰਕਾਰ ਦਾ ਉਦੇਸ਼ ਸਕੂਲ ਸਿੱਖਿਆ ਵਿੱਚ ਨਵੇਂ ਮਾਪਦੰਡ ਸਥਾਪਤ ਕਰਨਾ ਅਤੇ ਇੱਕ 'ਰੰਗਲਾ ਪੰਜਾਬ' ਬਣਾਉਣਾ ਹੈ ਜਿੱਥੇ ਹਰ ਬੱਚੇ ਨੂੰ ਸਫਲ ਹੋਣ ਦਾ ਮੌਕਾ ਮਿਲੇ। ਕੈਬਨਿਟ ਮੰਤਰੀਆਂ ਅਤੇ 'ਆਪ' ਵਿਧਾਇਕਾਂ ਨੇ ਰਾਜ ਭਰ ਦੇ ਸਕੂਲਾਂ ਵਿੱਚ ਮੀਟਿੰਗਾਂ ਵਿੱਚ ਹਿੱਸਾ ਲਿਆ, ਜਦੋਂ ਕਿ ਵਿਭਾਗੀ ਅਧਿਕਾਰੀਆਂ ਨੇ ਪ੍ਰਬੰਧਾਂ ਦਾ ਮੁਲਾਂਕਣ ਕਰਨ ਅਤੇ ਕਾਰਵਾਈ ਦੀ ਨਿਗਰਾਨੀ ਕਰਨ ਲਈ ਲਗਭਗ 2,000 ਸਕੂਲਾਂ ਦਾ ਦੌਰਾ ਕੀਤਾ।

ਇਸ 'ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਮਾਪਿਆਂ ਦਾ ਮੈਗਾ ਪੇਟੀਐਮ ਵਿੱਚ ਇੰਨੀ ਵੱਡੀ ਗਿਣਤੀ ਵਿੱਚ ਹਿੱਸਾ ਲੈਣ ਅਤੇ ਸਰਕਾਰੀ ਸਕੂਲਾਂ ਵਿੱਚ ਵਿਸ਼ਵਾਸ ਪ੍ਰਗਟ ਕਰਨ ਲਈ ਧੰਨਵਾਦ ਕੀਤਾ। ਉਨ੍ਹਾਂ ਨੇ ਸਕੂਲ ਸਿੱਖਿਆ ਵਿਭਾਗ ਨੂੰ ਰਾਜ ਪੱਧਰੀ ਪਹਿਲਕਦਮੀ ਨੂੰ ਸਫਲਤਾਪੂਰਵਕ ਆਯੋਜਿਤ ਕਰਨ ਲਈ ਵਧਾਈ ਵੀ ਦਿੱਤੀ।

ਸਿੱਖਿਆ ਮੰਤਰੀ ਨੇ ਕਿਹਾ, ਭਗਵੰਤ ਮਾਨ ਸਰਕਾਰ ਚਾਹੁੰਦੀ ਹੈ ਕਿ ਮਾਪੇ ਆਪਣੇ ਬੱਚਿਆਂ ਦੀ ਸਿੱਖਿਆ ਵਿੱਚ ਸਰਗਰਮ ਭਾਈਵਾਲ ਬਣਨ। ਅਸੀਂ ਮਾਪਿਆਂ ਅਤੇ ਅਧਿਆਪਕਾਂ ਨਾਲ ਮਿਲ ਕੇ ਕੰਮ ਕਰਾਂਗੇ ਤਾਂ ਜੋ ਸਿੱਖਿਆ ਨੂੰ ਬਿਹਤਰ ਬਣਾਇਆ ਜਾ ਸਕੇ, ਬੱਚਿਆਂ ਨੂੰ ਅੱਗੇ ਵਧਣ ਵਿੱਚ ਮਦਦ ਕੀਤੀ ਜਾ ਸਕੇ ਅਤੇ ਉਨ੍ਹਾਂ ਲਈ ਇੱਕ ਉੱਜਵਲ ਭਵਿੱਖ ਬਣਾਇਆ ਜਾ ਸਕੇ। ਸਾਡਾ ਟੀਚਾ ਪੰਜਾਬ ਦੇ ਸਰਕਾਰੀ ਸਕੂਲਾਂ ਨੂੰ ਵਿਸ਼ਵ ਪੱਧਰੀ ਬਣਾਉਣਾ ਹੈ ਅਤੇ ਇਹ ਯਕੀਨੀ ਬਣਾਉਣਾ ਹੈ ਕਿ ਹਰ ਬੱਚੇ ਨੂੰ ਸਭ ਤੋਂ ਵਧੀਆ ਮੌਕੇ ਮਿਲਣ।

ਉਨ੍ਹਾਂ ਕਿਹਾ, ਮੈਗਾ ਪੇਟੀਐਮ ਪੰਜਾਬ ਸਰਕਾਰ ਦੀ ਇੱਕ ਵਿਲੱਖਣ ਪਹਿਲਕਦਮੀ ਹੈ ਜੋ ਮਾਪਿਆਂ ਅਤੇ ਅਧਿਆਪਕਾਂ ਨੂੰ ਇਕੱਠੇ ਕਰਕੇ ਸਾਡੇ ਬੱਚਿਆਂ ਦਾ ਭਵਿੱਖ ਬਣਾਉਣ ਲਈ ਕੰਮ ਕਰਦੀ ਹੈ। ਅਸੀਂ ਚਾਹੁੰਦੇ ਹਾਂ ਕਿ ਮਾਪੇ ਇਹ ਸਮਝਣ ਕਿ ਉਨ੍ਹਾਂ ਦੇ ਬੱਚੇ ਕਿਵੇਂ ਤਰੱਕੀ ਕਰ ਰਹੇ ਹਨ ਅਤੇ ਅਧਿਆਪਕਾਂ ਨਾਲ ਮਿਲ ਕੇ ਕੰਮ ਕਰਨ ਤਾਂ ਜੋ ਉਨ੍ਹਾਂ ਨੂੰ ਹੋਰ ਵੀ ਬਿਹਤਰ ਕਰਨ ਵਿੱਚ ਮਦਦ ਮਿਲ ਸਕੇ। ਸਾਡਾ ਸਮੂਹਿਕ ਟੀਚਾ ਇੱਕ ਰੰਗਲਾ ਪੰਜਾਬ ਬਣਾਉਣਾ ਹੈ ਜਿੱਥੇ ਹਰ ਬੱਚੇ ਨੂੰ ਮਿਆਰੀ ਸਿੱਖਿਆ ਮਿਲੇ ਅਤੇ ਉਸਨੂੰ ਸਫਲ ਹੋਣ ਦਾ ਮੌਕਾ ਮਿਲੇ।

**ਸਰਕਾਰ ਦੀ ਸਿੱਖਿਆ ਕ੍ਰਾਂਤੀ ਵਿੱਚ 21 ਲੱਖ ਮਾਪੇ ਹੋਏ ਸ਼ਾਮਲ**

'ਹਰ ਦਿਨ, ਇੱਕ ਕਦਮ ਅੱਗੇ' ਥੀਮ ਦੇ ਤਹਿਤ ਆਯੋਜਿਤ, ਮੈਗਾ ਪੀਟੀਐਮ ਨੇ ਮਾਪਿਆਂ ਨੂੰ ਅਧਿਆਪਕਾਂ ਨਾਲ ਮੁਲਾਕਾਤ ਕਰਨ, ਆਪਣੇ ਬੱਚਿਆਂ ਦੇ ਰਿਪੋਰਟ ਕਾਰਡਾਂ ਦੀ ਸਮੀਖਿਆ ਕਰਨ ਅਤੇ ਉਨ੍ਹਾਂ ਦੀ ਅਕਾਦਮਿਕ ਪ੍ਰਗਤੀ, ਹਾਜ਼ਰੀ ਅਤੇ ਸੁਧਾਰ ਦੀ ਲੋੜ ਵਾਲੇ ਖੇਤਰਾਂ 'ਤੇ ਚਰਚਾ ਕਰਨ ਦੇ ਯੋਗ ਬਣਾਇਆ। ਅਧਿਆਪਕਾਂ ਨੇ ਮਾਪਿਆਂ ਨੂੰ ਘਰ ਵਿੱਚ ਆਪਣੇ ਬੱਚਿਆਂ ਦੀ ਸਿੱਖਿਆ ਵਿੱਚ ਸਹਾਇਤਾ ਕਰਨ ਲਈ ਵਿਹਾਰਕ ਸੁਝਾਅ ਵੀ ਸਾਂਝੇ ਕੀਤੇ।

ਇਹ ਪਹਿਲ ਭਗਵੰਤ ਮਾਨ ਸਰਕਾਰ ਦੇ ਮਾਪਿਆਂ ਨੂੰ ਸਿੱਖਿਆ ਸੁਧਾਰਾਂ ਵਿੱਚ ਸਰਗਰਮ ਭਾਗੀਦਾਰ ਬਣਾਉਣ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ। ਪਰਿਵਾਰਾਂ ਅਤੇ ਅਧਿਆਪਕਾਂ ਨੂੰ ਇਕੱਠੇ ਕਰਕੇ, ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਸਕੂਲਾਂ ਵਿੱਚ ਸੁਧਾਰ ਬੱਚਿਆਂ ਲਈ ਬਿਹਤਰ ਸਿੱਖਿਆ ਅਤੇ ਮਜ਼ਬੂਤ ??ਵਿਦਿਅਕ ਨੀਂਹ ਵਿੱਚ ਅਨੁਵਾਦ ਕਰਨ।

ਮੀਟਿੰਗਾਂ ਨੇ ਮਾਪਿਆਂ ਨੂੰ ਸਕੂਲ ਸਿੱਖਿਆ ਵਿਭਾਗ ਦੇ ਵਿਦਿਆਰਥੀ-ਸਹਾਇਤਾ ਪਹਿਲਕਦਮੀਆਂ ਤੋਂ ਜਾਣੂ ਕਰਵਾਇਆ ਅਤੇ ਸਕੂਲ ਵਿਕਾਸ ਵਿੱਚ ਸਹਾਇਤਾ ਕਰਨ ਵਿੱਚ ਸਕੂਲ ਪ੍ਰਬੰਧਨ ਕਮੇਟੀਆਂ ਦੇ ਯੋਗਦਾਨ ਨੂੰ ਮਾਨਤਾ ਦਿੱਤੀ।

**ਪੰਜਾਬ ਸਿੱਖਿਆ ਵਿੱਚ ਪਹਿਲੇ ਸਥਾਨ 'ਤੇ, ਸਰਕਾਰ ਨੇ ਵਿਸ਼ਵ ਪੱਧਰੀ ਸਕੂਲਾਂ 'ਤੇ ਨਜ਼ਰ ਰੱਖੀ**

ਭਗਵੰਤ ਮਾਨ ਸਰਕਾਰ ਦੇ ਅਧੀਨ ਪੰਜਾਬ ਦੇ ਸਿੱਖਿਆ ਸੁਧਾਰ ਸਿੱਖਣ ਦੇ ਨਤੀਜਿਆਂ ਨੂੰ ਬਿਹਤਰ ਬਣਾਉਣ, ਸਰਕਾਰੀ ਸਕੂਲਾਂ ਨੂੰ ਮਜ਼ਬੂਤ ??ਕਰਨ ਅਤੇ ਬੱਚਿਆਂ ਨੂੰ ਸਫਲ ਹੋਣ ਦੇ ਬਿਹਤਰ ਮੌਕੇ ਦੇਣ 'ਤੇ ਕੇਂਦ੍ਰਿਤ ਹਨ। ਸਰਕਾਰ ਦਾ ਉਦੇਸ਼ ਆਪਣੀਆਂ ਸਿੱਖਿਆ ਪ੍ਰਾਪਤੀਆਂ ਨੂੰ ਅੱਗੇ ਵਧਾਉਣਾ ਅਤੇ ਆਪਣੇ ਸਕੂਲਾਂ ਨੂੰ ਵਿਸ਼ਵ ਪੱਧਰੀ ਬਣਾਉਣਾ ਹੈ।

ਮੈਗਾ ਪੀਟੀਐਮ ਇਸ ਯਤਨ ਦਾ ਹਿੱਸਾ ਹੈ, ਜਿਸ ਨਾਲ ਮਾਪਿਆਂ ਨੂੰ ਆਪਣੇ ਬੱਚਿਆਂ ਦੀ ਤਰੱਕੀ ਨੂੰ ਸਮਝਣ, ਧਿਆਨ ਦੇਣ ਦੀ ਲੋੜ ਵਾਲੇ ਖੇਤਰਾਂ 'ਤੇ ਚਰਚਾ ਕਰਨ ਅਤੇ ਉਨ੍ਹਾਂ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਨ ਲਈ ਅਧਿਆਪਕਾਂ ਨਾਲ ਕੰਮ ਕਰਨ ਦੀ ਆਗਿਆ ਮਿਲਦੀ ਹੈ। ਸਰਕਾਰ ਦਾ ਜ਼ੋਰ ਇਹ ਯਕੀਨੀ ਬਣਾਉਣ 'ਤੇ ਰਹਿੰਦਾ ਹੈ ਕਿ ਹਰ ਬੱਚੇ ਨੂੰ ਮਿਆਰੀ ਸਿੱਖਿਆ ਮਿਲੇ ਅਤੇ ਮਾਪੇ ਆਪਣੇ ਬੱਚਿਆਂ ਦੀ ਸਿੱਖਿਆ ਵਿੱਚ ਅੰਤਰ ਦੇਖ ਸਕਣ।

**ਮਾਪਿਆਂ ਨੇ ਸਿੱਖਿਆ ਸੁਧਾਰਾਂ ਅਤੇ ਭਲਾਈ ਸਕੀਮਾਂ ਦੇ ਤਜਰਬੇ ਸਾਂਝੇ ਕੀਤੇ**

ਮੈਗਾ ਪੀਟੀਐਮ ਵਿੱਚ ਭਾਗ ਲੈਣ ਵਾਲੇ ਮਾਪਿਆਂ ਨੇ ਮਾਵਾਂ-ਧਿਆਨ ਸਤਕਾਰ ਯੋਜਨਾ ਅਤੇ ਮੁਖ ਮੰਤਰੀ ਸਿਹਤ ਯੋਜਨਾ ਸਮੇਤ ਭਗਵੰਤ ਮਾਨ ਸਰਕਾਰ ਦੇ ਸਿੱਖਿਆ ਸੁਧਾਰਾਂ ਅਤੇ ਭਲਾਈ ਪਹਿਲਕਦਮੀਆਂ ਦੇ ਆਪਣੇ ਤਜ਼ਰਬੇ ਸਾਂਝੇ ਕੀਤੇ।

ਇੱਕ ਔਰਤ ਮਾਤਾ-ਪਿਤਾ ਨੇ ਮਾਵਨ-ਧਿਆਨ ਸਤਿਕਾਰ ਯੋਜਨਾ ਲਈ ਧੰਨਵਾਦ ਪ੍ਰਗਟ ਕਰਦੇ ਹੋਏ ਕਿਹਾ ਕਿ ਮਹੀਨਾਵਾਰ ਵਿੱਤੀ ਸਹਾਇਤਾ ਉਸਨੂੰ ਘਰੇਲੂ ਖਰਚਿਆਂ ਦਾ ਪ੍ਰਬੰਧਨ ਕਰਨ ਅਤੇ ਉਸਦੇ ਬੱਚਿਆਂ ਦੀਆਂ ਵਿਦਿਅਕ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਮਦਦ ਕਰੇਗੀ। ਇਹ ਪੈਸਾ ਨੋਟਬੁੱਕਾਂ, ਸਕੂਲ ਸਪਲਾਈ, ਵਰਦੀਆਂ ਅਤੇ ਹੋਰ ਜ਼ਰੂਰੀ ਜ਼ਰੂਰਤਾਂ ਵਰਗੇ ਖਰਚਿਆਂ ਵਿੱਚ ਮਦਦ ਕਰ ਸਕਦਾ ਹੈ, ਜਦੋਂ ਕਿ ਉਸਨੂੰ ਵਧੇਰੇ ਵਿੱਤੀ ਸੁਤੰਤਰਤਾ ਪ੍ਰਦਾਨ ਕਰੇਗਾ, ਉਸਨੇ ਅੱਗੇ ਕਿਹਾ।

ਇੱਕ ਹੋਰ ਮਾਪੇ ਨੇ ਸਰਕਾਰ ਦੇ ਸਿੱਖਿਆ ਸੁਧਾਰਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਧਿਆਪਕਾਂ ਨਾਲ ਨਿਯਮਤ ਗੱਲਬਾਤ ਨੇ ਪਰਿਵਾਰਾਂ ਨੂੰ ਉਨ੍ਹਾਂ ਦੇ ਬੱਚਿਆਂ ਦੀ ਤਰੱਕੀ ਨੂੰ ਸਮਝਣ ਵਿੱਚ ਮਦਦ ਕੀਤੀ। ਮਾਪਿਆਂ ਨੇ ਕਿਹਾ ਕਿ ਇਹ ਜਾਣਨਾ ਕਿ ਬੱਚੇ ਨੂੰ ਕਿੱਥੇ ਵਾਧੂ ਮਦਦ ਦੀ ਲੋੜ ਹੈ, ਅਧਿਆਪਕਾਂ ਨਾਲ ਕੰਮ ਕਰਨਾ ਅਤੇ ਘਰ ਵਿੱਚ ਸਹਾਇਤਾ ਪ੍ਰਦਾਨ ਕਰਨਾ ਆਸਾਨ ਹੋ ਗਿਆ।

ਇੱਕ ਮਾਤਾ-ਪਿਤਾ ਨੇ ਮੁੱਖ ਮੰਤਰੀ ਸਿਹਤ ਯੋਜਨਾ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਪ੍ਰਤੀ ਪਰਿਵਾਰ ?10 ਲੱਖ ਤੱਕ ਦਾ ਨਕਦ ਰਹਿਤ ਡਾਕਟਰੀ ਕਵਰੇਜ ਗੰਭੀਰ ਬਿਮਾਰੀਆਂ ਜਾਂ ਹਸਪਤਾਲ ਵਿੱਚ ਭਰਤੀ ਹੋਣ ਦੌਰਾਨ ਘਰੇਲੂ ਬੱਚਤ ਦੀ ਰੱਖਿਆ ਕਰ ਸਕਦਾ ਹੈ। ਯੋਗ ਡਾਕਟਰੀ ਇਲਾਜ ਲਈ ਵੱਡੀ ਰਕਮ ਦਾ ਪ੍ਰਬੰਧ ਨਾ ਕਰਨ ਨਾਲ ਮਨ ਦੀ ਸ਼ਾਂਤੀ ਮਿਲੇਗੀ ਅਤੇ ਪਰਿਵਾਰਾਂ ਨੂੰ ਆਪਣੇ ਬੱਚਿਆਂ ਦੇ ਵਿਦਿਅਕ ਖਰਚਿਆਂ ਨੂੰ ਪੂਰਾ ਕਰਨ ਵਿੱਚ ਮਦਦ ਮਿਲੇਗੀ, ਉਸਨੇ ਅੱਗੇ ਕਿਹਾ।

ਇੱਕ ਹੋਰ ਮਾਪੇ ਨੇ ਮੈਗਾ ਪੇਟੀਐਮ ਦੀ ਸ਼ਲਾਘਾ ਕੀਤੀ ਕਿ ਉਸਨੇ ਪਰਿਵਾਰਾਂ ਨੂੰ ਹਾਜ਼ਰੀ, ਕਲਾਸਰੂਮ ਪ੍ਰਦਰਸ਼ਨ ਅਤੇ ਸਿੱਖਣ ਦੀਆਂ ਮੁਸ਼ਕਲਾਂ ਬਾਰੇ ਸਿੱਧੇ ਅਧਿਆਪਕਾਂ ਨਾਲ ਚਰਚਾ ਕਰਨ ਦਾ ਮੌਕਾ ਦਿੱਤਾ। ਮਾਪਿਆਂ ਨੇ ਕਿਹਾ ਕਿ ਅਜਿਹੀਆਂ ਮੀਟਿੰਗਾਂ ਮਾਪਿਆਂ ਨੂੰ ਸਿਰਫ਼ ਪ੍ਰੀਖਿਆ ਦੇ ਸਮੇਂ ਅਕਾਦਮਿਕ ਮੁਸ਼ਕਲਾਂ ਬਾਰੇ ਸਿੱਖਣ ਦੀ ਬਜਾਏ ਆਪਣੇ ਬੱਚਿਆਂ ਦੀ ਸਿੱਖਿਆ ਵਿੱਚ ਸ਼ਾਮਲ ਰਹਿਣ ਵਿੱਚ ਮਦਦ ਕਰਦੀਆਂ ਹਨ।

ਮਾਪਿਆਂ ਨੇ ਕਿਹਾ ਕਿ ਘਰੇਲੂ ਵਿੱਤ ਅਤੇ ਸਿਹਤ ਸੰਭਾਲ ਨੂੰ ਸੰਬੋਧਿਤ ਕਰਨ ਵਾਲੀਆਂ ਸਿੱਖਿਆ ਪਹਿਲਕਦਮੀਆਂ ਅਤੇ ਭਲਾਈ ਸਕੀਮਾਂ ਪਰਿਵਾਰਾਂ ਨੂੰ ਆਪਣੇ ਬੱਚਿਆਂ ਦੇ ਭਵਿੱਖ 'ਤੇ ਵਧੇਰੇ ਵਿਸ਼ਵਾਸ ਨਾਲ ਧਿਆਨ ਕੇਂਦਰਿਤ ਕਰਨ ਵਿੱਚ ਮਦਦ ਕਰ ਸਕਦੀਆਂ ਹਨ। ਭਗਵੰਤ ਮਾਨ ਸਰਕਾਰ ਨੇ ਪੰਜਾਬ ਸਿੱਖੀਆ ਕ੍ਰਾਂਤੀ ਨੂੰ ਮਜ਼ਬੂਤ ਕਰਨ, ਸਰਕਾਰੀ ਸਕੂਲਾਂ ਨੂੰ ਬਿਹਤਰ ਬਣਾਉਣ ਅਤੇ ਬੱਚਿਆਂ ਦੇ ਉੱਜਵਲ ਭਵਿੱਖ ਦੇ ਨਿਰਮਾਣ ਲਈ ਮਾਪਿਆਂ ਨਾਲ ਮਿਲ ਕੇ ਕੰਮ ਕਰਨ ਦੀ ਆਪਣੀ ਵਚਨਬੱਧਤਾ ਦੁਹਰਾਈ। ਪੰਜਾਬ ਦੇ ਸਕੂਲਾਂ ਨੂੰ ਵਿਸ਼ਵ ਪੱਧਰੀ ਬਣਾਉਣ ਦੇ ਟੀਚੇ ਨਾਲ, ਸਰਕਾਰ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਮਿਆਰੀ ਸਿੱਖਿਆ ਇੱਕ ਪ੍ਰਗਤੀਸ਼ੀਲ ਅਤੇ ਖੁਸ਼ਹਾਲ ਰੰਗਲਾ ਪੰਜਾਬ ਬਣਾਉਣ ਲਈ ਕੇਂਦਰੀ ਰਹੇ।



# ਹਰਿਆਣਾ ਖ਼ਬਰਨਾਮਾ



## ਅਕਾਲੀ ਦਲ ਨੇ ਬਲਵਿੰਦਰ ਸਿੰਘ ਨੂੰ ਬਣਾਇਆ ਬੁਢਲਾਡਾ ਹਲਕੇ ਦਾ ਇੰਚਾਰਜ



**ਮਾਨਸਾ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਅੱਜ ਸੇਵਾਮੁਕਤ ਪਟਵਾਰੀ ਬਲਵਿੰਦਰ ਸਿੰਘ ਹਾਕਮਵਾਲਾ ਨੂੰ ਬੁੱਢਲਾਡਾ ਹਲਕੇ ਦਾ ਨਵਾਂ ਇੰਚਾਰਜ ਨਿਯੁਕਤ ਕਰ ਦਿੱਤਾ ਹੈ। ਇਹ ਕਦਮ ਬੁਢਲਾਡਾ ਵਿਧਾਨ ਸਭਾ ਹਲਕਾ ਇੰਚਾਰਜ ਡਾ. ਨਿਸ਼ਾਨ ਸਿੰਘ ਹਾਕਮਵਾਲਾ ਵੱਲੋਂ ਸਿਹਤ ਸਮੱਸਿਆਵਾਂ, ਪਰਿਵਾਰਕ ਜ਼ਿੰਮੇਵਾਰੀਆਂ ਅਤੇ ਵਿੱਤੀ ਹਾਲਾਤ ਦਾ ਹਵਾਲਾ ਦੇ ਕੇ ਪਾਰਟੀ ਦੇ ਸਾਰੇ ਅਹੁਦਿਆਂ ਤੋਂ ਅਸਤੀਫ਼ਾ ਦੇਣ ਦੇ ਮਹੀਨੇ ਤੋਂ ਵੀ ਘੱਟ ਸਮੇਂ ਅੰਦਰ ਚੁੱਕਿਆ ਗਿਆ ਹੈ।

ਮਾਨਸਾ ਜ਼ਿਲ੍ਹੇ ਦੇ ਪਿੰਡ ਹਾਕਮਵਾਲਾ ਦੇ ਵਸਨੀਕ ਬਲਵਿੰਦਰ ਸਿੰਘ ਠੀਕ ਪੰਜ ਮਹੀਨੇ ਪਹਿਲਾਂ ਅਕਾਲੀ ਦਲ ਛੱਡ ਕੇ ਭਾਰਤੀ ਜਨਤਾ ਪਾਰਟੀ (ਭਾਜਪਾ) ਵਿੱਚ ਸ਼ਾਮਲ ਹੋ ਗਏ ਸਨ। ਅੱਜ ਉਹ ਮੁਕਤਸਰ ਜ਼ਿਲ੍ਹੇ ਦੇ ਪਿੰਡ ਬਾਦਲ ਸਥਿਤ ਸੁਖਬੀਰ ਬਾਦਲ ਦੀ ਰਿਹਾਇਸ਼ 'ਤੇ ਆਪਣੇ ਸਮਰਥਕਾਂ ਸਮੇਤ ਅਕਾਲੀ ਦਲ ਵਿੱਚ ਵਾਪਸ ਪਰਤ ਆਏ, ਜਿੱਥੇ ਉਨ੍ਹਾਂ ਨੂੰ ਤੁਰੰਤ ਬੁਢਲਾਡਾ ਹਲਕੇ ਦੀ ਜ਼ਿੰਮੇਵਾਰੀ ਸੌਂਪ ਦਿੱਤੀ ਗਈ।

ਇਸ ਦੌਰਾਨ ਸੁਖਬੀਰ ਬਾਦਲ ਨੇ 'ਐਕਸ' (✓) 'ਤੇ ਪੋਸਟ ਪਾ ਕੇ ਕਿਹਾ ਕਿ ਬਲਵਿੰਦਰ ਸਿੰਘ ਦਾ ਇਲਾਕੇ ਦੇ ਲੋਕਾਂ ਨਾਲ ਡੂੰਘਾ ਰਾਬਤਾ ਹੈ ਅਤੇ ਹਲਕੇ ਵਿੱਚ ਉਨ੍ਹਾਂ ਦਾ ਚੰਗਾ ਅਕਸ ਹੈ।

ਸੁਖਬੀਰ ਨੇ ਕਿਹਾ, ਮੈਂ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁੱਭਕਾਮਨਾਵਾਂ ਦਿੰਦਾ ਹਾਂ ਅਤੇ ਮੈਨੂੰ ਪੂਰਾ ਭਰੋਸਾ ਹੈ ਕਿ ਉਹ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਜਿੱਤ ਯਕੀਨੀ ਬਣਾਉਣ ਲਈ ਪੂਰੀ ਵਾਹ ਲਾਉਣਗੇ।

ਜ਼ਿਕਰਯੋਗ ਹੈ ਕਿ ਇਸ ਸਮੇਂ ਆਮ ਆਦਮੀ ਪਾਰਟੀ (ਆਪ) ਦੇ ਵਿਧਾਇਕ ਬੁੱਧ ਰਾਮ ਵਿਧਾਨ ਸਭਾ ਵਿੱਚ ਬੁਢਲਾਡਾ ਹਲਕੇ ਦੀ ਨੁਮਾਇੰਦਗੀ ਕਰ ਰਹੇ ਹਨ। ਦੱਸਣਯੋਗ ਹੈ ਕਿ ਨਿਸ਼ਾਨ ਸਿੰਘ ਹਾਕਮਵਾਲਾ ਨੇ ਬੀਤੀ 17 ਸਤੰਬਰ ਨੂੰ ਅਕਾਲੀ ਦਲ ਛੱਡਿਆ ਸੀ।

## ਇੰਡੀਆ ਗੱਠਜੋੜ ਦਾ ਸੁਪਰੀਮ ਕੋਰਟ ਵੱਲ ਮਾਰਚ ! ਰਾਹੁਲ ਗਾਂਧੀ ਦੇ ਕੇਂਦਰ ਸਰਕਾਰ ਅਤੇ ਚੋਣ ਕਮਿਸ਼ਨ 'ਤੇ ਤਿੱਖੇ ਹਮਲੇ

**ਨਵੀਂ ਦਿੱਲੀ, 13 ਅਕਤੂਬਰ**
**-ਚੌਧਰੀ ਪ੍ਰਭਜੀਤ ਸਿੰਘ-**

ਰਾਜਧਾਨੀ ਦਿੱਲੀ ਵਿੱਚ ਰਾਜਨੀਤਿਕ ਪਾਰਾ ਪੂਰੀ ਤਰ੍ਹਾਂ ਚੜ੍ਹ ਗਿਆ ਹੈ। ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਅਤੇ 'ਵੋਟਾਂ ਦੀ ਚੋਰੀ' ਦੇ ਗੰਭੀਰ ਦੋਸ਼ ਲਗਾਉਂਦੇ ਹੋਏ 'ਇੰਡੀਆ' ਗੱਠਜੋੜ ਵੱਲੋਂ ਸੁਪਰੀਮ ਕੋਰਟ ਤੱਕ ਵਿਸ਼ਾਲ ਮਾਰਚ ਕੱਢਿਆ ਗਿਆ। ਮਾਰਚ ਤੋਂ ਪਹਿਲਾਂ ਮੀਡੀਆ ਨੂੰ ਸੰਬੋਧਨ ਕਰਦਿਆਂ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਕੇਂਦਰ ਦੀ ਮੋਦੀ ਸਰਕਾਰ, ਭਾਰਤੀ ਚੋਣ ਕਮਿਸ਼ਨ ਅਤੇ ਸੁਰੱਖਿਆ ਏਜੰਸੀਆਂ 'ਤੇ ਤਿੱਖੇ ਨਿਸ਼ਾਨੇ ਸਾਧੇ।

ਰਾਹੁਲ ਗਾਂਧੀ ਨੇ ਕੇਂਦਰ ਸਰਕਾਰ 'ਤੇ ਸਵਾਲ ਚੁੱਕਦਿਆਂ ਕਿਹਾ ਕਿ ਦਿੱਲੀ ਵਿੱਚ ਵੋਟਾਂ ਦੀ ਚੋਰੀ ਵਿਰੁੱਧ ਕਈ ਦਿਨਾਂ ਤੋਂ ਸ਼ਾਂਤਮਈ ਰੋਸ ਪ੍ਰਦਰਸ਼ਨ ਚੱਲ ਰਿਹਾ ਹੈ, ਪਰ ਸਰਕਾਰ ਨੇ ਪੂਰੀ ਦਿੱਲੀ ਨੂੰ ਇਕ ਜੇਲ੍ਹ ਅਤੇ ਕਿਲ੍ਹੇ ਵਿੱਚ ਬਦਲ ਦਿੱਤਾ ਹੈ। ਲੋਕਾਂ ਨੂੰ ਸ਼ਹਿਰ ਵਿੱਚ ਦਾਖਲ ਹੋਣ ਤੋਂ ਰੋਕਿਆ ਜਾ ਰਿਹਾ ਹੈ; ਰੇਲਗੱਡੀਆਂ ਅਤੇ ਬੱਸਾਂ ਦੀ ਚੈਕਿੰਗ ਕਰਕੇ ਆਮ ਨਾਗਰਿਕਾਂ ਨੂੰ ਰੋਕਿਆ ਜਾ ਰਿਹਾ ਹੈ।

ਉਨ੍ਹਾਂ ਕਿਹਾ, ਸਰਕਾਰ ਬਹੁਤ ਵੱਡੀ ਗਲਤੀ ਕਰ ਰਹੀ ਹੈ। ਅਸੀਂ ਦੇਸ਼ ਨੂੰ ਇਹ ਦਿਖਾਉਣਾ ਚਾਹੁੰਦੇ ਹਾਂ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਗਿਆਨੇਸ਼ ਕੁਮਾਰ ਦੀ ਸੁਰੱਖਿਆ ਲਈ 20,000 ਤੋਂ 30,000 ਪੁਲਿਸ ਮੁਲਾਜ਼ਮਾਂ ਨੂੰ ਸੜਕਾਂ 'ਤੇ ਤਾਇਨਾਤ ਕਰ ਰਹੇ ਹਨ। ਜਿੰਨੀ ਜ਼ਿਆਦਾ ਉਨ੍ਹਾਂ ਦੀ ਸੁਰੱਖਿਆ ਕੀਤੀ ਜਾਵੇਗੀ, ਅਸੀਂ ਅੰਤ ਵਿੱਚ ਉਨ੍ਹਾਂ ਦੇ ਕੰਟਰੋਲਰਾਂ ਤੱਕ ਓਨੀ ਹੀ ਜਲਦੀ ਪਹੁੰਚਾਂਗੇ।

ਆਪਣੇ ਸੰਬੋਧਨ ਦੌਰਾਨ ਰਾਹੁਲ ਗਾਂਧੀ ਨੇ ਦਾਅਵਾ ਕੀਤਾ ਕਿ ਪੁਲਿਸ ਦੇ 50% ਮੁਲਾਜ਼ਮ ਖੁਦ ਇਸ ਕਾਰਵਾਈ ਤੋਂ ਪ੍ਰੇਸ਼ਾਨ ਹਨ ਅਤੇ ਉਨ੍ਹਾਂ ਦੇ ਸੰਪਰਕ ਵਿੱਚ ਹਨ। ਪੁਲਿਸ ਕਰਮਚਾਰੀ ਕਹਿ ਰਹੇ ਹਨ ਕਿ ਵਿਰੋਧੀ ਧਿਰ ਜੋ ਕਰ ਰਹੀ ਹੈ ਉਹ ਬਿਲਕੁਲ ਸਹੀ ਹੈ। ਉਨ੍ਹਾਂ ਦੋਸ਼ ਲਗਾਇਆ ਕਿ ਪੁਲਿਸ ਮੁਲਾਜ਼ਮਾਂ 'ਤੇ ਨੌਜਵਾਨਾਂ 'ਤੇ ਲਾਠੀਚਾਰਜ ਕਰਨ ਦਾ ਦਬਾਅ ਪਾਇਆ ਜਾ ਰਿਹਾ ਹੈ, ਜਦਕਿ ਆਰ.ਐਸ.ਐਸ. (RSS) ਦੇ ਮੈਂਬਰਾਂ ਨੂੰ ਖੁੱਲ੍ਹੀ ਛੋਟ ਦਿੱਤੀ ਜਾ ਰਹੀ ਹੈ।

ਰਾਹੁਲ ਗਾਂਧੀ ਨੇ ਕਿਹਾ, ÷ਇੱਕ ਪਾਸੇ ਪੁਲਿਸ, ਆਈ.ਟੀ.ਬੀ.ਪੀ., ਸੀ.ਆਰ.ਪੀ.ਐੱਫ. ਅਤੇ ਭਾਰਤ ਦੀ ਆਮ ਜਨਤਾ ਹੈ, ਜਦਕਿ ਦੂਜੇ ਪਾਸੇ ਨਰਿੰਦਰ ਮੋਦੀ, ਅਮਿਤ ਸ਼ਾਹ, ਅਜੀਤ ਡੋਵਾਲ, ਗਿਆਨੇਸ਼ ਕੁਮਾਰ ਅਤੇ ਚੋਣ ਕਮਿਸ਼ਨ ਦੇ 4-5 ਮੈਂਬਰ ਹਨ ਜੋ ਵੋਟਾਂ ਦੀ ਚੋਰੀ ਕਰਕੇ ਦੇਸ਼ ਦੇ ਲੋਕਤੰਤਰ ਨੂੰ ਹਾਈਜੈਕ ਕਰ ਰਹੇ ਹਨ।

ਕਾਂਗਰਸ ਨੇਤਾ ਨੇ ਦੱਸਿਆ ਕਿ ਕਾਂਗਰਸ ਪ੍ਰਧਾਨ ਅਤੇ ਉਨ੍ਹਾਂ ਨੇ ਭਾਰਤੀ ਲੋਕਤੰਤਰ ਅਤੇ ਚੋਣਾਂ ਦੀ ਨਿਰਪੱਖਤਾ 'ਤੇ ਹੋ ਰਹੇ ਹਮਲਿਆਂ ਬਾਰੇ ਭਾਰਤ ਦੇ ਚੀਫ਼ ਜਸਟਿਸ (CJI) ਨੂੰ ਚਿੱਠੀ ਲਿਖੀ ਸੀ। ਸੀ.ਜੇ.ਆਈ. ਦੇ ਜਵਾਬ ਤੋਂ ਬਾਅਦ 'ਇੰਡੀਆ' ਗੱਠਜੋੜ ਦੇ ਸਾਰੇ ਆਗੂ ਇਕਜੁੱਟ ਹੋ ਕੇ ਸੁਪਰੀਮ ਕੋਰਟ ਵਿੱਚ ਰਸਮੀ ਪਟੀਸ਼ਨ ਦਾਖ਼ਲ ਕਰਨ ਜਾ ਰਹੇ ਹਨ।

ਮੁੱਖ ਚੋਣ ਕਮਿਸ਼ਨਰ 'ਤੇ ਹਮਲਾ ਬੋਲਦਿਆਂ ਰਾਹੁਲ ਗਾਂਧੀ ਨੇ ਕਿਹਾ, ਗਿਆਨੇਸ਼ ਕੁਮਾਰ ਜੀ, ਤੁਸੀਂ ਅਪਰਾਧ ਕੀਤਾ ਹੈ, ਪਰ ਤੁਸੀਂ ਇਸ ਦੇ ਅਸਲ ਮਾਸਟਰਮਾਈਂਡ ਨਹੀਂ ਹੋ। ਤੁਹਾਨੂੰ ਪ੍ਰਧਾਨ ਮੰਤਰੀ, ਅਮਿਤ ਸ਼ਾਹ ਅਤੇ ਅਜੀਤ ਡੋਵਾਲ ਦੁਆਰਾ ਮਜਬੂਰ ਕੀਤਾ ਗਿਆ ਸੀ। ਤੁਹਾਡੇ ਲਈ ਸਭ ਤੋਂ ਬਿਹਤਰ ਇਹ ਹੈ ਕਿ ਤੁਸੀਂ ਤੁਰੰਤ ਅਸਤੀਫ਼ਾ ਦਿਓ ਅਤੇ ਰਾਹ ਤੋਂ ਹਟ ਜਾਓ। ਅਸੀਂ ਤੁਹਾਡੇ ਭ੍ਰਿਸ਼ਟਾਚਾਰ ਅਤੇ ਅਤੀਤ ਬਾਰੇ ਸਭ ਜਾਣਦੇ ਹਾਂ, ਤੁਹਾਨੂੰ ਬਖਸ਼ਿਆ ਨਹੀਂ ਜਾਵੇਗਾ।

ਰਾਹੁਲ ਗਾਂਧੀ ਨੇ ਇੱਕ ਵੱਡਾ ਖੁਲਾਸਾ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਦੇ 200 ਤੋਂ ਵੱਧ ਅਧਿਕਾਰੀ, ਜਿਨ੍ਹਾਂ ਵਿੱਚ ਈ.ਡੀ. (ED), ਸੀ.ਬੀ.ਆਈ. (CBI) ਅਤੇ ਵਿਦੇਸ਼ ਮੰਤਰਾਲੇ ਦੇ ਅਧਿਕਾਰੀ ਸ਼ਾਮਲ ਹਨ, ਉਨ੍ਹਾਂ ਦੇ ਲਗਾਤਾਰ ਸੰਪਰਕ ਵਿੱਚ ਹਨ ਅਤੇ ਅੰਦਰੂਨੀ ਜਾਣਕਾਰੀਆਂ ਦੇ ਰਹੇ ਹਨ।

ਉਨ੍ਹਾਂ ਦੇਸ਼ ਦੇ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਇਹ ਲੜਾਈ ਸੰਵਿਧਾਨ ਨੂੰ ਬਚਾਉਣ ਦੀ ਹੈ ਅਤੇ ਇਹ ਵਿਰੋਧ ਪ੍ਰਦਰਸ਼ਨ ਅੱਗੇ ਵੀ ਜਾਰੀ ਰਹੇਗਾ। ਉਨ੍ਹਾਂ ਸਾਰੀਆਂ ਪਾਰਟੀਆਂ ਦੇ ਸਮਰਥਕਾਂ ਅਤੇ ਆਮ ਲੋਕਾਂ ਨੂੰ ਕਨਾਟ ਪਲੇਸ ਦੇ ਬਰਾਖੰਭਾ ਜੰਕਸ਼ਨ 'ਤੇ ਪਹੁੰਚ ਕੇ ਸੰਵਿਧਾਨ ਦੀ ਰਾਖੀ ਲਈ ਇਕਜੁੱਟ ਹੋਣ ਦਾ ਸੱਦਾ ਦਿੱਤਾ।

## ਜੰਤਰ-ਮੰਤਰ 'ਤੇ ਧਰਨੇ-ਪ੍ਰਦਰਸ਼ਨਾਂ 'ਤੇ ਲੱਗੀ ਰੋਕ; 3 ਨਵੀਆਂ ਥਾਵਾਂ ਕੀਤੀਆਂ ਤੈਅ

**ਨਵੀਂ ਦਿੱਲੀ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਦਿੱਲੀ ਪੁਲੀਸ ਨੇ ਜੰਤਰ-ਮੰਤਰ ਨੂੰ ਪ੍ਰਦਰਸ਼ਨ ਸਥਾਨਾਂ ਦੀ ਸੂਚੀ ਵਿੱਚੋਂ ਹਟਾ ਦਿੱਤਾ ਗਿਆ ਹੈ। ਹੁਣ ਧਰਨਿਆਂ ਅਤੇ ਮੁਜ਼ਾਹਰਿਆਂ ਲਈ ਰਾਮਲੀਲਾ ਮੈਦਾਨ, ਬੁਰਾੜੀ ਗਰਾਊਂਡ ਅਤੇ ਪੂਰਬੀ ਦਿੱਲੀ ਦੇ ਸੀ ਬੀ ਡੀ (324) ਗਰਾਊਂਡ ਨੂੰ ਨਵੇਂ ਸਥਾਨਾਂ ਵਜੋਂ ਮਾਨਤਾ ਦਿੱਤੀ ਗਈ ਹੈ। ਦਿੱਲੀ ਦੇ ਪੁਲੀਸ ਕਮਿਸ਼ਨਰ ਅਨੁਰਾਗ ਕੁਮਾਰ ਵੱਲੋਂ ਜਾਰੀ ਹੁਕਮਾਂ ਵਿੱਚ ਦੱਸਿਆ ਗਿਆ ਹੈ ਕਿ ਕੇਂਦਰੀ ਗ੍ਰਹਿ ਮੰਤਰਾਲੇ ਨੇ ਲੋਕਾਂ ਦੇ ਵਿਰੋਧ ਪ੍ਰਦਰਸ਼ਨ ਕਰਨ ਦੇ ਅਧਿਕਾਰ ਲਈ ਮੌਜੂਦਾ ਥਾਂ ਦੀ ਥਾਂ ਬਦਲਵੇਂ ਸਥਾਨ ਲੱਭਣ ਵਾਸਤੇ ਇੱਕ ਕਮੇਟੀ ਬਣਾਈ ਸੀ। ਇਸ ਕਮੇਟੀ ਦੀਆਂ ਸਿਫ਼ਾਰਸ਼ਾਂ ਦੇ ਆਧਾਰ 'ਤੇ ਹੀ ਜੰਤਰ-ਮੰਤਰ ਨੂੰ ਸੂਚੀ 'ਚੋਂ ਹਟਾ ਕੇ ਇਹ ਤਿੰਨ ਨਵੀਆਂ ਥਾਵਾਂ ਤੈਅ ਕੀਤੀਆਂ ਗਈਆਂ ਹਨ।

ਦਿੱਲੀ ਪੁਲੀਸ ਮੁਤਾਬਕ ਇਨ੍ਹਾਂ ਤਿੰਨਾਂ ਥਾਵਾਂ 'ਤੇ ਪ੍ਰਦਰਸ਼ਨ ਕਰਨ ਦੇ ਨਿਯਮਾਂ ਸੰਬੰਧੀ ਵਿਸਥਾਰਤ ਦਿਸ਼ਾ-ਨਿਰਦੇਸ਼ ਵੱਖਰੇ ਤੌਰ 'ਤੇ ਜਾਰੀ ਕੀਤੇ ਜਾਣਗੇ।

ਜ਼ਿਕਰਯੋਗ ਹੈ ਕਿ 1988 ਵਿੱਚ ਮਹਿੰਦਰ ਸਿੰਘ ਟਿਕੈਤ ਦੀ ਅਗਵਾਈ ਹੇਠ ਹੋਏ ਵੱਡੇ ਕਿਸਾਨ ਅੰਦੋਲਨ ਤੋਂ ਬਾਅਦ ਜਦੋਂ ਇੰਡੀਆ ਗੇਟ ਨੇੜਲੇ ਬੋਟ ਕਲੱਬ 'ਤੇ ਪ੍ਰਦਰਸ਼ਨਾਂ 'ਤੇ ਰੋਕ ਲੱਗੀ ਸੀ, ਤਾਂ 1993 ਤੋਂ ਜੰਤਰ-ਮੰਤਰ ਦਿੱਲੀ ਦਾ ਮੁੱਖ ਪ੍ਰਦਰਸ਼ਨ ਸਥਾਨ ਬਣ ਗਿਆ ਸੀ। ਇਸ ਤੋਂ ਪਹਿਲਾਂ ਅਕਤੂਬਰ 2017 ਵਿੱਚ ਨੈਸ਼ਨਲ ਗ੍ਰੀਨ ਟ੍ਰਿਬਿਊਨਲ (ਐੱਨਜੀਟੀ) ਨੇ ਇੱਥੇ ਧਰਨਿਆਂ 'ਤੇ ਪਾਬੰਦੀ ਲਗਾ ਕੇ ਪ੍ਰਦਰਸ਼ਨ ਰਾਮਲੀਲਾ ਮੈਦਾਨ ਤਬਦੀਲ ਕਰਨ ਦੇ ਹੁਕਮ ਦਿੱਤੇ ਸਨ।

## ਪੰਜਾਬ ਨੂੰ ਪਹਿਲੀ ਵਾਰ ਮਿਲੀ 'ਕੰਮ' ਕਰਨ ਵਾਲੀ ਸਰਕਾਰ : ਭਗਵੰਤ ਸਿੰਘ ਮਾਨ

**ਧੂਰੀ 13 ਅਕਤੂਬਰ**
**-ਜਗਦੇਵ ਰੰਚਨਾ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਕਿਹਾ ਕਿ ਪੰਜਾਬ ਵਿੱਚ ਪਹਿਲੀ ਵਾਰ ਅਜਿਹੀ ਸਰਕਾਰ ਆਈ ਹੈ, ਜੋ ਦਿਨ-ਰਾਤ ਲੋਕਾਂ ਲਈ ਕੰਮ ਕਰਨ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਾਢੇ ਚਾਰ ਸਾਲਾਂ ਦੇ ਕੰਮਾਂ ਨੇ ਉਨ੍ਹਾਂ ਦੀ ਸਰਕਾਰ ਦਾ ਲੋਕਾਂ ਵਿੱਚ ਵਿਸ਼ਵਾਸ ਬਣਾਇਆ ਹੈ। ਕਿਸਾਨਾਂ ਲਈ ਦਿਨ ਵੇਲੇ ਬਿਜਲੀ ਅਤੇ ਨਹਿਰੀ ਪਾਣੀ, ਸਰਕਾਰੀ ਸਕੀਮਾਂ ਰਾਹੀਂ ਹਰ ਪਰਿਵਾਰ ਲਈ 15,000 ਰੁਪਏ ਦੀ ਮਹੀਨਾਵਾਰ ਬੱਚਤ ਅਤੇ ਝੋਨੇ ਦੀ ਖਰੀਦ ਦੀ ਤੁਰੰਤ ਅਦਾਇਗੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦਾ ਰਿਕਾਰਡ ਆਪਣੇ-ਆਪ ਬੋਲਦਾ ਹੈ। ਭਾਜਪਾ ਅਤੇ ਹੋਰ ਵਿਰੋਧੀਆਂ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦਾ ਅਕਸ ਖਰਾਬ ਕਰਨ ਦੀਆਂ ਘਟੀਆ ਕੋਸ਼ਿਸ਼ਾਂ ਅਤੇ ਉਨ੍ਹਾਂ ਦੀ ਇਮਾਨਦਾਰੀ ਨੂੰ ਢਾਹ ਲਾਉਣ ਦੀਆਂ ਕੋਝੀਆਂ ਚਾਲਾਂ ਨਾਕਾਮ ਰਹੀਆਂ ਹਨ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ ਦਫ਼ਤਰ 'ਤੇ ਛਾਪੇਮਾਰੀ ਤੋਂ ਬਾਅਦ ਸੀ.ਬੀ.ਆਈ. ਖਾਲੀ ਹੱਥ ਪਰਤੀ ਸੀ। ਉਨ੍ਹਾਂ ਦੁਹਰਾਇਆ ਕਿ ਉਨ੍ਹਾਂ ਦੇ ਦਰਵਾਜ਼ੇ ਪੰਜਾਬ ਦੇ ਲੋਕਾਂ ਲਈ ਹਮੇਸ਼ਾ ਖੁੱਲ੍ਹੇ ਰਹਿਣਗੇ।

ਐਕਸ ਤੇ ਵਿਚਾਰ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਲਿਖਿਆ: ਅੱਜ ਮੈਂ ਧੂਰੀ ਹਲਕੇ ਦੇ ਇਨਕਲਾਬੀ ਪਿੰਡ ਮੀਮਸਾ ਵਿਖੇ ਪਿੰਡ ਦੇ ਇਕੱਠ ਵਿੱਚ ਆਪਣੇ ਲੋਕਾਂ ਨਾਲ ਆਪਣੇ ਵਿਚਾਰ ਅਤੇ ਦਿਲ ਦੀਆਂ ਗੱਲਾਂ ਸਾਂਝੀਆਂ ਕੀਤੀਆਂ। ਤੁਹਾਡੇ ਨਿੱਘੇ ਪਿਆਰ ਅਤੇ ਸਹਿਯੋਗ ਸਦਕਾ ਹੀ ਧੂਰੀ ਅੱਜ ਪੰਜਾਬ ਦੀ ਸਿਆਸਤ ਦਾ 'ਧੁਰਾ' ਬਣ ਗਿਆ ਹੈ। ਪਿਛਲੀਆਂ ਸਰਕਾਰਾਂ ਦੇ ਖੋਖਲੇ ਦਾਅਵਿਆਂ ਦੇ ਉਲਟ ਅਸੀਂ ਜ਼ਮੀਨੀ ਪੱਧਰ 'ਤੇ ਵੱਡੇ ਕੰਮ ਕੀਤੇ ਹਨ। ਕਿਸਾਨਾਂ ਲਈ ਦਿਨ ਵੇਲੇ ਬਿਜਲੀ, ਸਿੰਚਾਈ ਰਾਹੀਂ 88 ਫੀਸਦੀ ਖੇਤਾਂ ਤੱਕ ਨਹਿਰੀ ਪਾਣੀ, 70,685 ਸਰਕਾਰੀ ਨੌਕਰੀਆਂ, ਮੁਫ਼ਤ ਸਿਹਤ ਸੰਭਾਲ ਅਤੇ ਜ਼ੀਰੋ ਬਿਜਲੀ ਬਿੱਲਾਂ ਨਾਲ ਹਰ ਪਰਿਵਾਰ ਨੂੰ ਸਾਲਾਨਾ 1.82 ਲੱਖ ਰੁਪਏ ਦਾ ਲਾਭ ਹੋ ਰਿਹਾ ਹੈ। 'ਮਾਵਾਂ ਧੀਆ ਸਤਿਕਾਰ ਯੋਜਨਾ' ਰਾਹੀਂ ਮਾਵਾਂ-ਭੈਣਾਂ ਨੂੰ ਦਿੱਤੀ ਜਾ ਰਹੀ ਮਹੀਨਾਵਾਰ ਵਿੱਤੀ ਸਹਾਇਤਾ ਉਨ੍ਹਾਂ ਦੇ ਬਣਦੇ ਮਾਣ-ਸਤਿਕਾਰ ਦੀ ਪਛਾਣ ਹੈ। ਤੁਹਾਡੇ ਆਸ਼ੀਰਵਾਦ ਨਾਲ ਅਸੀਂ ਵਾਹਿਗੁਰੂ ਵੱਲੋਂ ਸੌਂਪੀ ਗਈ ਲੋਕ ਸੇਵਾ ਦੀ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਸਮਰਪਣ ਭਾਵਨਾ ਨਾਲ ਨਿਭਾਉਂਦੇ ਰਹਾਂਗੇ। ਇਨਕਲਾਬ ਜ਼ਿੰਦਾਬਾਦ। ਲੋਕ ਮਿਲਣੀ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪੰਜਾਬ ਦੇ ਲੋਕਾਂ ਨੇ ਵਾਅਦੇ ਕਰਨ ਵਾਲੀਆਂ ਸਰਕਾਰਾਂ ਅਤੇ ਨਤੀਜੇ ਦੇਣ ਵਾਲੀ ਸਰਕਾਰ ਵਿਚਕਾਰ ਫਰਕ ਦੇਖਿਆ ਹੈ। ਅਸੀਂ ਪਿਛਲੇ ਸਾਢੇ ਚਾਰ ਸਾਲਾਂ ਦੇ ਆਪਣੇ ਕੰਮਾਂ ਰਾਹੀਂ ਉਨ੍ਹਾਂ ਦਾ ਵਿਸ਼ਵਾਸ ਜਿੱਤਿਆ ਹੈ। ਸਰਕਾਰੀ ਖਜ਼ਾਨੇ ਦਾ ਇੱਕ-ਇੱਕ ਪੈਸਾ ਲੋਕਾਂ ਦਾ ਹੈ ਅਤੇ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਵਿਕਾਸ, ਬਿਹਤਰ ਜਨਤਕ ਸੇਵਾਵਾਂ ਅਤੇ ਲੋਕ ਭਲਾਈ ਦੀਆਂ ਪਹਿਲਕਦਮੀਆਂ ਰਾਹੀਂ ਉਨ੍ਹਾਂ ਦਾ ਪੈਸਾ ਉਨ੍ਹਾਂ ਤੱਕ ਵਾਪਸ ਪਹੁੰਚੇ।

ਮੁੱਖ ਮੰਤਰੀ ਨੇ ਕਿਹਾ, ਸਰਕਾਰੀ ਖਜ਼ਾਨੇ ਦਾ ਇੱਕ-ਇੱਕ ਪੈਸਾ ਲੋਕਾਂ ਦਾ ਹੈ ਅਤੇ ਅਸੀਂ ਉਨ੍ਹਾਂ ਦੀ ਭਲਾਈ 'ਤੇ ਸਮਝਦਾਰੀ ਨਾਲ ਪੈਸਾ ਖਰਚ ਕਰ ਰਹੇ ਹਾਂ। ਲੋਕਾਂ ਦਾ ਪੈਸਾ ਸੂਬੇ ਦੇ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਰਾਹੀਂ ਉਨ੍ਹਾਂ ਕੋਲ ਵਾਪਸ ਆ ਰਿਹਾ ਹੈ। 90 ਫੀਸਦੀ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜੋ ਪੰਜਾਬ ਦੇ ਇਤਿਹਾਸ ਵਿੱਚ ਪਹਿਲਾਂ ਕਦੇ ਨਹੀਂ ਹੋਇਆ।

ਉਨ੍ਹਾਂ ਕਿਹਾ, ਸਾਡੀ ਸਰਕਾਰ ਲੋਕਾਂ ਲਈ ਕੰਮ ਕਰ ਰਹੀ ਹੈ। ਅਸੀਂ ਬਿਨਾਂ ਭ੍ਰਿਸ਼ਟਾਚਾਰ ਦੇ 70,000 ਤੋਂ ਵੱਧ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦਿੱਤੀਆਂ ਹਨ, ਸੜਕਾਂ ਵਿੱਚ ਸੁਧਾਰ ਕੀਤਾ ਹੈ, ਸਕੂਲਾਂ ਅਤੇ ਹਸਪਤਾਲਾਂ ਨੂੰ ਮਜ਼ਬੂਤ ਕੀਤਾ ਹੈ, ਅਤੇ ਟੋਲ ਪਲਾਜ਼ੇ ਬੰਦ ਕੀਤੇ ਹਨ ਤਾਂ ਜੋ ਰਾਹਗੀਰਾਂ ਦੇ ਰੋਜ਼ਾਨਾ 70 ਲੱਖ ਰੁਪਏ ਬਚਾਏ ਜਾ ਸਕਣ, ਜੋ ਪਹਿਲਾਂ ਬਿਨਾਂ ਵਜ੍ਹਾ ਖਰਚ ਹੁੰਦੇ ਸਨ। ਅਸੀਂ ਪਿੰਡਾਂ ਦਾ ਵਿਕਾਸ ਵੀ ਕਰ ਰਹੇ ਹਾਂ ਅਤੇ ਖੇਡ ਸਟੇਡੀਅਮ ਬਣਾ ਰਹੇ ਹਾਂ ਤਾਂ ਜੋ ਸਾਡੇ ਨੌਜਵਾਨ ਖੇਡਾਂ 'ਤੇ ਧਿਆਨ ਕੇਂਦਰਿਤ ਕਰ ਸਕਣ ਅਤੇ ਬਿਹਤਰ ਭਵਿੱਖ ਬਣਾ ਸਕਣ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਿਹਤ ਸੰਭਾਲ ਹਰ ਪਰਿਵਾਰ ਦੀ ਪਹੁੰਚ ਵਿੱਚ ਹੋਣੀ ਚਾਹੀਦੀ ਹੈ। 'ਮੁੱਖ ਮੰਤਰੀ ਸਿਹਤ ਯੋਜਨਾ' ਰਾਹੀਂ ਅਸੀਂ ਪ੍ਰਤੀ ਪਰਿਵਾਰ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਮੁਹੱਈਆ ਕਰਵਾ ਰਹੇ ਹਾਂ। ਇਸ ਪਹਿਲਕਦਮੀ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਲੋਕ ਹਸਪਤਾਲ ਦੇ ਬਿੱਲਾਂ ਦੀ ਚਿੰਤਾ ਕੀਤੇ ਬਿਨਾਂ ਮਿਆਰੀ ਡਾਕਟਰੀ ਇਲਾਜ ਪ੍ਰਾਪਤ ਕਰ ਸਕਣ।

ਮਾਵਾਂ ਧੀਆ ਸਤਿਕਾਰ ਯੋਜਨਾ ਬਾਰੇ ਬੋਲਦਿਆਂ ਉਨ੍ਹਾਂ ਕਿਹਾ ਕਿ 18 ਸਾਲ ਅਤੇ ਉਸ ਤੋਂ ਵੱਧ ਉਮਰ ਦੀਆਂ ਯੋਗ ਔਰਤਾਂ ਨੂੰ 1 ਜੁਲਾਈ ਤੋਂ ਹਰ ਮਹੀਨੇ 1,000 ਰੁਪਏ ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1,500 ਰੁਪਏ ਦੀ ਵਿੱਤੀ ਸਹਾਇਤਾ ਮਿਲ ਰਹੀ ਹੈ। ਮੁੱਖ ਮੰਤਰੀ ਨੇ ਕਿਹਾ, ਇਹ ਰਕਮ ਸਿੱਧੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਟ੍ਰਾਂਸਫਰ ਕੀਤੀ ਗਈ ਹੈ ਅਤੇ ਪਹਿਲਾਂ ਤੋਂ ਸਮਾਜਿਕ ਸੁਰੱਖਿਆ ਪੈਨਸ਼ਨ ਲੈ ਰਹੀਆਂ ਔਰਤਾਂ ਵੀ ਇਸ ਲਈ ਯੋਗ ਹਨ। ਉਨ੍ਹਾਂ ਅੱਗੇ ਦੱਸਿਆ ਕਿ ਪੰਜਾਬ ਦੀਆਂ 97 ਫੀਸਦੀ ਔਰਤਾਂ ਨੂੰ ਇਸ ਸਕੀਮ ਦਾ ਲਾਭ ਮਿਲਣ ਦੀ ਉਮੀਦ ਹੈ, ਜਿਸ ਲਈ ਬਜਟ ਵਿੱਚ 9,300 ਕਰੋੜ ਰੁਪਏ ਰੱਖੇ ਗਏ ਹਨ।



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਡੀ ਸਰਕਾਰ ਔਰਤਾਂ ਨੂੰ ਮਾਣ-ਸਤਿਕਾਰ ਅਤੇ ਵਿੱਤੀ ਸਹਾਇਤਾ ਯਕੀਨੀ ਬਣਾਉਣ ਲਈ ਵਚਨਬੱਧ ਹੈ। 'ਮਾਵਾਂ ਧੀਆ ਸਤਿਕਾਰ ਯੋਜਨਾ' ਤਹਿਤ ਯੋਗ ਔਰਤਾਂ ਨੂੰ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਸਹਾਇਤਾ ਮਿਲ ਰਹੀ ਹੈ। 97 ਫੀਸਦੀ ਔਰਤਾਂ ਨੂੰ ਲਾਭ ਮਿਲਣ ਦੀ ਉਮੀਦ ਦੇ ਨਾਲ ਇਹ ਸਕੀਮ ਪੂਰੇ ਪੰਜਾਬ ਦੇ ਪਰਿਵਾਰਾਂ ਨੂੰ ਢੁਕਵੀਂ ਸਹਾਇਤਾ ਪ੍ਰਦਾਨ ਕਰ ਰਹੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਗੁਰਬਤ ਨੂੰ ਦੂਰ ਕਰਨ ਅਤੇ ਜੀਵਨ ਪੱਧਰ ਨੂੰ ਸੁਧਾਰਨ ਲਈ ਸਿੱਖਿਆ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਸਿੱਖਿਆ ਦੀ ਸੁਧਾਰ ਕਰਨ ਅਤੇ ਆਮ ਪਰਿਵਾਰਾਂ ਦੇ ਬੱਚਿਆਂ ਨੂੰ ਸਮਰੱਥ ਬਣਾਉਣ ਲਈ ਅਧਿਆਪਕਾਂ ਦੀ ਸਿਖਲਾਈ, 'ਸਕੂਲਜ਼ ਆਫ਼ ਐਮੀਨੈਂਸ' ਅਤੇ ਹੋਰ ਪਹਿਲਕਦਮੀਆਂ ਵਿੱਚ ਨਿਵੇਸ਼ ਕਰ ਰਹੀ ਹੈ। ਮੁੱਖ ਮੰਤਰੀ ਨੇ ਕਿਹਾ, ਮੁਫ਼ਤ ਸਕੀਮਾਂ ਅਤੇ ਰਿਆਇਤੀ ਕਾਰਡ ਰਾਹਤ ਤਾਂ ਦੇ ਸਕਦੇ ਹਨ, ਪਰ ਸਿੱਖਿਆ ਹੀ ਗਰੀਬੀ ਦੇ ਚੱਕਰ ਨੂੰ ਤੋੜਨ ਦੀ ਕੁੰਜੀ ਹੈ। ਮਿਆਰੀ ਸਿੱਖਿਆ ਲੋਕਾਂ ਨੂੰ ਸਮਰੱਥ ਬਣਾਉਂਦੀ ਹੈ, ਉਨ੍ਹਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਦੀ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਮੌਕੇ ਪੈਦਾ ਕਰਦੀ ਹੈ। ਇਸੇ ਲਈ ਅਸੀਂ ਸਰਕਾਰੀ ਸਕੂਲਾਂ ਨੂੰ ਮਜ਼ਬੂਤ ਕਰਨ ਅਤੇ ਬੱਚਿਆਂ ਨੂੰ ਬਿਹਤਰ ਮੌਕੇ ਪ੍ਰਦਾਨ ਕਰਨ ਲਈ ਅਣਥੱਕ ਮਿਹਨਤ ਕਰ ਰਹੇ ਹਾਂ।

ਉਨ੍ਹਾਂ ਕਿਹਾ, ਸਰਕਾਰੀ ਸਕੂਲਾਂ ਦੇ ਨੀਟ ਪਾਸ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ 2021 ਵਿੱਚ 80 ਤੋਂ ਵਧ ਕੇ 2026 ਵਿੱਚ 882 ਹੋਣਾ ਸਿੱਖਿਆ ਵਿੱਚ ਸੁਧਾਰ ਲਈ ਕੀਤੇ ਜਾ ਰਹੇ ਯਤਨਾਂ ਨੂੰ ਦਰਸਾਉਂਦਾ ਹੈ। ਅਸੀਂ ਇਹ ਯਕੀਨੀ ਬਣਾਉਣ ਲਈ ਦ੍ਰਿੜ ਹਾਂ ਕਿ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਬੱਚੇ ਦੇਸ਼ ਵਿੱਚ ਕਿਤੇ ਵੀ ਵਿਦਿਆਰਥੀਆਂ ਦਾ ਮੁਕਾਬਲਾ ਕਰ ਸਕਣ। ਮੁੱਖ ਮੰਤਰੀ ਨੇ ਕਿਹਾ, ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ 1,587 ਪਿੰਡਾਂ ਦੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਿਆ ਹੈ, ਜਿੱਥੇ ਪਹਿਲਾਂ ਕਦੇ ਪਾਣੀ ਨਹੀਂ ਪਹੁੰਚਿਆ ਸੀ। ਅਸੀਂ ਸਿੰਚਾਈ ਸਹੂਲਤਾਂ ਦੇ ਵਿਸਥਾਰ ਲਈ 7,200 ਕਰੋੜ ਰੁਪਏ ਖਰਚ ਕੀਤੇ ਹਨ, ਅਤੇ ਨਹਿਰੀ ਪਾਣੀ ਪ੍ਰਾਪਤ ਕਰਨ ਵਾਲਾ ਖੇਤਰਫਲ 2022 ਵਿੱਚ 20.89 ਲੱਖ ਏਕੜ ਤੋਂ ਵੱਧ ਕੇ ਅੱਜ 60.30 ਲੱਖ ਏਕੜ ਹੋ ਗਿਆ ਹੈ। ਨਹਿਰੀ ਸਿੰਚਾਈ ਕਿਸਾਨਾਂ 'ਤੇ ਬੋਝ ਘਟਾਉਣ ਅਤੇ ਪੰਜਾਬ ਦੀ ਖੇਤੀਬਾੜੀ ਆਰਥਿਕਤਾ ਨੂੰ ਮਜ਼ਬੂਤ ਕਰਨ ਲਈ ਬਹੁਤ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਨੇ ਲੋਕ ਸੇਵਾ ਨੂੰ ਆਪਣਾ ਮੁੱਖ ਮਿਸ਼ਨ ਬਣਾਇਆ ਹੈ ਜੋ ਪੰਜਾਬ ਦੀ ਤਰੱਕੀ ਲਈ ਵਚਨਬੱਧ ਹੈ ਜਦਕਿ ਪਿਛਲੀਆਂ ਸਰਕਾਰਾਂ ਨੇ ਆਪਣੇ ਨਿੱਜੀ ਹਿੱਤਾਂ ਨੂੰ ਪਹਿਲ ਦਿੱਤੀ ਸੀ। ਮੁੱਖ ਮੰਤਰੀ ਨੇ ਕਿਹਾ, ਪੰਜਾਬ ਨੇ ਅਜਿਹੀਆਂ ਸਰਕਾਰਾਂ ਦੇਖੀਆਂ ਹਨ ਜੋ ਆਪਣੇ ਹਿੱਤਾਂ ਦੀ ਪੂਰਤੀ ਵਿੱਚ ਮਸਰੂਫ਼ ਰਹੀਆਂ ਸਨ। ਅਸੀਂ ਲੋਕ ਸੇਵਾ ਨੂੰ ਹੀ ਆਪਣਾ ਇੱਕੋ-ਇੱਕ ਮਿਸ਼ਨ ਬਣਾਇਆ ਹੈ। ਸਾਡੀ ਵਚਨਬੱਧਤਾ ਪੰਜਾਬ ਦੀ ਤਰੱਕੀ ਲਈ ਹੈ ਅਤੇ ਅਸੀਂ ਕਿਸਾਨਾਂ ਅਤੇ ਸਮਾਜ ਦੇ ਹਰ ਵਰਗ ਦੇ ਜੀਵਨ ਨੂੰ ਬਿਹਤਰ ਬਣਾਉਣ ਲਈ ਕੰਮ ਕਰਨਾ ਜਾਰੀ ਰੱਖਾਂਗੇ।

ਮੁੱਖ ਮੰਤਰੀ ਨੇ ਜ਼ਿਕਰ ਕੀਤਾ, ਸਰਕਾਰੀ ਸਕੀਮਾਂ ਹਰ ਪਰਿਵਾਰ ਨੂੰ ਹਰ ਮਹੀਨੇ ਲਗਭਗ 15,000 ਰੁਪਏ ਬਚਾਉਣ ਵਿੱਚ ਮਦਦ ਕਰ ਰਹੀਆਂ ਹਨ। ਇਹ ਘਰੇਲੂ ਬਜਟ ਲਈ ਅਸਲ ਰਾਹਤ ਹੈ ਅਤੇ ਆਮ ਲੋਕਾਂ ਦੇ ਹੱਥਾਂ ਵਿੱਚ ਵਧੇਰੇ ਪੈਸਾ ਦਿੰਦੀ ਹੈ। ਅਸੀਂ ਇਹ ਵੀ ਯਕੀਨੀ ਬਣਾਇਆ ਹੈ ਕਿ ਕਿਸਾਨਾਂ ਨੂੰ ਮੰਡੀ ਤੋਂ ਘਰ ਪਹੁੰਚਣ ਤੋਂ ਪਹਿਲਾਂ ਹੀ ਉਨ੍ਹਾਂ ਦੇ ਝੋਨੇ ਦੀ ਅਦਾਇਗੀ ਸਿੱਧੀ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਮਿਲ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਵਿੱਤੀ ਬੇਯਕੀਨੀ ਤੋਂ ਬਚਾਉਣ ਅਤੇ ਉਨ੍ਹਾਂ ਦੀ ਸਖ਼ਤ ਮਿਹਨਤ ਦਾ ਮੁੱਲ ਯਕੀਨੀ ਬਣਾਉਣ ਲਈ ਸਮੇਂ ਸਿਰ ਅਦਾਇਗੀ ਬਹੁਤ ਜ਼ਰੂਰੀ ਹੈ। ਸਿਆਸੀ ਵਿਰੋਧੀਆਂ 'ਤੇ ਹਮਲਾ ਬੋਲਦਿਆਂ ਉਨ੍ਹਾਂ ਕਿਹਾ ਕਿ ਜੋ ਲੋਕ ਕਾਰਗੁਜ਼ਾਰੀ ਦੇ ਆਧਾਰ 'ਤੇ ਉਨ੍ਹਾਂ ਦੀ ਸਰਕਾਰ ਨੂੰ ਚੁਣੌਤੀ ਦੇਣ ਵਿੱਚ ਅਸਮਰੱਥ ਹਨ, ਉਹ ਨਿੱਜੀ ਹਮਲਿਆਂ ਅਤੇ ਉਨ੍ਹਾਂ ਦੇ ਅਕਸ ਨੂੰ ਖਰਾਬ ਕਰਨ ਦੀਆਂ ਕੋਸ਼ਿਸ਼ਾਂ ਦਾ ਸਹਾਰਾ ਲੈ ਰਹੇ ਹਨ। ਮੁੱਖ ਮੰਤਰੀ ਨੇ ਕਿਹਾ, ਜਦੋਂ ਉਹ ਮੇਰੇ ਕੰਮ ਵਿੱਚ ਕੋਈ ਕਮੀ ਨਹੀਂ ਲੱਭ ਸਕਦੇ ਜਾਂ ਮੇਰੀ ਇਮਾਨਦਾਰੀ ਨੂੰ ਚੁਣੌਤੀ ਨਹੀਂ ਦੇ ਸਕਦੇ ਤਾਂ ਉਹ ਮੈਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕਰਦੇ ਹਨ। ਮੇਰੀ ਇਮਾਨਦਾਰੀ ਉਨ੍ਹਾਂ ਲੋਕਾਂ ਲਈ ਸਮੱਸਿਆ ਬਣ ਗਈ ਹੈ, ਜੋ ਸੁਆਰਥੀ ਰਾਜਨੀਤੀ ਦੇ ਆਦੀ ਹਨ। ਪਰ ਪੰਜਾਬ ਦੇ ਲੋਕ ਸੱਚ ਜਾਣਦੇ ਹਨ ਅਤੇ ਕੋਈ ਵੀ ਸਿਆਸੀ ਪ੍ਰਚਾਰ ਸਾਡੇ ਵੱਲੋਂ ਉਨ੍ਹਾਂ ਲਈ ਕੀਤੇ ਗਏ ਕੰਮਾਂ ਨੂੰ ਮਿਟਾ ਨਹੀਂ ਸਕਦਾ।

ਆਪਣੇ ਦਫ਼ਤਰ 'ਤੇ ਸੀ.ਬੀ.ਆਈ. ਦੇ ਛਾਪੇ ਦਾ ਹਵਾਲਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਭਾਜਪਾ ਸੋਚਦੀ ਸੀ ਕਿ ਛਾਪੇਮਾਰੀ ਅਤੇ ਦਬਾਅ ਮੈਨੂੰ ਡਰਾ ਦੇਣਗੇ, ਪਰ ਮੇਰੇ ਦਫ਼ਤਰ 'ਤੇ ਛਾਪੇਮਾਰੀ ਤੋਂ ਬਾਅਦ ਸੀ.ਬੀ.ਆਈ. ਖਾਲੀ ਹੱਥ ਪਰਤੀ। ਮੈਂ ਪੰਜਾਬ ਅਤੇ ਇਸ ਦੇ ਲੋਕਾਂ ਦੇ ਹਿੱਤਾਂ ਨਾਲ ਕਦੇ ਸਮਝੌਤਾ ਨਹੀਂ ਕਰਾਂਗਾ। ਮੇਰੀ ਤਾਕਤ ਲੋਕਾਂ ਦੇ ਵਿਸ਼ਵਾਸ ਤੋਂ ਆਉਂਦੀ ਹੈ, ਅਤੇ ਮੈਂ ਇਮਾਨਦਾਰੀ ਅਤੇ ਦ੍ਰਿੜਤਾ ਨਾਲ ਉਨ੍ਹਾਂ ਦੀ ਸੇਵਾ ਕਰਨਾ ਜਾਰੀ ਰੱਖਾਂਗਾ।

ਮੁੱਖ ਮੰਤਰੀ ਨੇ ਕਿਹਾ ਕਿ ਚੁਣੇ ਹੋਏ ਨੁਮਾਇੰਦਿਆਂ ਨੂੰ ਆਪਣੇ ਆਪ ਨੂੰ ਦਫ਼ਤਰਾਂ ਅਤੇ ਰਸਮੀ ਮੀਟਿੰਗਾਂ ਤੱਕ ਸੀਮਤ ਰੱਖਣ ਦੀ ਬਜਾਏ ਲੋਕਾਂ ਦੀ ਪਹੁੰਚ ਵਿੱਚ ਰਹਿਣਾ ਚਾਹੀਦਾ ਹੈ। ਉਨ੍ਹਾਂ ਨੇ ਦੁਹਰਾਇਆ ਕਿ ਉਨ੍ਹਾਂ ਦੀ ਰਿਹਾਇਸ਼ ਦੇ ਦਰਵਾਜ਼ੇ ਪੰਜਾਬ ਦੇ ਲੋਕਾਂ ਲਈ ਹਮੇਸ਼ਾ ਖੁੱਲ੍ਹੇ ਰਹੇ ਹਨ ਅਤੇ ਭਵਿੱਖ ਵਿੱਚ ਵੀ ਖੁੱਲ੍ਹੇ ਰਹਿਣਗੇ। ਮੁੱਖ ਮੰਤਰੀ ਨੇ ਕਿਹਾ, ਪੰਜਾਬ ਦੇ ਲੋਕ ਮੇਰੇ ਲਈ ਬਾਹਰੀ ਨਹੀਂ ਹਨ; ਉਹ ਮੇਰਾ ਆਪਣਾ ਪਰਿਵਾਰ ਹਨ। ਮੇਰੇ ਦਰਵਾਜ਼ੇ ਉਨ੍ਹਾਂ ਲਈ ਹਮੇਸ਼ਾ ਖੁੱਲ੍ਹੇ ਰਹੇ ਹਨ ਅਤੇ ਹਮੇਸ਼ਾ ਖੁੱਲ੍ਹੇ ਰਹਿਣਗੇ। ਜਨਤਕ ਅਹੁਦਾ ਸੰਭਾਲਣ ਦਾ ਅਸਲ ਮਕਸਦ ਲੋਕਾਂ ਦੀਆਂ ਸ਼ਿਕਾਇਤਾਂ ਸੁਣਨਾ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣਾ ਅਤੇ ਹੱਲ ਲੱਭਣ ਲਈ ਕੰਮ ਕਰਨਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦੁਹਰਾਇਆ ਕਿ ਉਨ੍ਹਾਂ ਦੀ ਸਰਕਾਰ ਪੰਜਾਬੀਆਂ ਦੀਆਂ ਆਸਾਂ ਨੂੰ ਪੂਰਾ ਕਰਨ ਲਈ ਸਮਰਪਣ, ਪਾਰਦਰਸ਼ਤਾ ਅਤੇ ਜਵਾਬਦੇਹੀ ਨਾਲ ਕੰਮ ਕਰਨਾ ਜਾਰੀ ਰੱਖੇਗੀ। ਉਨ੍ਹਾਂ ਕਿਹਾ ਕਿ ਹੁਣ ਤੱਕ ਹੋਏ ਵਿਕਾਸ ਤੇ ਤਰੱਕੀ ਇੱਕ ਖੁਸ਼ਹਾਲ, ਆਤਮ-ਨਿਰਭਰ ਅਤੇ ਵਿਕਸਿਤ ਪੰਜਾਬ ਦੇ ਨਿਰਮਾਣ ਵੱਲ ਵੱਡਾ ਕਦਮ ਹੈ, ਜਿੱਥੇ ਸਮਾਜ ਦਾ ਹਰ ਵਰਗ ਮਾਣ ਅਤੇ ਵਿਸ਼ਵਾਸ ਨਾਲ ਜੀ ਸਕਦਾ ਹੈ।

ਉਨ੍ਹਾਂ ਕਿਹਾ, ਪੰਜਾਬ ਦੇ ਲੋਕ

## ਦੁੱਧਨਸਾਧਾਂ ਵਿਖੇ ਸਾਬਕਾ ਸੈਨਿਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਣ ਲਈ ਵਿਸ਼ੇਸ਼ ਕੈਂਪ ਲਗਾਇਆ



**ਪਟਿਆਲਾ, 13 ਅਕਤੂਬਰ**
**-ਸ਼ਹੀਦ-ਏ-ਆਜ਼ਮ-ਬਿਊਰੋ-**

ਕੈਬਨਿਟ ਮੰਤਰੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਪੰਜਾਬ ਸ੍ਰੀ ਮੋਹਿੰਦਰ ਭਗਤ ਵਲੋਂ ਜਾਰੀ ਹੋਏ ਹੁਕਮਾਂ ਦੀ ਪਾਲਣਾ ਕਰਦੇ ਹੋਏ ਅਤੇ ਡਿਪਟੀ ਕਮਿਸ਼ਨਰ ਪਟਿਆਲਾ ਵਲੋਂ ਜਾਰੀ ਹੋਏ ਆਦੇਸ਼ਾਂ ਅਨੁਸਾਰ ਸਾਬਕਾ ਸੈਨਿਕਾਂ ਦੀਆਂ ਸ਼ਿਕਾਇਤਾਂ ਦੇ ਨਿਵਾਰਣ ਲਈ ਉਪ-ਮੰਡਲ ਮੈਜਿਸਟ੍ਰੇਟ ਦੂੱਧਨਸਾਧਾਂ ਮੇਜਰ ਹਰਜੋਤ ਕੋਰ, ਪੀ.ਸੀ.ਐਸ ਜੀ ਪ੍ਰਧਾਨਗੀ ਹੇਠ ਕੈਂਪ ਲਗਾਇਆ ਗਿਆ। ਕੈਂਪ ਦਾ ਆਗਾਜ ਕਮਾਂਡਰ ਬਲਜਿੰਦਰ ਵਿਰਕ (ਰਿਟਾ.) ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਪਟਿਆਲਾ ਵਲੋਂ ਮੁੱਖ ਮਹਿਮਾਨ ਸੁਆਗਤ ਕਰਨ ਉਪਰੰਤ ਉਨ੍ਹਾਂ ਵਲੋਂ ਸ਼ਹੀਦ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਲਈ ਕੇਂਦਰੀ ਸੈਨਿਕ ਬੋਰਡ ਅਤੇ ਪੰਜਾਬ ਸਰਕਾਰ ਵਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਸਕੀਮਾਂ ਬਾਰੇ ਵਿਸਥਾਰ-ਪੂਰਵਕ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਹਾਲ ਵਿੱਚ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਵਲੋਂ ਵੱਖ-ਵੱਖ ਭਲਾਈ ਸਕੀਮਾਂ ਵਿੱਚ ਕੀਤੇ ਗਏ ਵਾਧੇ ਦੀ ਵੀ ਜਾਣਕਾਰੀ ਦਿੱਤੀ।

ਇਸ ਉਪਰੰਤ ਮਾਣਯੋਗ ਉਪ ਮੰਡਲ ਮੈਜਿਸਟ੍ਰੇਟ ਦੂੱਧਨਸਾਧਾਂ ਜੀ ਵਲੋਂ ਕੈਂਪ ਵਿੱਚ ਹਾਜ਼ਰ ਸਾਬਕਾ ਸੈਨਿਕਾਂ ਨੂੰ ਜੀ ਆਇਆ ਉਨ੍ਹਾਂ ਆਖਦੇ ਹੋਏ ਵਿਸ਼ਵਾਸ ਦੁਆਇਆ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਦਰਪੇਸ਼ ਮਸ਼ਕਿਲਾਂ ਦਾ ਹੱਲ ਪਹਿਲ ਦੇ ਆਧਾਰ ਤੇ ਕੀਤਾ ਜਾਵੇਗਾ। ਇਸ ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ (ਡਾ.) ਮੇਜਰ ਯੋਗੇਸ਼ ਨੇ ਸਾਬਕਾ ਸੈਨਿਕਾਂ ਨੂੰ ਸਿਹਤ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਕੈਂਪ ਦੇ ਆਖੀਰ ਵਿੱਚ ਦੁੱਧਨਸਾਧਾਂ ਤਹਿਸੀਲ ਨਾਲ ਸਬੰਧਿਤ 04 ਸ਼ਹੀਦ ਸੈਨਿਕ ਪਰਿਵਾਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਇਸ ਮੌਕੇ ਤੇ ਝੰਡਾ ਦਿਵਸ ਫੰਡ ਵਿਚੋਂ 02 ਲਾਭਪਾਤਰੀਆਂ ਨੂੰ ਮਾਲੀ ਸਹਾਇਤਾ ਦੇ ਚੈੱਕ ਵੀ ਪ੍ਰਦਾਨ ਕੀਤੇ ਗਏ। ਇਸ ਮੀਟਿੰਗ ਵਿੱਚ ਕਮਾਂਡਰ ਬਲਜਿੰਦਰ ਵਿਰਕ (ਰਿਟਾ.) ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ ਪਟਿਆਲਾ, ਡਾ. ਵਿਕਰਾਂਤ ਕਾਂਸਲ ਮੈਂਬਰ ਜ਼ਿਲ੍ਹਾ ਸੈਨਿਕ ਬੋਰਡ, ਉਨ੍ਹਾਂ ਆਖਦੇ ਹੋਏ ਵਿਸ਼ਵਾਸ ਦੁਆਇਆ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਦਰਪੇਸ਼ ਮਸ਼ਕਿਲਾਂ ਦਾ ਹੱਲ ਪਹਿਲ ਦੇ ਆਧਾਰ ਤੇ ਕੀਤਾ ਜਾਵੇਗਾ। ਇਸ ਕੈਂਪ ਵਿੱਚ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ (ਡਾ.) ਮੇਜਰ ਯੋਗੇਸ਼ ਨੇ ਸਾਬਕਾ ਸੈਨਿਕਾਂ ਨੂੰ ਸਿਹਤ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਕੈਂਪ ਦੇ ਆਖੀਰ ਵਿੱਚ ਦੁੱਧਨਸਾਧਾਂ ਤਹਿਸੀਲ ਨਾਲ ਸਬੰਧਿਤ 04 ਸ਼ਹੀਦ ਸੈਨਿਕ ਪਰਿਵਾਰਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਇਸ ਮੌਕੇ ਤੇ ਝੰਡਾ ਦਿਵਸ ਨੁਮਾਇੰਦਾ ਤੀਹਿਸੀਲਦਾਰ ਦਫਤਰ ਅਤੇ ਦਫਤਰ ਦੇ ਸਟਾਫ ਮੈਂਬਰ ਹਾਜ਼ਰ ਹੋਏ ਸਨ।




